ਵੀਰਵਾਰ, 20 ਅਪ੍ਰੈਲ, 2023
7 ਵਿਸਾਖ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 71
ਅੰਕ/NO. : 319

ਨਵਾਂ ਜ਼ਮਾਨਾ

DAILY NAWAN ZAMANA • THURSDAY, 20 APRIL, 2023

ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਇੰਦਰਜੀਤ ਦੀ ਪੁਸ਼ਤ-ਪਨਾਹੀ ਕਰਨ ਵਾਲੇ ਸਾਰੇ ਅਫਸਰ ਨੱਪਣ ਦਾ ਹੁਕਮ

ਬਰਖਾਸਤ ਏ ਆਈ ਜੀ ਰਾਜਜੀਤ ਖਿਲਾਫ ਲੁੱਕਆਊਟ ਸਰਕੂਲਰ ਜਾਰੀ

ਚੰਡੀਗੜ੍ਹ : ਪੰਜਾਬ ਸਰਕਾਰ ਨੇ ਡਰੱਗ ਮਾਫੀਆ ਤੇ ਪੁਲਸ ਵਿਚਾਲੇ ਰਿਸ਼ਤਿਆਂ ਦੀ ਜਾਂਚ ਦਾ ਘੇਰਾ ਵਿਆਪਕ ਕਰਦਿਆਂ ਡੀ ਜੀ ਪੀ ਗੌਰਵ ਯਾਦਵ ਨੂੰ ਕਿਹਾ ਹੈ ਕਿ ਉਹ ਬਰਖਾਸਤ ਇੰਸਪੈਕਟਰ ਇੰਦਰਜੀਤ ਸਿੰਘ ਦੀ ਸਿੱਧੀ ਜਾਂ ਅਸਿੱਧੀ ਪੁਸ਼ਤ-ਪਨਾਹੀ ਕਰਨ ਵਾਲੇ ਹਰ ਅਫਸਰ ਦੀ ਜਾਂਚ ਕਰਾਉਣ, ਭਾਵੇਂ ਉਹ ਕਿੰਨਾ ਵੀ ਵੱਡਾ ਕਿਉਂ ਨਾ ਹੋਵੇ। ਡੀ ਜੀ ਪੀ ਨੇ ਇਸ ਕੰਮ ਲਈ ਏ ਡੀ ਜੀ ਪੀ ਸ੍ਰੀ ਆਰ ਕੇ ਜੈਸਵਾਲ ਨੂੰ ਲਾ ਦਿੱਤਾ ਹੈ।

ਗ੍ਰਹਿ ਵਿਭਾਗ ਦੇ ਸਪੈਸ਼ਲ ਸੈਕਟਰੀ ਵੱਲੋਂ ਜਾਰੀ ਹੁਕਮਾਂ ਵਿਚ ਡੀ ਜੀ ਪੀ ਨੂੰ ਕਿਹਾ ਗਿਆ ਹੈ ਕਿ ਉਹ ਵੇਲੇ ਦੇ ਏ ਡੀ ਜੀ ਪੀ ਹਰਪ੍ਰੀਤ ਸਿੱਧੂ ਦੀ ਅਗਵਾਈ ਵਾਲੀ ਐੱਸ ਟੀ ਐੱਫ ਵੱਲੋਂ ਡਰੱਗ ਮਾਮਲੇ 'ਚ ਇੰਦਰਜੀਤ ਖਿਲਾਫ 12 ਜੂਨ 2017 ਨੂੰ ਦਰਜ ਕਰਵਾਈ ਗਈ ਐੱਫ ਆਈ ਆਰ 'ਚ ਏ ਆਈ ਜੀ ਰਾਜਜੀਤ ਸਿੰਘ ਨੂੰ ਵੀ ਨਾਮਜ਼ਦ ਕਰਨ। ਰਾਜਜੀਤ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੁਕਮਾਂ 'ਤੇ ਬੀਤੇ ਦਿਨੀਂ ਬਰਖਾਸਤ ਕਰ ਦਿੱਤਾ ਗਿਆ ਸੀ। ਡੀ ਜੀ ਪੀ ਨੂੰ ਕਿਹਾ ਗਿਆ ਹੈ ਕਿ ਉਹ ਪੁਲਸ ਥਾਣਾ ਸਪੈਸ਼ਲ ਟਾਸਕ ਫੋਰਸ ਮੁਹਾਲੀ 'ਚ ਦਰਜ ਐੱਫ ਆਈ ਆਰ ਦੀ ਦੀ ਜਾਂਚ ਲਈ ਸੀਨੀਅਰ ਆਈ ਪੀ ਐੱਸ ਅਫਸਰ ਨੂੰ ਤਾਇਨਾਤ ਕਰਨ। ਜਾਂਚ ਕਰਦਿਆਂ ਐੱਸ ਆਈ ਟੀ ਦੀਆਂ ਤਿੰਨਾਂ ਰਿਪੋਰਟਾਂ ਨੂੰ ਧਿਆਨ ਵਿਚ ਰੱਖਿਆ ਜਾਵੇ। ਜਾਂਚ ਇਕ ਮਹੀਨੇ ਵਿਚ ਮੁਕੰਮਲ ਕਰਕੇ ਰਿਪੋਰਟ ਦੇਣ ਲਈ ਕਿਹਾ ਗਿਆ ਹੈ।

ਹੁਕਮਾਂ ਵਿਚ ਸਪੱਸ਼ਟ ਕਿਹਾ ਗਿਆ ਹੈ ਕਿ ਇਹ ਸੰਭਵ ਨਹੀਂ ਕਿ ਛੋਟੇ ਜਿਹੇ ਇੰਸਪੈਕਟਰ ਰੈਂਕ ਦਾ ਅਧਿਕਾਰੀ ਇਕੱਲਾ ਹੀ ਪੈਸੇ ਭੋਟਣ ਤੇ ਡਰੱਗ ਦਾ ਏਨਾ ਵੱਡਾ ਨੈੱਟਵਰਕ ਚਲਾਉਂਦਾ ਰਿਹਾ ਹੋਵੇ। ਹੁਕਮਾਂ ਵਿਚ ਕਿਹਾ ਗਿਆ ਹੈ ਕਿ ਉਨ੍ਹਾਂ ਸੀਨੀਅਰ ਅਫਸਰਾਂ ਖਿਲਾਫ ਕਾਰਵਾਈ ਕੀਤੀ ਜਾਵੇ, ਜਿਨ੍ਹਾਂ ਰਾਜਜੀਤ ਦੀਆਂ ਇੰਦਰਜੀਤ ਦੀਆਂ ਬਦਲੀਆਂ, ਤਰੱਕੀਆਂ ਤੇ ਲੋਕਲ ਰੈਂਕ ਦੇਣ ਦੀਆਂ ਸਿਫਾਰਸ਼ਾਂ ਨੂੰ ਮਨਜ਼ੂਰੀਆਂ ਦਿੱਤੀਆਂ। ਇਨ੍ਹਾਂ ਸੀਨੀਅਰ ਅਫਸਰਾਂ ਦੀ ਪਛਾਣ ਲਈ ਸੰਬੰਧਤ ਫਾਈਲਾਂ ਵੀਰਵਾਰ ਸ਼ਾਮ ਚਾਰ ਵਜੇ ਤੱਕ ਸਰਕਾਰ ਨੂੰ ਘੱਲੀਆਂ ਜਾਣ।

ਗ੍ਰਹਿ ਸਕੱਤਰ ਨੇ ਇਹ ਵੀ ਕਿਹਾ ਹੈ ਕਿ ਐੱਸ ਆਈ ਟੀ ਵੱਲੋਂ ਕੀਤੀ ਗਈ ਜਾਂਚ ਤੋਂ ਜਾਪਦਾ ਹੈ ਕਿ ਇੰਦਰਜੀਤ ਕਈ ਪੁਲਸ ਅਫਸਰਾਂ ਦੀਆਂ ਅੱਖਾਂ ਦਾ ਤਾਰਾ ਸੀ। ਇਸ ਕਰਕੇ ਤਿੰਨ ਦਿਨਾਂ ਵਿਚ ਦੱਸਿਆ ਜਾਵੇ ਕਿ ਰਾਜਜੀਤ ਤੋਂ ਇਲਾਵਾ ਕਿਸੇ ਹੋਰ ਸੀਨੀਅਰ ਅਫਸਰ ਨੇ ਬੇਨਤੀ ਕੀਤੀ ਸੀ ਕਿ ਇੰਦਰਜੀਤ ਨੂੰ ਉਸ ਦੇ ਨਾਲ ਲਾਇਆ ਜਾਵੇ। ਇਹ ਹੁਕਮ ਮੁੱਖ ਮੰਤਰੀ ਦੀ ਮਨਜ਼ੂਰੀ ਨਾਲ ਜਾਰੀ ਕੀਤੇ ਗਏ ਹਨ।

ਇਸੇ ਦੌਰਾਨ ਮੁੱਖ ਮੰਤਰੀ ਦੇ ਹੁਕਮਾਂ 'ਤੇ ਬੀਤੇ ਦਿਨੀਂ ਬਰਖਾਸਤ ਕੀਤੇ ਗਏ ਏ ਆਈ ਜੀ ਰਾਜਜੀਤ ਸਿੰਘ ਦੇ ਖਿਲਾਫ ਲੁੱਕਆਊਟ ਸਰਕੂਲਰ ਜਾਰੀ ਕੀਤਾ ਗਿਆ ਹੈ। ਵਿਜੀਲੈਂਸ ਬਿਊਰੋ ਨੇ ਉਸ ਦੇ ਖਿਲਾਫ ਜਾਂਚ ਸ਼ੁਰੂ ਕਰ ਦਿੱਤੀ ਹੈ। ਸਰਕਾਰ ਨੇ ਰਾਜਜੀਤ ਸਿੰਘ ਖਿਲਾਫ ਜਾਂਚ ਲਈ ਲੋੜੀਂਦਾ ਪੱਤਰ ਵਿਜੀਲੈਂਸ ਬਿਊਰੋ ਨੂੰ ਭੇਜ ਦਿੱਤਾ ਹੈ। ਰਾਜਜੀਤ 'ਤੇ ਇੰਦਰਜੀਤ ਦੀ ਪੁਸ਼ਤ-ਪਨਾਹੀ ਦਾ ਦੋਸ਼ ਹੈ। ਵਿਜੀਲੈਂਸ ਦੇ ਸੂਤਰਾਂ ਦਾ ਕਹਿਣਾ ਹੈ ਕਿ ਸਰੋਤਾਂ ਨਾਲੋਂ ਵੱਧ ਆਮਦਨ ਮਾਮਲੇ ਵਿਚ ਉਸਦੇ ਸਾਰੇ ਪਰਵਾਰਕ ਮੈਂਬਰਾਂ ਦੀਆਂ ਜਾਇਦਾਦਾਂ, ਬੈਂਕ ਖਾਤਿਆਂ ਤੇ ਹੋਰ ਅਸਾਸਿਆਂ ਦੀ ਜਾਂਚ ਕੀਤੀ ਜਾਵੇਗੀ। ਦੱਸਿਆ ਜਾ ਰਿਹਾ ਹੈ ਕਿ ਰਾਜਜੀਤ ਸਿੰਘ ਦੀਆਂ ਮੁਹਾਲੀ ਤੇ ਹੋਰ ਥਾਵਾਂ 'ਤੇ ਜਾਇਦਾਦਾਂ ਦਾ ਪਤਾ ਲੱਗਾ ਹੈ। ਇਸ ਵੇਲੇ ਰਾਜਜੀਤ ਸਿੰਘ ਫਰਾਰ ਦੱਸਿਆ ਜਾ ਰਿਹਾ ਹੈ।

ਨਸ਼ਾ ਤਸਕਰਾਂ ਖਿਲਾਫ ਇਕਜੁੱਟ ਲੜਾਈ ਦੀ ਲੋੜ : ਸ਼ਾਹ

ਨਵੀਂ ਦਿੱਲੀ : ਨਾਰਕੋਟਿਕਸ ਕੰਟਰੋਲ ਬਿਊਰੋ (ਐੱਨ ਸੀ ਬੀ) ਦੀ ਮੀਟਿੰਗ 'ਚ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਸਖਤ ਰੁਖ ਅਪਣਾਉਣਾ ਪਵੇਗਾ।

ਉਨ੍ਹਾ ਸਾਰੇ ਰਾਜਾਂ ਨੂੰ ਸਿਆਸੀ ਮੱਤਭੇਦ ਖਤਮ ਕਰਕੇ ਨਸ਼ੀਲੇ ਪਦਾਰਥਾਂ ਖਿਲਾਫ ਇਕਜੁੱਟ ਹੋ ਕੇ ਲੜਨ ਦਾ ਸੱਦਾ ਦਿੱਤਾ। ਸ਼ਾਹ ਨੇ ਕਿਹਾ ਕਿ ਆਜ਼ਾਦੀ ਦੇ 100ਵੇਂ ਸਾਲ ਭਾਵ 2047 ਤੱਕ ਭਾਰਤ ਨੂੰ ਨਸ਼ੀਲੇ ਪਦਾਰਥਾਂ ਤੋਂ ਮੁਕਤ ਕਰਨ ਦਾ ਟੀਚਾ ਰੱਖਿਆ ਗਿਆ ਹੈ।

ਚਰਨਜੀਤ ਸਿੰਘ ਅਟਵਾਲ ਨੇ ਵੀ ਅਕਾਲੀ ਦਲ ਨੂੰ ਬੁਲਾਈ ਫਤਿਹ

ਚੰਡੀਗੜ੍ਹ : ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਚਰਨਜੀਤ ਸਿੰਘ ਅਟਵਾਲ ਨੇ ਬੁੱਧਵਾਰ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ। ਕੁੱਝ ਦਿਨ ਪਹਿਲਾਂ ਉਨ੍ਹਾ ਦੇ ਪੁੱਤਰ ਇੰਦਰ ਇਕਬਾਲ ਸਿੰਘ ਅਟਵਾਲ ਭਾਜਪਾ 'ਚ ਸ਼ਾਮਲ ਹੋ ਗਏ ਸਨ ਤੇ ਭਾਜਪਾ ਨੇ ਜਲੰਧਰ ਲੋਕ ਸਭਾ ਦੀ ਜ਼ਿਮਨੀ ਚੋਣ ਲਈ ਉਨ੍ਹਾ ਨੂੰ ਉਮੀਦਵਾਰ ਬਣਾਇਆ ਹੈ। ਚਰਨਜੀਤ ਸਿੰਘ ਅਟਵਾਲ ਲੋਕ ਸਭਾ ਦੇ ਡਿਪਟੀ ਸਪੀਕਰ ਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਰਹੇ ਹਨ। 86 ਸਾਲਾ ਅਟਵਾਲ ਨੇ ਕਿਹਾ ਕਿ ਉਨ੍ਹਾ ਇਖਲਾਕੀ ਆਧਾਰ 'ਤੇ ਅਕਾਲੀ ਦਲ ਛੱਡਿਆ ਹੈ, ਕਿਉਂਕਿ ਉਨ੍ਹਾ ਦੇ ਪੁੱਤਰ ਇੰਦਰ ਇਕਬਾਲ ਸਿੰਘ ਤੇ ਜਸਜੀਤ ਸਿੰਘ ਅਤੇ ਭਤੀਜਾ ਸੁਖਜਿੰਦਰਜੀਤ ਸਿੰਘ ਅਕਾਲੀ ਦਲ ਛੱਡ ਕੇ ਭਾਜਪਾ ਵਿਚ ਸ਼ਾਮਲ ਹੋ ਗਏ ਹਨ।

ਦੁਨੀਆ 'ਚ ਹੁਣ ਅਸੀਂ ਸਭ ਤੋਂ ਵੱਧ

ਨਵੀਂ ਦਿੱਲੀ : ਆਬਾਦੀ ਦੇ ਮਾਮਲੇ 'ਚ ਭਾਰਤ ਨੇ ਚੀਨ ਨੂੰ ਪਿੱਛੇ ਛੱਡ ਦਿੱਤਾ ਹੈ। ਇਸ ਸਾਲ ਦੇ ਸ਼ੁਰੂ 'ਚ ਕੌਮਾਂਤਰੀ ਮਾਹਰਾਂ ਨੇ ਭਵਿੱਖਬਾਣੀ ਕੀਤੀ ਸੀ ਕਿ 2023 'ਚ ਭਾਰਤ ਸਭ ਤੋਂ ਵੱਧ ਆਬਾਦੀ ਵਾਲਾ ਮੁਲਕ ਹੋਵੇਗਾ। ਹੁਣ ਸੰਯੁਕਤ ਰਾਸ਼ਟਰ ਆਬਾਦੀ ਫੰਡ ਦੇ ਤਾਜ਼ਾ ਅੰਕੜਿਆਂ ਨੇ ਇਸ ਦੀ ਪੁਸ਼ਟੀ ਕਰ ਦਿੱਤੀ ਹੈ। ਅੰਕੜੇ ਦਰਸਾਉਂਦੇ ਹਨ ਕਿ ਭਾਰਤ ਹੁਣ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਹੈ। ਭਾਰਤ ਵਿਚ ਹੁਣ ਚੀਨ ਨਾਲੋਂ 30 ਲੱਖ ਦੇ ਕਰੀਬ ਲੋਕ ਜ਼ਿਆਦਾ ਹਨ ਅਤੇ ਇਸ ਦੀ ਆਬਾਦੀ 140 ਕਰੋੜ ਨੂੰ ਪਾਰ ਕਰ ਗਈ ਹੈ। ਚੀਨ 'ਚ ਜਨਮ ਦਰ 'ਚ ਕਮੀ ਆਈ ਹੈ ਅਤੇ ਇਹ ਇਸ ਸਾਲ ਮਨਫੀ 'ਚ ਦਰਜ ਕੀਤੀ ਗਈ ਸੀ। ਦਿ ਸਟੇਟ ਆਫ ਵਰਲਡ ਪਾਪੂਲੇਸ਼ਨ ਰਿਪੋਰਟ 2023 'ਚ ਕਿਹਾ ਗਿਆ ਹੈ ਕਿ ਭਾਰਤ ਦੀ ਹੁਣ 1 ਅਰਬ 42 ਕਰੋੜ 86 ਲੱਖ ਆਬਾਦੀ ਹੈ, ਜਦੋਂ ਕਿ ਚੀਨ ਦੀ ਆਬਾਦੀ 1 ਅਰਬ 42 ਕਰੋੜ 57 ਲੱਖ ਹੈ।

ਮਾਲ ਗੱਡੀਆਂ ਦੀ ਟੱਕਰ 'ਚ ਡਰਾਈਵਰ ਦੀ ਮੌਤ

ਭੋਪਾਲ : ਮੱਧ ਪ੍ਰਦੇਸ਼ ਦੇ ਸ਼ਹਡੋਲ ਜ਼ਿਲ੍ਹੇ 'ਚ ਬੁੱਧਵਾਰ ਸਵੇਰੇ ਦੋ ਮਾਲ ਗੱਡੀਆਂ ਵਿਚਾਲੇ ਟੱਕਰ 'ਚ ਇਕ ਲੋਕੋ ਪਾਇਲਟ ਦੀ ਮੌਤ ਹੋ ਗਈ, ਜਦਕਿ ਘੱਟੋ-ਘੱਟ ਤਿੰਨ ਹੋਰ ਰੇਲਵੇ ਮੁਲਾਜ਼ਮ ਜ਼ਖਮੀ ਹੋ ਗਏ। ਟੱਕਰ ਤੋਂ ਬਾਅਦ ਕਈ ਬੋਗੀਆਂ ਪਲਟ ਗਈਆਂ ਅਤੇ ਇਕ ਇੰਜਣ ਨੂੰ ਅੱਗ ਲੱਗ ਗਈ।

ਸੱਟੇਬਾਜ਼ੀ 'ਚ ਪੈਸੇ ਗੁਆਉਣ ਵਾਲੇ ਨੇ ਸਿਰਾਜ ਨਾਲ ਕੀਤਾ ਸੰਪਰਕ

ਨਵੀਂ ਦਿੱਲੀ : ਭਾਰਤੀ ਤੇਜ਼ ਗੇਂਦਬਾਜ਼ ਮੁਹੰਮਦ ਸਿਰਾਜ ਨੇ ਬੀ ਸੀ ਸੀ ਆਈ ਦੀ ਭ੍ਰਿਸ਼ਟਾਚਾਰ ਰੋਕੂ ਇਕਾਈ (ਏ ਸੀ ਯੂ) ਨੂੰ ਦੱਸਿਆ ਕਿ ਇਸ ਸਾਲ ਫਰਵਰੀ ਵਿਚ ਆਸਟਰੇਲੀਆ ਦੌਰੇ ਤੋਂ ਪਹਿਲਾਂ ਟੀਮ ਬਾਰੇ ਅੰਦਰੂਨੀ ਜਾਣਕਾਰੀ ਲੈਣ ਲਈ ਕਿਸੇ ਅਣਪਛਾਤੇ ਵਿਅਕਤੀ ਨੇ ਉਸ ਨਾਲ ਸੰਪਰਕ ਕੀਤਾ ਸੀ। ਸਿਰਾਜ ਆਈ ਪੀ ਐੱਲ 'ਚ ਰਾਇਲ ਚੈਲੇਂਜਰਜ਼ ਬੇਂਗਲੂਰੂ ਲਈ ਖੇਡਦਾ ਹੈ। ਬੋਰਡ ਦੇ ਇਕ ਸੂਤਰ ਨੇ ਕਿਹਾ ਕਿ ਸਿਰਾਜ ਨਾਲ ਸੰਪਰਕ ਕਰਨ ਵਾਲਾ ਵਿਅਕਤੀ ਫਿਕਸਰ ਨਹੀਂ ਸੀ। ਉਹ ਹੈਦਰਾਬਾਦ ਦਾ ਡਰਾਈਵਰ ਸੀ, ਜੋ ਮੈਚਾਂ 'ਤੇ ਸੱਟੇਬਾਜ਼ੀ ਦਾ ਆਦੀ ਸੀ। ਉਸ ਦਾ ਕਾਫੀ ਪੈਸਾ ਡੁੱਬ ਗਿਆ ਸੀ। ਇਸ ਲਈ ਉਸ ਨੇ ਅੰਦਰੂਨੀ ਜਾਣਕਾਰੀ ਲਈ ਸਿਰਾਜ ਨਾਲ ਵਟਸਐਪ 'ਤੇ ਸੰਪਰਕ ਕੀਤਾ। ਆਂਧਰਾ ਪੁਲਸ ਨੇ ਉਸ ਵਿਅਕਤੀ ਨੂੰ ਫੜ ਲਿਆ ਹੈ।

ਰਾਹੁਲ ਬਾਰੇ ਫੈਸਲਾ ਅੱਜ ਸੰਭਵ

ਅਹਿਮਦਾਬਾਦ : ਸੂਰਤ ਐਡੀਸ਼ਨਲ ਸੈਸ਼ਨ ਜੱਜ ਆਰ ਪੀ ਮੋਗੇਰਾ ਮੋਦੀ ਸਰਨੇਮ ਵਾਲੀ ਟਿੱਪਣੀ 'ਤੇ ਅਪਰਾਧਕ ਮਾਣਹਾਨੀ ਦੇ ਕੇਸ ਵਿਚ ਦੋ ਸਾਲ ਦੀ ਸਜ਼ਾ ਨੂੰ ਸਟੇਅ ਕਰਨ ਦੀ ਰਾਹੁਲ ਗਾਂਧੀ ਦੀ ਅਰਜ਼ੀ 'ਤੇ ਵੀਰਵਾਰ ਫੈਸਲਾ ਦੇ ਸਕਦੇ ਹਨ। ਫੈਸਲਾ ਹੱਕ ਵਿਚ ਹੋਣ 'ਤੇ 52 ਸਾਲਾ ਰਾਹੁਲ ਦੀ ਲੋਕ ਸਭਾ ਮੈਂਬਰੀ ਬਹਾਲ ਹੋ ਸਕਦੀ ਹੈ।

ਸਾਈਬਾਬਾ ਦੀ ਰਿਹਾਈ ਰੱਦ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਮਾਓਵਾਦੀਆਂ ਨਾਲ ਸੰਬੰਧਾਂ ਦੇ ਮਾਮਲੇ 'ਚ ਦਿੱਲੀ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਜੀ ਐੱਨ ਸਾਈਬਾਬਾ ਨੂੰ ਬਰੀ ਕਰਨ ਦੇ ਬੰਬੇ ਹਾਈ ਕੋਰਟ ਦੇ ਹੁਕਮ ਨੂੰ ਰੱਦ ਕਰ ਦਿੱਤਾ ਹੈ। ਸੁਪਰੀਮ ਕੋਰਟ ਨੇ ਸਾਈਬਾਬਾ ਵਿਰੁੱਧ ਮਾਓਵਾਦੀ ਸੰਬੰਧਾਂ ਦੇ ਮਾਮਲੇ ਨੂੰ ਗੁਣ-ਦੋਸ਼ ਦੇ ਅਧਾਰ 'ਤੇ ਨਵੇਂ ਸਿਰੇ ਤੋਂ ਵਿਚਾਰ ਕਰਨ ਲਈ ਬੰਬੇ ਹਾਈ ਕੋਰਟ ਨੂੰ ਭੇਜ ਦਿੱਤਾ ਹੈ।

ਸ਼ਰਧਾ ਵਾਕਰ ਕਤਲ ਕੇਸ ਦੀ ਚਾਰਜਸ਼ੀਟ ਦੇ ਪ੍ਰਸਾਰਨ 'ਤੇ ਰੋਕ

ਨਵੀਂ ਦਿੱਲੀ : ਦਿੱਲੀ ਹਾਈ ਕੋਰਟ ਨੇ ਸਾਰੇ ਨਿਊਜ਼ ਚੈਨਲਾਂ ਨੂੰ ਸ਼ਰਧਾ ਵਾਕਰ ਕਤਲ ਦੀ ਚਾਰਜਸ਼ੀਟ ਦੀ ਸਮੱਗਰੀ ਨੂੰ ਪ੍ਰਦਰਸ਼ਤ ਜਾਂ ਪ੍ਰਸਾਰਤ ਕਰਨ ਤੋਂ ਰੋਕ ਦਿੱਤਾ ਹੈ। ਹਾਈ ਕੋਰਟ ਨੇ ਕੇਂਦਰ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਕੋਈ ਵੀ ਨਿਊਜ਼ ਚੈਨਲ ਦਿੱਲੀ ਪੁਲਸ ਵੱਲੋਂ ਦਾਇਰ ਪਟੀਸ਼ਨ ਦੇ ਨਿਪਟਾਰੇ ਤੱਕ ਸ਼ਰਧਾ ਵਾਕਰ ਦੇ ਕਤਲ ਦੀ ਚਾਰਜਸ਼ੀਟ ਨੂੰ ਪ੍ਰਸਾਰਤ ਨਾ ਕਰੇ।

ਸਮਲਿੰਗੀ ਵਿਆਹ ਮੁੱਦਾ : ਕੇਂਦਰ ਵੱਲੋਂ ਰਾਜਾਂ ਨੂੰ ਵੀ ਧਿਰ ਬਣਾਉਣ ਦੀ ਮੰਗ

ਨਵੀਂ ਦਿੱਲੀ : ਕੇਂਦਰ ਨੇ ਸੁਪਰੀਮ ਕੋਰਟ ਕੋਲ ਸਮਲਿੰਗੀ ਵਿਆਹਾਂ ਨੂੰ ਕਾਨੂੰਨੀ ਮਾਨਤਾ ਦੇਣ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ 'ਤੇ ਸੁਣਵਾਈ ਲਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਧਿਰ ਬਣਾਉਣ ਦੀ ਅਪੀਲ ਕੀਤੀ ਹੈ। ਕੇਂਦਰ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਸ ਨੇ 18 ਅਪਰੈਲ ਨੂੰ ਰਾਜਾਂ ਨੂੰ ਪੱਤਰ ਭੇਜ ਕੇ ਸਮਲਿੰਗੀ ਵਿਆਹਾਂ ਨੂੰ ਮਾਨਤਾ ਦੇਣ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ 'ਚ ਉਠਾਏ ਬੁਨਿਆਦੀ ਮੁੱਦੇ 'ਤੇ ਟਿੱਪਣੀਆਂ ਮੰਗੀਆਂ ਹਨ।

ਸਥਾਨਕ ਭਾਸ਼ਾਵਾਂ 'ਚ ਪ੍ਰੀਖਿਆ ਲੈਣ ਦੀ ਵਕਾਲਤ

ਨਵੀਂ ਦਿੱਲੀ : ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਨੇ ਯੂਨੀਵਰਸਿਟੀਆਂ ਨੂੰ ਕਿਹਾ ਹੈ ਕਿ ਉਹ ਵਿਦਿਆਰਥੀਆਂ ਨੂੰ ਸਥਾਨਕ ਭਾਸ਼ਾਵਾਂ ਵਿਚ ਇਮਤਿਹਾਨ ਲਿਖਣ ਦੀ ਇਜਾਜ਼ਤ ਦੇਣ, ਭਾਵੇਂ ਸਿਲੇਬਸ ਅੰਗਰੇਜ਼ੀ ਮਾਧਿਅਮ ਵਿਚ ਹੋਵੇ। ਕਮਿਸ਼ਨ ਦੇ ਚੇਅਰਮੈਨ ਜਗਦੀਸ਼ ਕੁਮਾਰ ਨੇ ਇਹ ਜਾਣਕਾਰੀ ਦਿੱਤੀ। ਕਮਿਸ਼ਨ ਨੇ ਨੋਟ ਕੀਤਾ ਕਿ ਉੱਚ ਵਿਦਿਅਕ ਸੰਸਥਾਵਾਂ ਪਾਠ ਪੁਸਤਕਾਂ ਤਿਆਰ ਕਰਨ ਤੇ ਮਾਤ-ਭਾਸ਼ਾ/ਸਥਾਨਕ ਭਾਸ਼ਾਵਾਂ 'ਚ ਪੜ੍ਹਾਉਣ-ਸਿਖਾਉਣ ਦੀ ਪ੍ਰਕਿਰਿਆ ਨੂੰ ਸਮਰਥਨ ਦੇਣ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

ਫੌਜ ਐੱਲ ਏ ਸੀ 'ਤੇ ਤਿੱਖੀ ਨਜ਼ਰ ਰੱਖੇ : ਰਾਜਨਾਥ

ਨਵੀਂ ਦਿੱਲੀ : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਬੁੱਧਵਾਰ ਫੌਜ ਨੂੰ ਚੀਨ ਨਾਲ ਲੱਗਦੀ ਅਸਲ ਕੰਟਰੋਲ ਰੇਖਾ (ਐੱਲ ਏ ਸੀ) 'ਤੇ ਤਿੱਖੀ ਨਜ਼ਰ ਰੱਖਣ ਲਈ ਕਿਹਾ। ਉਨ੍ਹਾ ਕਿਹਾ ਕਿ ਕੰਟਰੋਲ ਰੇਖਾ 'ਤੇ ਚੀਨੀ ਫੌਜ ਦੀ ਤਾਇਨਾਤੀ ਕਾਰਨ ਉੱਤਰੀ ਸੈਕਟਰ 'ਚ ਸਥਿਤੀ ਤਣਾਅਪੂਰਨ ਬਣ ਗਈ ਹੈ। ਥਲ ਸੈਨਾ ਕਮਾਂਡਰਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾ ਬਿਨਾਂ ਕੋਈ ਸੰਦਰਭ ਦਿੱਤੇ ਹਥਿਆਰਬੰਦ ਬਲਾਂ ਨੂੰ ਸੱਦਾ ਦਿੱਤਾ ਕਿ ਉਹ ਦੁਨੀਆ ਭਰ 'ਚ ਹੋ ਰਹੀਆਂ ਭੂ-ਰਾਜਨੀਤਕ ਤਬਦੀਲੀਆਂ ਨੂੰ ਧਿਆਨ 'ਚ ਰੱਖਣ ਅਤੇ ਉਸ ਅਨੁਸਾਰ ਆਪਣੀਆਂ ਯੋਜਨਾਵਾਂ ਤੇ ਰਣਨੀਤੀਆਂ ਨੂੰ ਢਾਲਣ ਦੀ ਕੋਸ਼ਿਸ਼ ਕਰਨ।

ਮੀਂਹ ਕਾਰਨ ਕਿਸਾਨ ਚਿੰਤਤ

ਚੰਡੀਗੜ੍ਹ : ਪੰਜਾਬ ਅਤੇ ਹਰਿਆਣਾ ਦੇ ਕਈ ਇਲਾਕਿਆਂ ਵਿਚ ਮੰਗਲਵਾਰ ਰਾਤ ਪਏ ਮੀਂਹ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿਵਾਈ, ਪਰ ਕਣਕ ਦੀ ਵਾਢੀ ਦਾ ਸੀਜ਼ਨ ਹੋਣ ਕਾਰਨ ਕਿਸਾਨਾਂ ਨੂੰ ਚਿੰਤਾ ਨੇ ਘੇਰ ਲਿਆ। ਕਈ ਮੰਡੀਆਂ 'ਚ ਕਣਕ ਭਿੱਜ ਗਈ। ਚੰਡੀਗੜ੍ਹ 'ਚ 2.2 ਮਿਲੀਮੀਟਰ, ਲੁਧਿਆਣਾ 'ਚ 13.2, ਪਟਿਆਲਾ 'ਚ 2.5, ਬਠਿੰਡਾ 'ਚ 5.4, ਫਰੀਦਕੋਟ 'ਚ 8.4, ਹੁਸ਼ਿਆਰਪੁਰ 'ਚ 4, ਜਲੰਧਰ 'ਚ 3 ਅਤੇ ਰੂਪਨਗਰ '

20-APRIL-PAGE-1.qxd 4/19/2023 10:37 PM Page 2

ਕਣਕ ਦਾ ਬਣਦਾ ਖਰਾਬਾ ਨਾ ਦਿੱਤਾ ਤਾਂ ਵੱਡਾ ਐਕਸ਼ਨ ਕਰਾਂਗੇ : ਰਾਜਾ ਵੜਿੰਗ

ਸ਼ਾਹਕੋਟ, (ਗਿਆਨ ਸੈਦਪੁਰੀ)-ਵਿਧਾਨ ਸਭਾ ਹਲਕਾ ਸ਼ਾਹਕੋਟ ਤੋਂ 95 ਪੰਚਾਂ-ਸਰਪੰਚਾਂ ਵੱਲੋਂ ਆਪ ਦਾ ਪੱਲਾ ਫੜ ਲੈਣ ਵਾਲੀ ਖਬਰ ਨਾਲ ਕਾਂਗਰਸੀ ਸਫਾਂ ਅੰਦਰ ਪੈਦਾ ਹੋਈ ਹੈਰਾਨੀ ਤੇ ਪ੍ਰੇਸ਼ਾਨੀ ਬੁੱਧਵਾਰ ਨੂੰ ਉਸ ਵੇਲੇ ਕਾਫੂਰ ਹੋ ਗਈ, ਜਦੋਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੋਰੋਵਾਲੀਆ ਦੇ ਫਾਰਮ ਹਾਊਸ 'ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਹੋਰ ਕੱਦਾਵਰ ਕਾਂਗਰਸੀ ਆਗੂਆਂ ਦੀ ਮੌਜੂਦਗੀ ਵਿੱਚ ਕੀਤੀ ਪ੍ਰੈੱਸ ਕਾਨਫਰੰਸ ਵਿੱਚ ਬਹੁਤ ਸਾਰੇ ਉਨ੍ਹਾਂ ਪੰਚਾਂ, ਸਰਪੰਚਾਂ ਨੂੰ ਪੱਤਰਕਾਰਾਂ ਦੇ ਸਾਹਮਣੇ ਪੇਸ਼ ਕੀਤਾ, ਜਿਨ੍ਹਾਂ ਬਾਰੇ ਆਪ ਨੇ ਕਿਹਾ ਸੀ ਕਿ ਉਨ੍ਹਾਂ ਕਾਂਗਰਸ ਦਾ ਹੱਥ ਛੱਡ ਕੇ ਆਪ ਦਾ ਪੱਲਾ ਫੜ ਲਿਆ। ਰਾਜਾ ਵੜਿੰਗ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਆਪ ਸਰਕਾਰ ਪੰਜਾਬ ਵਿੱਚ ਸਿਆਸੀ ਬਦਲਾਅ ਦੇ ਨਾਹਰੇ ਅਤੇ ਵੱਖ-ਵੱਖ ਕੰਮਾਂ ਲਈ ਦਿੱਤੀਆਂ ਗਰੰਟੀਆਂ ਦੇ ਸਹਾਰੇ ਹੋਂਦ ਵਿੱਚ ਆਈ ਸੀ। ਵੀਹ ਹਜ਼ਾਰ ਕਰੋੜ ਰੁਪਏ ਰੇਤਾ ਵਿੱਚੋਂ ਕਮਾ ਕੇ ਪੰਜਾਬ ਸਰਕਾਰ ਦਾ ਖਜ਼ਾਨਾ ਭਰਨ ਦੀ ਗੱਲ ਆਖੀ ਗਈ ਸੀ। ਹਰ ਘਰ ਵਿੱਚ ਮੁਫਤ ਆਟਾ ਪਹੁੰਚਾਉਣ ਦਾ ਵੀ ਲਾਰਾ ਲਾਇਆ ਗਿਆ ਸੀ। ਉਕਤ ਸਾਰਾ ਕੁਝ ਝੂਠ ਸਾਬਤ ਹੋਇਆ ਹੈ। ਰਾਜ ਕਰਦੀ ਪਾਰਟੀ ਦੇ ਆਗੂਆਂ ਦੀ ਯੋਗਤਾ ਦਾ ਤਾਂ ਇਸ ਗੱਲ ਤੋਂ ਹੀ ਪਤਾ ਲੱਗ ਜਾਂਦਾ ਹੈ ਕਿ ਪਾਰਟੀ ਨੂੰ ਜਲੰਧਰ ਜ਼ਿਮਨੀ ਚੋਣ ਲਈ ਉਮੀਦਵਾਰ ਨਹੀਂ ਲੱਭ ਸਕਿਆ। ਸੁਸ਼ੀਲ ਕੁਮਾਰ ਰਿੰਕੂ ਨੂੰ ਕਾਂਗਰਸ ਪਾਰਟੀ ਵਿਚੋਂ ਲਿਆ ਕੇ ਉਮੀਦਵਾਰ ਬਣਾਉਣਾ ਪਿਆ। ਉਹਨਾ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਖਰਾਬ ਹੋਈ ਕਣਕ ਦਾ ਠੀਕ ਮੁਆਵਜ਼ਾ ਨਾ ਦਿੱਤਾ ਗਿਆ ਤਾਂ ਕਾਂਗਰਸ ਪਾਰਟੀ ਸਰਕਾਰ ਵਿਰੁੱਧ ਵੱਡਾ ਐਕਸ਼ਨ ਲਵੇਗੀ। ਉਨ੍ਹਾ ਕਣਕ ਦੀ ਗਿਰਦਾਵਰੀ ਦੀ ਢਿੱਲੀ ਚਾਲ ਦੀ ਨਿਖੇਧੀ ਕਰਦਿਆਂ ਕਿਹਾ ਕਿ ਵਾਢੀ ਜ਼ੋਰਾਂ 'ਤੇ। ਉਨ੍ਹਾ ਸਵਾਲ ਕੀਤਾ ਕਿ ਫਸਲ ਵੱਢ ਲੈਣ ਤੋਂ ਬਾਅਦ ਖਰਾਬੇ ਦੀ ਗਿਰਦਾਵਰੀ ਕਿਸ ਤਰ੍ਹਾਂ ਹੋਵੇਗੀ। ਪ੍ਰੈੱਸ ਕਾਨਫਰੰਸ ਤੋਂ ਪਹਿਲਾਂ ਹਲਕਾ ਵਿਧਾਇਕਹਰਦੇਵ ਸਿੰਘ ਲਾਡੀ ਸ਼ੋਰੋਵਾਲੀਆ ਨੇ ਕਿਹਾ ਕਿ ਕੁਝ ਸਰਪੰਚਾਂ ਨੂੰ ਗੁੰਮਰਾਹ ਕਰਕੇ ਜਲੰਧਰ ਲਿਜਾਇਆ ਗਿਆ। ਕੁਝ ਆਪੋ-ਆਪਣੇ ਘਰੀਂ ਸਨ, ਜਿਨ੍ਹਾਂ ਦਾ ਨਾਂਅ ਜਾਰੀ ਕੀਤੀ ਸੂਚੀ ਵਿੱਚ ਪਾ ਦਿੱਤਾ ਗਿਆ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਰਾਜਾ ਵੜਿੰਗ ਤੇ ਹੋਰ।

ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਸੀਨੀਅਰ ਕਾਂਗਰਸੀ ਆਗੂ ਸ਼ਿੰਦਰ ਬਾਈ, ਬੰਟੀ ਬਠਲਾ ਅਤੇ ਬਹੁਤ ਸਾਰੇ ਸਰਪੰਚਾਂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਸੁਖਬਿੰਦਰ ਸਿੰਘ ਸੁਖ ਸਰਕਾਰੀਆ, ਵਿਧਾਇਕ ਰਾਣਾ ਗੁਰਜੀਤ ਸਿੰਘ, ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਡਿੰਪਾ, ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ, ਹਰਦੇਵ ਸਿੰਘ ਪੀਟਾ, ਗੁਲਜ਼ਾਰ ਸਿੰਘ ਬਿੰਦ, ਅਲਵਿੰਦਰਪਾਲ ਸਿੰਘ ਨੀਟੂ, ਜਗਤਾਰ ਸਿੰਘ ਖਾਲਸਾ, ਗੁਰਮੱਖ ਸਿੰਘ ਸੰਧੂ ਪੰਡੋਰੀ ਆਦਿ ਹਾਜ਼ਰ ਸਨ।

ਐੱਸ ਡੀ ਓ ਤੇ ਡਰਾਈਵਰ 40 ਹਜ਼ਾਰ ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਵਿਜੀਲੈਂਸ ਬਿਊਰੋ ਨੇ ਬੁੱਧਵਾਰ ਹੁਸ਼ਿਆਰਪੁਰ ਵਿਖੇ ਤਾਇਨਾਤ ਮਾਈਨਿੰਗ ਵਿਭਾਗ ਦੇ ਐੱਸ ਡੀ ਓ ਸਰਬਜੀਤ ਅਤੇ ਉਸ ਦੇ ਡਰਾਈਵਰ ਮਨੀ ਰਾਮ ਨੂੰ 40,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਰਜਿੰਦਰ ਸਿੰਘ ਵਾਸੀ ਪਿੰਡ ਪੁਰਹੀਰਾਂ ਜ਼ਿਲ੍ਹਾ ਹੁਸ਼ਿਆਰਪੁਰ ਦੀ ਸ਼ਿਕਾਇਤ 'ਤੇ ਗ੍ਰਿਫਤਾਰ ਕੀਤਾ ਗਿਆ।

ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਹ ਪਲਾਟਾਂ/ ਉਸਾਰੀ ਅਧੀਨ ਮਕਾਨਾਂ ਵਿੱਚ ਭਰਤ ਪਾਉਣ ਖਾਤਰ ਮਿੱਟੀ ਨਾਲ ਭਰੀਆਂ ਟਰਾਲੀਆਂ ਨੂੰ ਲਿਆਉਣ ਤੇ ਲਿਜਾਣ ਦਾ ਕੰਮ ਕਰਦਾ ਹੈ। ਉਸ ਨੇ ਦੋਸ਼ ਲਾਇਆ ਕਿ ਉਕਤ ਐੱਸ ਡੀ ਓ ਅਤੇ ਉਸ ਦੇ ਡਰਾਈਵਰ ਨੇ ਉਸ ਨੂੰ ਆਪਣਾ ਕੰਮਕਾਜ ਨਿਰਵਿਘਨ ਚਲਦਾ ਰੱਖਣ ਲਈ 40,000 ਰੁਪਏ ਪ੍ਰਤੀ ਮਹੀਨਾ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਜਲੰਧਰ ਰੇਂਜ ਦੀ ਵਿਜੀਲੈਂਸ ਬਿਊਰੋ ਦੀ ਯੂਨਿਟ ਨੇ ਜਾਲ ਵਿਛਾਇਆ ਅਤੇ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 40,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਕਾਬੂ ਕਰ ਲਿਆ। ਟੀਮ ਨੇ ਰਿਸ਼ਵਤ ਦੀ ਰਕਮ ਵੀ ਮੌਕੇ 'ਤੇ ਹੀ ਬਰਾਮਦ ਕਰ ਲਈ।

ਲਾਈਫ ਲਾਈਨ ਵੇਲਫੇਅਰ ਕਲੱਬ ਨੇ ਲਗਾਇਆ ਚੈੱਕਅਪ ਕੈਂਪ

ਬਾਘਾ ਪੁਰਾਣਾ, ਅਪ੍ਰੈਲ (ਮਨੀ ਸਿੰਗਲਾ) ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਵਿਚ ਮੋਹਰੀ ਭੂਮਿਕਾ ਨਿਭਾ ਰਹੀ ਸੇਵਾ ਲਾਈਫ ਲਾਈਨ ਵੈਲਫੇਅਰ ਕਲੱਬ ਬਾਘਾ ਪੁਰਾਣਾ ਵੱਲੋਂ ਅੱਜ ਸਥਾਨਕ ਸ਼ਹਿਰ ਦੇ ਮੋਗਾ ਰੋਡ ਉਪਰ ਸਥਿਤ ਬਾਬਾ ਰੋਡੂ ਮੰਦਰ ਵਿੱਚ ਵੱਖ-ਵੱਖ ਜਨਰਲ ਬਿਮਾਰੀਆਂ ਦਾ ਚੈਕਅਪ ਕੈਂਪ ਲਗਾਇਆ, ਜਿਸ ਦਾ ਸ਼ਹਿਰ ਵਾਸੀਆਂ ਨੇ ਲਾਹਾ ਲੈਂਦਿਆਂ ਆਪਣਾ ਚੈਕਅਪ ਕਰਵਾਇਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਮਨ ਅਰੋੜਾ ਅਤੇ ਦਵਿੰਦਰ ਬੱਲੂ ਦੱਸਿਆ ਕਿ ਲਗਾਏ ਗਏ ਚੈਕਅਪ ਕੈਂਪ ਦੌਰਾਨ ਕੰਨ, ਦਿਲ, ਨੱਕ ਅਤੇ ਹੋਰ ਵੱਖ-ਵੱਖ ਜਨਰਲ ਬਿਮਾਰੀਆਂ ਦਾ ਚੈਕਅਪ ਕੀਤਾ ਗਿਆ। ਚੈਕਅਪ ਕੈਂਪ ਦੌਰਾਨ ਡਾ. ਨਿਖਿਲ ਬਾਂਸਲ ਅਤੇ ਡਾ. ਜੈਸਮੀਨ ਕੌਰ ਵੱਲੋਂ 205 ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ। ਇਸ ਮੌਕੇ ਰਮਨ ਅਰੋੜਾ ਅਤੇ ਦਵਿੰਦਰ ਬੱਲੂ ਨੇ ਦੱਸਿਆ ਕਿ ਲਾਈਫ ਲਾਈਨ ਵੈਲਫੇਅਰ ਕਲੱਬ ਇਕ ਅਜਿਹਾ ਕਲੱਬ ਹੈ, ਜੋ ਹਮੇਸ਼ਾ ਲੋੜੀਂਦਾਂ ਦੀ ਸਹਾਇਤਾ ਕਰਦੀ ਰਹਿੰਦੀ ਹੈ।

ਇਸ ਮੌਕੇ ਤੀਰਥ ਬਾਂਸਲ, ਮਨੀ ਸਿਗਲਾ, ਸ਼ਾਮ ਬਾਂਸਲ, ਵਿਜੇ ਮਿੱਤਲ, ਲੱਕੀ ਕੁਕਰੇਜਾ, ਰਵਿੰਦਰ ਸਿੰਘ, ਪ੍ਰਵੀਨ ਸੇਤੀਆ, ਪਵਨ ਕੁਕਰੇਜਾ, ਹੇਮ ਰਾਜ, ਰਾਮ ਤੀਰਥ, ਬੀਰਬਲ ਸ਼ਰਮਾ ਵੱਲੋਂ ਸ਼ਹਿਰ 'ਚੋਂ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਚੈੱਕਅਪ ਕੈਂਪ ਦੌਰਾਨ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੀ ਵਿਸ਼ੇਸ਼ ਤੌਰ 'ਤੇ ਪੁੱਜੇ, ਜਿਨ੍ਹਾਂ ਲਾਈਫ ਲਾਈਨ ਕਲੱਬ ਵੱਲੋਂ ਕੀਤੇ ਗਏ। ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਸਮੁੱਚੀ ਟੀਮ ਵੱਲੋਂ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਨੂੰ ਕੈਂਪ ਵਿਚ ਪੁੱਜਣ 'ਤੇ ਜੀ ਆਇਆਂ ਆਖਿਆ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਵਿਜੇ ਸ਼ਰਮਾ, ਪੰਜਾਬ ਕੋ ਐਜੂਕੇਸ਼ਨ ਦੇ ਡਾਇਰੈਕਟਰ ਸੰਦੀਪ ਮਹਿਤਾ, ਟੱਚ ਸਕਾਈ ਦੇ ਮੁਖੀ ਪੰਕਜ ਗੁਪਤਾ, ਤ੍ਰਿਵੈਣੀ ਕਲੱਬ ਦੇ ਪ੍ਰਧਾਨ ਗੁਰਜੰਟ ਸਿੰਘ ਧਾਲੀਵਾਲ, ਸਟਾਰ ਕ੍ਰਿਕਟ ਕਲੱਬ ਦੇ ਪ੍ਰਧਾਨ ਰਾਹੁਲ ਗਰਗ, ਪੰਕਜ ਬਾਂਸਲ ਇੰਗਲਿਸ਼ ਸਟੂਡੀਓ ਵਾਲੇ, ਵਿਨੋਦ ਗੂੰਬਰ, ਸੁਨੀਲ ਕੁਮਾਰ, ਰਿੰਕੂ ਤੇ ਹੋਰ ਸ਼ਾਮਲ ਸਨ।

ਵਧ ਰਹੀ ਗਰਮੀ ਕਾਰਨ ਛੋਟੇ ਸਕੂਲੀ ਵਿਦਿਆਰਥੀਆਂ ਨੂੰ ਛੁੱਟੀਆਂ ਕੀਤੀਆਂ ਜਾਣ : ਢੋਸੀਵਾਲ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ) ਮੌਸਮ ਵਿੱਚ ਇਕਦਮ ਬਹੁਤ ਜ਼ਿਆਦਾ ਤਬਦੀਲੀ ਆਉਣ ਨਾਲ ਦਿਨੋ ਦਿਨ ਗਰਮੀ ਵਧ ਰਹੀ ਹੈ। ਵਧ ਰਹੀ ਇਹ ਗਰਮੀ ਆਮ ਲੋਕਾਂ ਲਈ ਬਰਦਾਸ਼ਤ ਤੋਂ ਬਾਹਰ ਹੁੰਦੀ ਜਾ ਰਹੀ ਹੈ ।ਇਸ ਅੱਤ ਦੀ ਗਰਮੀ ਕਾਰਨ ਛੋਟੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਸਕੂਲ ਜਾਣ ਵਾਲੇ ਛੋਟੇ ਵਿਦਿਆਰਥੀਆਂ ਦਾ ਤਾਂ ਹੋਰ ਵੀ ਬੁਰਾ ਹਾਲ ਹੈ। ਇਹ ਵਿਦਿਆਰਥੀ ਵਧ ਰਹੀ ਗਰਮੀ ਕਾਰਨ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ, ਜਿਸ ਕਾਰਨ ਮਾਪਿਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਅਤੇ ਆਲ ਇੰਡੀਆ ਐਸ.ਸੀ./ਬੀ.ਸੀ./ਐਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਪੰਜਾਬ ਸਰਕਾਰ ਅਤੇ ਵਿੰਦਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ ਵਧ ਰਹੀ ਗਰਮੀ ਨੂੰ ਧਿਆਨ ਵਿੱਚ ਰੱਖਦੇ ਹੋਏ ਪ੍ਰਾਇਮਰੀ ਪੱਧਰ ਤੱਕ ਦੇ ਸਾਰੇ ਸਕੂਲੀ ਵਿਦਿਆਰਥੀਆਂ ਨੂੰ ਛੁੱਟੀਆਂ ਕੀਤੀਆਂ ਜਾਣ ਤਾਂ ਜੋ ਉਨ੍ਹਾਂ ਨੂੰ ਇਸ ਭਿਆਨਕ ਗਰਮੀ ਤੋਂ ਬਚਾਇਆ ਜਾ ਸਕੇ। ਢੋਸੀਵਾਲ ਨੇ ਇਹ ਵੀ ਦੱਸਿਆ ਹੈ ਕਿ ਬਹੁਤੇ ਸਕੂਲਾਂ ਵਿੱਚ ਮੁਢਲੀਆਂ ਸਹੂਲਤਾਂ ਵੀ ਮੁਹੱਈਆ ਨਹੀਂ ਹਨ। ਐਨਾ ਹੀ ਨਹੀਂ ਰਾਜ ਵਿੱਚ ਬਿਜਲੀ ਦੇ ਵੱਡੇ-ਵੱਡੇ ਕੱਟ ਵੀ ਲਗਾਏ ਜਾ ਰਹੇ ਹਨ ਜਿਸ ਕਾਰਨ ਵਿਦਿਆਰਥੀਆਂ ਲਈ ਹੋਰ ਵੀ ਮੁਸ਼ਕਲ ਪੇਸ਼ ਆਉਂਦੀ ਹੈ। ਉਨ੍ਹਾ ਅੱਗੇ ਕਿਹਾ ਹੈ ਕਿ ਬਹੁਤ ਸਾਰੇ ਸਕੂਲਾਂ ਵਿੱਚ ਪੀਣ ਵਾਲੇ ਪਾਣੀ ਦੀ ਵੀ ਉਚਿਤ ਪ੍ਰਬੰਧ ਨਹੀਂ ਹੈ ਅਤੇ ਵਿਦਿਆਰਥੀਆਂ ਨੂੰ ਭਾਰੀ ਕਿਲੱਤ ਪੇਸ਼ ਆ ਰਹੀ ਹੈ।

ਉੱਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਸੂਚਨਾ

ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ਼ ਤੋਂ ਫਿਰੋਜ਼ਪੁਰ ਮੰਡਲ ਦੇ ਸਾਰੇ ਰੇਲਵੇ ਸਟੇਸ਼ਨਾਂ ਉਤੇ ਵਨ ਸਟੇਸ਼ਨ ਵਨ ਪ੍ਰੋਡਕਟ ਯੋਜਨਾ ਦੇ ਤਹਿਤ ਸਟਾਲ/ਕਿਯੋਸਕ ਸਥਾਪਿਤ ਕਰਨ ਦੇ ਲਈ ਆਵੇਦਨ ਮੰਗ ਕਰਦਾ ਹੈ । OSOP ਸਟਾਲਸ ਮਿਤੀ 24.04.2023 ਤੋਂ ਸ਼ੁਰੂ ਹੋਣਗੇ । ਨਿਯਮ ਅਤੇ ਸ਼ਰਤਾਂ ਇਸ ਪ੍ਰਕਾਰ ਹੈ :

1. ਸਟਾਲ/ਕਿਯੋਸਕ ਲਗਾਣ ਦੀ ਘੱਟੋ-ਘੱਟ ਸਮਾਂ 15 ਦਿਨ ਦੀ ਹੋਵੇਗੀ ।
2. ਆਵੇਦਕਾਂ ਦੁਵਾਰਾ ਜਮਾਂ ਕੀਤੀ ਜਾਣ ਵਾਲੇ ਟੋਕਨ ਸ਼ੁਲਕ ਦਾ ਵੇਰਵਾ ਹੇਠਾ ਅਨੁਸਾਰ ਹੈ:-

ਲ.ਨੰ:	ਸ਼੍ਰੇਣੀ	15 ਦਿਨਾਂ ਦੇ ਲਈ ਕੁਲ ਟੋਕਨ ਸ਼ੁਲਕ (ਰੁ: ਵਿਚ)
1.	ਐਨਐਸਜੀ-1 ਤੋਂ ਐਨਐਸਜੀ-4 ਸਟੇਸ਼ਨਾਂ ਦੇ ਲਈ	1000/-
2.	ਐਨਐਸਜੀ-5 ਤੋਂ ਐਨਐਸਜੀ-6 ਸਟੇਸ਼ਨਾਂ ਦੇ ਲਈ	500/-

ਉਪਰੋਕਤ ਸਾਰੇ ਸ਼ੁਲਕ ਜੀਐਸਟੀ ਸਹਿਤ ਹੈ ।

3. ਪੁਦਸ਼ਿਤ/ਵੇਚੇ ਜਾਣ ਵਾਲੇ ਉਤਪਾਦ ਹੇਠਾ ਅਨੁਸਾਰ ਹੈ:
(i) ਹਸਤਸ਼ਿਲਪ/ਕਲਾਕ੍ਰਿਤੀਆ
(ii) ਕਪੜਾ ਅਤੇ ਹੱਥਕਰਘਾ
(iii) ਪਾਰੰਪਰਿਕ ਵਸਤਰ
(iv) ਸਥਾਨੀਸ ਕ੍ਰਿਸ਼ੀ ਉਤਪਾਦ/ਪ੍ਰਸੰਸਕ੍ਰਿਤ/ਅਰਧ ਪ੍ਰਸੰਸਕ੍ਰਿਤ ਖਾਦਯ ਪਦਾਰਥ ।
4. OSOP ਵਿਚ ਪੁਤੀਭਾਗੀਆਂ ਦਾ ਚਯਨ ਇਸ ਗੱਲ ਉਤੇ ਵਿਚਾਰ ਕਰਕੇ ਕੀਤਾ ਜਾਂ ਸਕਦਾ ਹੈ ਕਿ ਇਸ ਯੋਜਨਾ ਦਾ ਲਾਭ ਹਾਸੀਯੋ ਉਤੇ ਰਹਿਣ ਵਾਲੇ ਵਰਗਾਂ ਤਕ ਪਹੁੰਚਨਾ ਚਾਹੀਦਾ, ਅਰਥਾਤ ਪਿਰਾਮਿਡ ਦੇ ਨਿਚਲੇ ਭਾਗ ਵਿਚ ਰਹਿਣ ਵਾਲੇ ਵਿਅਕਤੀ । ਹੇਠਾ ਲਿਖੇ ਨੂੰ ਪ੍ਰਾਥਮਿਕਤਾ ਦਿਤੀ ਜਾਵੇਗੀ :-
(ਏ) ਵਿਕਾਸ ਆਯੁਕਤ ਹਸਤਸ਼ਿਲਪ, ਵਿਕਾਸ ਆਯੁਕਤ ਹੱਥਕਰਘਾ, ਜਾਂ ਅਪੇਖਸ਼ਿਤ ਰਾਜਯ/ਕੇਂਦਰ ਸਰਕਾਰ ਪ੍ਰਾਧਿਕਰਣ ਦੁਵਾਰਾ ਜਾਰੀ ਕਾਰੀਗਰ/ਬੁਨਕਰ ਆਈਡੀ ਕਾਰਡ ਧਾਰਕ ।
(ਬੀ) ਭਾਰਤੀਯ ਜਨਜਾਤੀਯ ਸਹਿਕਾਰੀ ਵਿਪਣਨ ਵਿਕਾਸ ਸੰਘ ਲਿਮਟੇਡ (ਟ੍ਰਾਈਫੋਡ)/ਰਾਸ਼ਟਰੀ ਹੱਥਕਰਘਾ ਵਿਕਾਸ ਨਿਗਮ (ਐਨਐਚਡੀਸੀ)/ਖਾਦੀ ਅਤੇ ਗ੍ਰਾਮੋਯੋਗ ਆਯੋਗ (ਕੇਵੀਆਈਸੀ) ਆਦਿ ਦੇ ਨਾਲ ਨਾਮਾਂਕਿਨ/ਰਜਿਸਟਰਡ ਵਿਅਕਤੀਗਤ ਕਾਰੀਗਰੀ/ਬੁਨਕਰ/ਸ਼ਿਲਪਕਾਰ ।
(ਸੀ) ਪੀਐਮਈਜੀਪੀ (ਪ੍ਰਧਾਨ ਮੰਤਰੀ ਰੋਜਗਾਰ ਸਰਜਨ ਪ੍ਰੋਗਰਾਮ) ਦੇ ਨਾਲ ਰਜਿਸਟਰਡ ਖੁਦ ਸਹਾਇਤਾ ਸਮੂਹ ।
(ਡੀ) ਸਮਾਜ ਦੇ ਹਾਸ਼ੀਯੇ ਉਤੇ ਜਾਂ ਕਮਜੋਰ ਵਰਗ ।
5. ਆਵੇਦਨ ਨੂੰ ਸਟੇਸ਼ਨ ਸੁਪਰੀਡੈਂਟ ਨੂੰ ਇਕ ਵਚਨ ਪੱਤਰ ਪੇਸ਼ ਕਰਨਾ ਹੋਵੇਗਾ ਜਿਸ ਵਿਚ ਇਹ ਦਸਿਆ ਗਿਆ ਹੋਵੇ ਕਿ ਟ੍ਰੇਨ ਸੰਚਾਲਨ, ਯਾਤਰੀ ਸੁਰੱਖਿਆ ਅਤੇ ਰੇਲਵੇ ਦੀ ਛਵੀ ਉਤੇ ਪ੍ਰਤੀਕੂਲ ਪ੍ਰਭਾਵ ਪਾਉਣ ਵਾਲੀ ਕੋਈ ਗਤੀਵਿਧੀ ਨਹੀਂ ਕੀਤੀ ਜਾਵੇਗੀ ।
6. ਆਵੇਦਕ ਨੂੰ ਸੰਬੋਧਿਤ ਕੀਤਾ ਜਾਣਾ ਚਾਹੀਦਾ ਅਤੇ ਆਵੇਦਕ ਦੁਵਾਰਾ ਸਟੇਸ਼ਨ ਉਤੇ ਸਟੇਸ਼ਨ ਸੁਪਰੀਡੈਂਟ ਨੂੰ ਜਮਾਂ ਕੀਤਾ ਜਾਂ ਸਕਦਾ ਹੈ ।
7. ਸਟੇਸ਼ਨ ਸੁਪਰੀਡੈਂਟ ਸਾਰੇ ਅਨੁਮੋਦਿਤ ਪੁਤੀਭਾਗੀਆਂ ਦਾ ਪ੍ਰਾਥਮਿਕਤਾ ਰੋਸਟਰ ਬਣਾਨਗੇ ਅਤੇ ਸਟੇਸ਼ਨ ਪ੍ਰਬੰਧਕ/ਅਨੁਭਾਗੀਯ ਸੀਐਮਆਈ ਦੁਵਾਰਾ ਅਨੁਮੋਦਿਤ ਆਵੇਦਕਾਂ ਦੀ ਹਾਜ਼ਰੀ ਵਿਚ ਸਟੇਸ਼ਨ ਉਤੇ ਆਯੋਜਿਤ ਡ੍ਰਾ ਦੇ ਦੁਵਾਰਾ ਤੋਂ ਪ੍ਰਾਥਮਿਕਤਾ ਸਥਾਪਿਤ ਕੀਤੀ ਜਾਵੇਗੀ ।
8. ਇਸ ਯੋਜਨਾ ਦੇ ਲਈ ਸਟੇਸ਼ਨ ਉਤੇ ਜਗ੍ਹਾਂ ਅਤੇ ਬੁਨਿਯਾਦੀ ਢਾਂਚਾ ਰੇਲਵੇ ਦੁਵਾਰਾ ਉਪਲਬਧ ਕਰਾਇਆ ਜਾਵੇਗਾ ।
9. ਕਿਸੀ ਵੀ ਪ੍ਰਸ਼ਨ ਦੇ ਲਈ ਆਵੇਦਕ ਸਬੰਧਿਤ ਸਟੇਸ਼ਨਾਂ ਦੇ ਸਟੇਸ਼ਨ ਸੁਪਰੀਡੈਂਟ ਜਾਂ ਸੀਐਮਆਈ

20-April-PAGE-3.qxd 4/19/2023 10:53 PM Page 1

18 ਕਿੱਲੋ ਅਫੀਮ ਸਮੇਤ ਕਾਬੂ ਕੀਤੇ ਦੋ ਸਮੱਗਲਰ

ਨਵਾਂਸ਼ਹਿਰ (ਮਨੋਜ ਲਾਡੀ)

ਝਾਰਖੰਡ ਤੋਂ ਪੰਜਾਬ 'ਚ ਅਫੀਮ ਦੀ ਸਪਲਾਈ ਕਰਨ ਵਾਲੇ ਦੋ ਸਮੱਗਲਾਰ ਨੂੰ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਸ ਨੇ 18 ਕਿਲੋਗ੍ਰਾਮ ਅਫੀਮ ਸਮੇਤ ਕਾਬੂ ਕੀਤਾ। ਜਿਲ੍ਹਾ ਪੁਲਸ ਮੁਖੀ ਭਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਸੀ. ਆਈ. ਏ ਸਟਾਫ ਦੀ ਟੀਮ ਦੇ ਇੰਚਾਰਜ ਅਵਤਾਰ ਸਿੰਘ ਨੇ ਪੁਲਸ ਪਾਰਟੀ ਨਾਲ ਗਸ਼ਤ ਕਰਦੇ ਸਮੇਂ ਪਿੰਡ ਖਮਾਚੋ ਸਾਈਡ ਪੁੱਲ 'ਤੇ ਦੋ ਨੌਜਵਾਨ ਨੂੰ ਸ਼ਕ ਪੈਣ 'ਤੇ ਕਾਬੂ ਕੀਤਾ ਅਤੇ ਉਨ੍ਹਾਂ ਦੀ ਤਲਾਸ਼ੀ ਕੀਤੀ। ਉਨ੍ਹਾਂ ਕੋਲੋਂ 13 ਕਿਲੋਗ੍ਰਾਮ ਅਫੀਮ ਬਰਾਮਦ ਹੋਈ। ਦੂਜੇ ਵਿਅਕਤੀ ਦੇ ਬੈਗ ਵਿੱਚੋਂ 5 ਕਿਲੋਗ੍ਰਾਮ ਅਫੀਮ ਬਰਾਮਦ ਹੋਈ। ਕਥਿਤ ਦੋਸ਼ੀ ਦੀ ਪਹਿਚਾਣ ਬੁੱਧੂ ਉਰਫ ਰਾਮੂ ਪੁੱਤਰ ਸੁੱਚਾ ਸਿੰਘ ਵਾਸੀ ਕੁੰਡਾਕੁਲ ਥਾਣਾ ਬਡਗਾਉ ਝਾਰਖੰਡ ਹਾਲ ਵਾਸੀ ਮਾਹਿਲ ਗਹਿਲਾ ਥਾਣਾ ਸਦਰ ਬੰਗਾ ਵਜੋਂ ਹੋਈ ਜੋ ਇਸ ਸਮੇਂ ਪਿੰਡ ਜਿਦੋਵਾਲ ਕਿਰਾਏ ਤੇ ਰਹਿੰਦਾ ਹੈ ਅਤੇ ਇਸ ਨੇ ਇਥੇ ਆਧਾਰ ਕਾਰਡ ਵੀ ਬਣਾਇਆ ਹੋਇਆ ਹੈ ਇਹ ਖੇਤੀ ਦਾ ਕੰਮ ਕਰਵਾਉਂਦਾ ਹੈ। ਇਹ ਵਿਅਕਤੀ ਝਾਰਖੰਡ ਤੋਂ ਅਫੀਮ ਮੰਗਵਾ ਕੇ ਸਪਲਾਈ ਕਰਦਾ ਸੀ। ਇਸ ਨੇ ਮੰਨਿਆ ਕਿ ਪਹਿਲਾ ਵੀ ਉਹ ਅਫੀਮ ਵੇਚਦਾ ਹੈ, ਹਰ ਗੇੜੇ ਦਾ ਉਸ ਨੂੰ 20 ਹਾਜ਼ਰ ਮਿਲਦਾ ਹੈ। ਝਾਰਖੰਡ ਤੋ ਰੇਲਗੱਡੀ ਰਾਹੀਂ ਅਤੇ ਬਾਅਦ 'ਚ ਬੱਸ ਰਾਹੀਂ ਉਹ ਇਥੇ ਅਫੀਮ ਲਿਆਉਂਦਾ ਸੀ। ਦੂਜੇ ਵਿਅਕਤੀ ਦੀ ਪਹਿਚਾਣ ਇਮਲ ਬੋਦਰਾ ਪੁੱਤਰ ਬਾਤੇ ਬੋਦਰਾ ਵਾਸੀ ਕਣਖੁਸੀ ਥਾਣਾ ਮੁਰਹੂ ਝਾਰਖੰਡ ਵਜੋਂ ਹੋਈ। ਇਸ ਦੀ ਸ਼ੱਕ ਦੇ ਆਧਾਰ 'ਤੇ ਤਲਾਸ਼ੀ ਪ੍ਰੇਮ ਕੁਮਾਰ ਡੀ. ਐਸ.ਪੀ ਦੀ ਹਾਜ਼ਰੀ 'ਚ ਹੋਈ ਜਿਸ ਦੇ ਬੈਗ 'ਚੋ 5 ਕਿਲੋਗ੍ਰਾਮ ਅਫੀਮ ਫੜੀ ਉਨਾ ਦੱਸਿਆ ਕਿ ਕਥਿਤ ਦੋਸ਼ੀਆ ਦਾ ਤਿੰਨ ਦਿਨ ਦਾ ਪੁਲਸ ਰਿਮਾਂਡ ਲਿਆ ਗਿਆ ਅਤੇ ਇਨ੍ਹਾਂ ਖਿਲਾਫ ਥਾਣਾ ਸਦਰ ਬੰਗਾ 'ਚ ਮਾਮਲਾ ਦਰਜ ਕੀਤਾ ਗਿਆ।

ਵੈਲਿਊ ਕੱਟ ਲਗਾਉਣ ਦੇ ਵਿਰੋਧ 'ਚ 23-24 ਨੂੰ ਕੀਤਾ ਜਾਵੇਗਾ ਰੇਲਾਂ ਦਾ ਚੱਕਾ ਜਾਮ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਕੋਰ ਕਮੇਟੀ ਵੱਲੋਂ ਵੱਖ-ਵੱਖ ਮਸਲਿਆਂ ਨੂੰ ਲੈ ਕੇ ਤਾਲਮੇਲ ਤੇ ਵਿਉਂਤਬੰਦੀ ਕਰਨ ਲਈ ਇਕ ਮੀਟਿੰਗ ਜ਼ੋਨ ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ ਅਤੇ ਜ਼ੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਆਲਮਪੁਰ ਵਿੱਖੇ ਰੱਖੀ ਗਈ ਜਿਸ ਵਿਚ ਜ਼ੋਨ ਦੀ ਸਮੁੱਚੀ ਕੋਰ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਜ਼ਿਲ੍ਹਾ ਤਰਨਤਾਰਨ ਦੇ ਮੀਤ ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਕੋਰ ਕਮੇਟੀ ਦੇ ਆਗੂਆ ਵੱਲੋਂ ਜ਼ੋਨ ਦੀ ਬੇਹਤਰੀ ਲਈ ਪਿੰਡਾਂ ਦੀਆਂ ਇਕਾਈਆਂ ਨਾਲ ਤਾਲਮੇਲ ਕਰਕੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਤੇ ਖੁੱਲ੍ਹ ਕੇ ਵਿਚਾਰਾਂ ਹੋਈਆਂ। ਇਸ ਦੀ ਜਾਣਕਾਰੀ ਦਿੰਦਿਆਂ ਜ਼ੋਨ ਪ੍ਰੈੱਸ ਸਕੱਤਰ ਹਰਜਿੰਦਰ ਸਿੰਘ ਘੱਗੇ ਅਤੇ ਅਮਨਦੀਪ ਸਿੰਘ ਭਲੋਜਲਾ ਨੇ ਦੱਸਿਆ ਕਿ ਜ਼ਿਲ੍ਹਾ ਆਗੂ ਦਿਆਲ ਸਿੰਘ ਮੀਆਂਵਿੰਡ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਦਿਨੀ ਹੋਈ ਬੇਮੌਸਮੀ ਬਰਸਾਤ ਦੇ ਗੜੇਮਾਰੀ ਕਾਰਨ ਹੋਏ ਫਸਲਾਂ ਦੇ ਨੁਕਸਾਨ ਸੰਬੰਧੀ ਐਲਾਨ ਕੀਤੀ ਗਈ ਰਕਮ ਨੁਕਸਾਨ ਹੋਈਆਂ ਫਸਲਾਂ ਬਦਲੇ ਬਹੁਤ ਨਿਗੂਣੀ ਹੈ। ਪਹਿਲਾ ਮੁਆਵਜ਼ੇ ਦੀ ਰਾਸ਼ੀ 25% ਹੋਏ ਨੁਕਸਾਨ ਤੋਂ ਸ਼ੁਰੂ ਹੁੰਦੀ ਸੀ। ਉਨਾ ਕਿਹਾ ਕਿ ਨਵੇਂ ਜਾਰੀ ਕੀਤੇ ਫੁਰਮਾਨ ਨੇ ਭਗਵੰਤ ਮਾਨ ਸਰਕਾਰ ਦਾ ਕਿਸਾਨ ਮਜ਼ਦੂਰ ਵਿਰੁੱਧੀ ਚਿਹਰਾ ਨੰਗਾ ਕਰ ਦਿੱਤਾ ਹੈ। ਦੂਜੇ ਪਾਸੇ 10 ਫੀਸਦੀ ਤੋ ਵੱਧ ਨੁਕਸਾਨੇ ਅਨਾਜ ਤੋਂ 25 ਫੀਸਦੀ ਕੱਟ ਲਾਉਣ ਦੀ ਤਿਆਰੀ ਹੋ ਚੁੱਕੀ ਹੈ ਜੋ ਬਰਦਾਸ਼ਤ ਤੋਂ ਬਾਹਰ ਹੈ। ਉਨਾ ਕਿਹਾ ਕਿ ਅੱਜ 70% ਅਬਾਦੀ ਸਿੱਧੀ ਖੇਤੀਬਾੜੀ ਨਾਲ ਜੁੜੀ ਹੈ। ਅਗਰ ਖੇਤੀਬਾੜੀ ਡਾਵਾਂਡੋਲ ਹੁੰਦੀ ਹੈ ਤਾ ਸਾਰਾ ਬਜ਼ਾਰ ਡਾਵਾਂਡੋਲ ਹੋ ਜਾਵੇਗਾ। ਕੁਦਰਤੀ ਆਫਤ ਤੇ ਸਰਕਾਰ ਵੱਲੋ ਕਿਸਾਨਾਂ ਤੇ ਮਜ਼ਦੂਰਾਂ ਵਿਰੁੱਧ ਕੀਤੇ ਐਲਾਨ ਇਨਾ ਵਰਗਾਂ ਨੂੰ ਮੌਤ ਦੇ ਮੂੰਹ ਵੱਲ ਲਿਜਾਣਗੇ ਤੇ

ਆਤਮਹੱਤਿਆ ਵਿਚ ਚਿੰਤਾਜਨਕ ਵਾਧਾ ਕਰਨਗੇ ।ਇਸ ਕਰਕੇ ਕਿਸਾਨ ਮਜਦੂਰ ਸੰਘਰਸ ਕਮੇਟੀ ਪੰਜਾਬ ਦੀ ਸਰਕਾਰ ਤੋ ਮੰਗ ਹੈ ਕਿ ਖਰਾਬੇ ਦੀ ਰਕਮ ਵਿਚ ਵਾਧਾ ਕਰਦੇ ਹੋਏ ਪ੍ਰਤੀ ਏਕੜ ਘੱਟੋ-ਘੱਟ 50 ਹਜ਼ਾਰ ਨੁਕਸਾਨੀ ਫਸਲ 'ਤੇ ਦਿੱਤਾ ਜਾਵੇ। ਇਸ ਸਬੰਧ ਵਿੱਚ 23-24 ਅਪ੍ਰੈਲ ਨੂੰ ਰੇਲਾਂ ਦਾ ਚੱਕਾ ਜਾਮ ਕੀਤਾ ਜਾਵੇਗਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਵੈਰੋਵਾਲ ਬਾਵਿਆਂ, ਪਰਮਜੀਤ ਸਿੰਘ ਬਾਠ ਦਾਰਾਪੁਰ, ਜ਼ੋਨ ਖਜਾਨਚੀ ਸਾਹਿਬ ਸਿੰਘ ਨਰੋਤਮਪੁਰ, ਜਸਬੀਰ ਸਿੰਘ ਜਲਾਲਾਬਾਦ ਖੁਰਦ, ਬਲਜਿੰਦਰ ਸਿੰਘ ਆਲਮਪੁਰ, ਵਲੰਟੀਅਰ ਸੁਪਰਵਾਈਜ਼ਰ ਪ੍ਰਭਜੋਤ ਸਿੰਘ ਜਲਾਲਾਬਾਦ, ਕਾਰਜਕਾਰੀ ਪ੍ਰਧਾਨ ਗੁਰਪਾਲ ਸਿੰਘ ਜਲਾਲਾਬਾਦ, ਹਰਪਾਲ ਸਿੰਘ ਜਲਾਲਾਬਾਦ ਆਦਿ ਆਗੂ ਹਾਜ਼ਰ ਸਨ।

ਲਾਲ ਚੰਦ ਕਟਾਰੂਚੱਕ ਨੇ ਖਰੜ ਮੰਡੀ ਵਿਖੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ

ਮੋਹਾਲੀ, (ਗੁਰਜੀਤ ਬਿੱਲਾ)

ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਜਿਲ੍ਹਾ ਐਸ ਏ ਐਸ ਨਗਰ ਦੀ ਦਾਣਾ ਮੰਡੀ ਖਰੜ ਦਾ ਦੌਰਾ ਕੀਤਾ ਗਿਆ ਤੇ ਕਣਕ ਦੀ ਖਰੀਦ ਸੰਬੰਧੀ ਪ੍ਰਬੰਧਾਂ ਦਾ ਜਾਇਜਾ ਲਿਆ ਗਿਆ। ਇਸ ਮੌਕੇ ਉਹਨਾਂ ਦਸਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ ਕਰੀਬ 40 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਤੇ 34 ਲੱਖ ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਖਰੀਦ ਕੀਤੀ ਗਈ ਹੈ। ਕਰੀਬ 1.5 ਲੱਖ ਕਿਸਾਨਾਂ ਦੇ ਖਾਤਿਆਂ ਵਿਚ ਕਰੀਬ 4500 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਕੈਬਨਿਟ ਮੰਤਰੀ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਕਿਸਾਨ ਇਸ ਖੇਤੀ ਪ੍ਰਧਾਨ ਸੂਬੇ ਦੇ ਅਰਥਚਾਰੇ ਦੀ ਰੀੜ੍ਹ ਦੀ ਹੱਡੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਦੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਪੰਜਾਬ ਸਰਕਾਰ ਵੱਲੋਂ ਫਸਲ ਦਾ ਇੱਕ-ਇੱਕ ਦਾਣਾ ਪਾਰਦਰਸ਼ਤਾ ਅਤੇ ਸੁਚਾਰੂ ਢੰਗ ਨਾਲ ਖਰੀਦ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕੀ ਕਣਕ ਹੀ ਮੰਡੀ 'ਚ ਲੈ ਕੇ ਆਉਣ ਤਾਂ ਜੋ ਫਸਲ ਦੀ ਖਰੀਦ ਸਮੇਂ ਸਿਰ ਕੀਤੀ ਜਾ ਸਕੇ ਇਸ ਤੋਂ ਇਲਾਵਾ ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀਆਂ ਹੱਦਾਂ 'ਤੇ ਪੁੱਖਤਾ ਇੰਤਜਾਮ ਕੀਤੇ ਗਏ ਹਨ ਕਿ ਪੰਜਾਬ ਵਿੱਚ ਕੇਵਲ ਪੰਜਾਬ ਦੇ ਕਿਸਾਨਾਂ ਦੀ ਹੀ ਕਣਕ ਦੀ ਖਰੀਦ ਹੋਵੇ। ਇਸ ਮੌਕੇ ਉਨ੍ਹਾਂ ਨੇ ਮੌਜੂਦ ਕਿਸਾਨਾਂ ਅਤੇ ਮੰਡੀ ਵਿਚਲੀ ਲੇਬਰ ਨਾਲ ਵੀ ਗੱਲਬਾਤ ਕੀਤੀ ਅਤੇ ਹਰ ਪੱਖੋ ਸਹਾਇਤਾ ਕਰਨ ਦਾ ਭਰੋਸਾ ਦਿੱਤਾ।

ਹਰਪਾਲ ਚੀਮਾਂ ਤੇ ਜਲੰਧਰ ਦੇ ਉਦਯੋਗਪਤੀਆਂ ਵਿਚਕਾਰ ਹੋਈ ਅਹਿਮ ਮੁਲਾਕਾਤ

ਜਲੰਧਰ (ਸ਼ੈਲੀ ਐਲਬਰਟ)

ਯੂਨਾਈਟਡ ਫੋਰਮ ਆਫ ਇੰਡਸਟਰੀ ਐਂਡ ਟਰੇਡ ਜਲੰਧਰ ਦੇ ਅਹੁਦੇਦਾਰਾਂ ਨੇ ਜਲੰਧਰ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਨਾਲ ਮੁਲਾਕਾਤ ਕਰ ਉਦਯੋਗਪਤੀਆਂ 'ਤੇ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਹੋਰ ਸੁਝਾਵਾਂ ਬਾਰੇ ਇੱਕ ਮੰਗ ਪੱਤਰ ਸੌਂਪਿਆ ਗਿਆ। ਵਿੱਤ ਮੰਤਰੀ ਨੇ ਉਨ੍ਹਾਂ ਦੀਆਂ ਮੰਗਾਂ ਦੇ ਛੇਤੀ ਹੱਲ ਲਈ ਭਰੋਸਾ ਦਿੰਦਿਆਂ ਮੁਲਾਕਾਤ 'ਚ ਸ਼ਾਮਲ ਹੋਏ ਸਮੂਹ ਉਦਯੋਗਪਤੀਆਂ ਨੂੰ ਮਾਨ ਸਰਕਾਰ ਵੱਲੋਂ ਸੂਬੇ 'ਚ ਇੰਡਸਟਰੀ ਦੀ ਭਲਾਈ ਲਈ ਚੁੱਕੇ ਜਾ ਰਹੇ ਕਦਮਾਂ ਤੋਂ ਉਨ੍ਹਾਂ ਨੂੰ ਜਾਣੂ ਕਰਵਾਇਆ। ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਉਨ੍ਹਾਂ ਦੀ ਸਰਕਾਰ ਨੇ ਇੰਡਸਟਰੀ ਦੀ ਉੱਨਤੀ ਲਈ ਇੱਕ ਐਸੀ ਪਾਲਿਸੀ ਘੜੀ ਹੈ ਜਿਸ 'ਚ ਹਰ ਤਰ੍ਹਾਂ ਦੇ ਉਦਯੋਗ ਦੀ ਸਥਾਪਤੀ ਲਈ ਲੋੜੀਂਦੀ ਹਰ ਐੱਨ.ਓ.ਸੀ ਇੱਕੋ ਛੱਤ ਥੱਲ੍ਹੇ ਮੁਹੱਈਆ ਕਰਵਾਈ ਜਾਇਆ ਕਰੇਗੀ। ਉਨ੍ਹਾਂ ਦੱਸਿਆ ਕਿ ਉਦਯੋਗ ਲਗਾਉਣ ਲਈ ਪਹਿਲਾਂ ਵੱਖ-ਵੱਖ ਵਿਭਾਗਾਂ ਤੋਂ ਕਲੀਅਰੈਂਸ ਲੈਣ ਲਈ ਬਹੁਤ ਖੱਜਲ-ਖੁਆਰ ਹੋਣਾ ਪੈਂਦਾ ਸੀ ਜਿਸਨੂੰ ਖਤਮ ਕਰਨ ਲਈ ਮੁੱਖ-ਮੰਤਰੀ ਭਗਵੰਤ ਮਾਨ ਨੇ ਐਸੀ ਪਾਲਿਸੀ ਤਿਆਰ ਕਰਨ ਲਈ ਕਿਹਾ ਸੀ ਜਿਸ ਵਿੱਚ ਉਦਯੋਗ ਸਥਾਪਤੀ ਲਈ ਜਮੀਨ ਦੀ ਰਜਿਸਟਰੀ ਦੇ ਨਾਲ ਹੀ ਲੋੜੀਂਦੀਆਂ ਐੱਨ.ਓ.ਸੀ ਦੀ ਫੀਸ ਜਮ੍ਹਾਂ ਕਰਵਾਕੇ ਕਲੀਅਰੈਂਸ ਦਾ ਕੰਮ ਵੀ ਨਾਲ ਹੀ ਨੇਪਰੇ ਚੜ ਸਕੇ। ਇਸ ਉਪਰੰਤ ਲੋਕ ਸਭਾ ਹਲਕਾ ਜਲੰਧਰ ਤੋਂ ਜ਼ਿਮਨੀ ਚੋਣ ਦੌਰਾਨ 'ਆਪ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਹਾਜ਼ਰ ਮਹਿਮਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇੰਡਸਟਰੀ ਦੇਸ਼ ਅਤੇ ਖਿੱਤੇ ਦੇ ਵਿਕਾਸ ਦੀ ਨੀਂਹ ਦੇ ਵਾਂਗ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇਸ਼ 'ਚ ਜਿਹੜੇ ਵੀ ਸੂਬੇ ਦਾ ਨਾਂਅ ਪਹਿਲੀ ਸੂਚੀ ਵਿੱਚ ਦਰਜ ਹੈ, ਉਨ੍ਹਾਂ ਦੇ ਵਿਕਾਸ ਵਿੱਚ ਸਭ ਤੋਂ ਵੱਡਾ ਯੋਗਦਾਨ ਉਨ੍ਹਾਂ ਸੂਬਿਆਂ ਦੇ ਉਦਯੋਗਾਂ ਦਾ ਹੈ। ਸ੍ਰੀ ਰਿੰਕੂ ਨੇ ਕਿਹਾ ਕਿ ਉਦਯੋਗਾਂ ਦੇ ਵਧਣ-ਫੁੱਲਣ ਲਈ ਢੁੱਕਵਾਂ ਮਾਹੌਲ ਦੇਣਾ ਸਰਕਾਰਾਂ ਦੀ ਜਿੰਮੇਵਾਰੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਦੀਆਂ ਪਿਛਲੀਆਂ ਸਰਕਾਰਾਂ ਦਾ ਇੰਡਸਟਰੀ ਦੀ ਉੱਨਤੀ ਪ੍ਰਤੀ ਰਵੱਈਆ ਬੜਾ ਹੀ ਉਦਾਸੀਨ ਤੇ ਨਿਰਾਸਾਜਨਕ ਸੀ ਪਰ ਹੁਣ ਉਹ ਦੌਰ ਬੀਤ ਚੁੱਕਾ ਹੈ ਅਤੇ ਇਮਾਨਦਾਰ ਮਾਨ ਸਰਕਾਰ ਆਪਣੇ ਉਦਯੋਗਪਤੀਆਂ ਨੂੰ ਕਿਸੇ ਵੀ ਤਰ੍ਹਾਂ ਮੁਸ਼ਕਲ ਪੇਸ਼ ਨਹੀਂ ਆਉਣ ਦੇਵੇਗੀ।

ਪੰਜਾਬ ਖੇਤ ਮਜ਼ਦੂਰ ਸਭਾ ਬਰਾਂਚ ਵੇਈਂਪੁਈਂ ਨੇ ਅਹੁਦੇਦਾਰ ਥਾਪੇ

ਤਰਨ ਤਾਰਨ (ਨ ਜ਼ ਸ)

ਪੰਜਾਬ ਖੇਤ ਮਜ਼ਦੂਰ ਸਭਾ ਬਰਾਂਚ ਵੇਈਂਪੁਈਂ ਦੀ ਚੋਣ ਬੀਬੀ ਜਸਵਿੰਦਰ ਕੌਰ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਬਲਾਕ ਸਕੱਤਰ ਕਾਮਰੇਡ ਮੇਜਰ ਸਿੰਘ ਦਾਰਾਪੁਰ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਦਲਿਤਾਂ ਪ੍ਰਤੀ ਵਿਤਕਰੇਬਾਜ਼ੀ ਦਾ ਪਰਦਾਫਾਸ਼ ਕਰਨ ਲਈ ਅਤੇ ਮਨਰੇਗਾ ਨੂੰ ਸਹੀ ਲਾਗੂ ਕਰਵਾਉਣ ਲਈ, ਭਾਰਤੀ ਖੇਤ ਮਜ਼ਦੂਰ ਯੂਨੀਅਨ ਵੱਲੋਂ 30 ਮਈ ਨੂੰ ਦਿੱਲੀ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਉਸ ਰੈਲੀ ਵਿੱਚ ਬੀਜੇਪੀ ਸਰਕਾਰ ਅਤੇ ਹੋਰ ਲੋਕ ਵਿਰੋਧੀ ਪਾਰਟੀਆਂ ਦਾ ਪਰਦਾਫਾਸ਼ ਕਰਕੇ ਮਜ਼ਦੂਰਾਂ ਨੂੰ ਆਪਣਾ ਏਕਾ ਕਾਇਮ ਰੱਖਣ ਤੇ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ਾ ਦੇ ਰਾਹ ਪੈਣ ਦਾ ਸੱਦਾ ਦਿੱਤਾ। ਉਨਾਂ ਪੰਜਾਬ ਸਰਕਾਰ 'ਤੇ ਦੋਸ਼ ਲਾਉਂਦਿਆ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਲੋਕਾਂ ਨਾਲ ਵਾਅਦੇ ਕੀਤੇ ਸੀ ਉਹ ਵਾਅਦੇ ਵੀ ਖੋਖਲੇ ਸਾਬਤ ਹੋ ਰਹੇ ਹਨ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਆਪਣੀਆਂ ਕੀਤੀਆਂ ਗਰੰਟੀਆਂ ਫੌਰੀ ਲਾਗੂ ਕਰੇ। ਮਜ਼ਦੂਰ ਦੇ ਪੱਕੇ ਰੁਜ਼ਗਾਰ ਦੀ ਗਰੰਟੀ ਅਤੇ 700 ਰੁਪਏ ਦਿਹਾੜੀ, ਮਜ਼ਦੂਰਾਂ ਸਿਰ ਚੜ੍ਹਿਆ ਕਰਜ਼ਾ ਮਾਈਕਰੋ

ਫਾਇਨਾਂਸ ਕੰਪਨੀਆਂ ਸਮੇਤ ਮੁਆਫ ਕਰਨ, ਵਿਧਵਾ ਤੇ ਬੁਢਾਪਾ ਪੈਨਸ਼ਨ 5000 ਰੁਪਏ ਕੀਤੀ ਜਾਵੇ ਅਤੇ ਮਜ਼ਦੂਰ ਲੋਕਾਂ ਦੇ ਕੱਟੇ ਹੋਏ ਰਾਸ਼ਨ ਕਾਰਡ ਤੁਰੰਤ ਬਹਾਲ ਕੀਤੇ ਜਾਣ। ਇਸ ਮੌਕੇ ਨੌਂ 'ਮੋਂਬਰੀ ਅਹੁਦੇਦਾਰਾਂ ਦੀ ਚੋਣ ਕੀਤੀ ਗਈ ਜਿਸ ਦੇ ਪ੍ਰਧਾਨ ਭਗਵੰਤ ਸਿੰਘ, ਜਨਰਲ ਸਕੱਤਰ ਸਾਹਬ ਸਿੰਘ ਮੀਤ ਪ੍ਰਧਾਨ, ਮੁਖਤਿਆਰ ਸਿੰਘ, ਜਸਵਿੰਦਰ ਕੌਰ, ਜਗਜੀਤ ਸਿੰਘ ਮੀਤ ਸਕੱਤਰ, ਹੀਰਾ ਸਿੰਘ, ਸੰਤੋਖ ਸਿੰਘ, ਰੀਨਾ ਕੈਸ਼ੀਅਰ ਜਗਦੇਵ ਸਿੰਘ ਆਦਿ ਚੁਣੇ ਗਏ।

ਇੰਜੀਨੀਅਰ ਖਹਿਰਾ ਦੇ ਹੱਕ 'ਚ ਲਗਾਇਆ ਧਰਨਾ ਅਕਾਲੀ ਦਲ ਦਾ ਸਿਆਸੀ ਸਟੰਟ ਨਿਕਲਿਆ

ਪੱਟੀ, (ਬਲਦੇਵ ਸਿੰਘ/ਸ਼ਮਸ਼ੇਰ ਸਿੰਘ ਯੋਧਾ)

ਬੀਤੇ ਦਿਨੀਂ ਜ਼ਿਲ੍ਹਾ ਤਰਨਤਾਰਨ ਅੰਦਰ ਪਾਵਰਕਾਮ ਦੇ ਇੰਜੀਨੀਅਰ ਗੁਰਸ਼ਰਨ ਸਿੰਘ ਖਹਿਰਾ ਦੀ ਬਦਲੀ ਨੂੰ ਲੈ ਕੇ ਕੁਝ ਸਿਆਸੀ ਲੋਕਾਂ ਵੱਲੋਂ ਧਰਨਾ ਲਗਾਇਆ ਗਿਆ ਸੀ। ਧਰਨਾਕਾਰੀਆਂ 'ਚ ਮੌਜੂਦ ਗੁਰਪ੍ਰੀਤ ਸਿੰਘ ਮੰਨਣ ਸਰਕਲ ਪ੍ਰਧਾਨ, ਗੁਰਭੇਜ ਸਿੰਘ ਸੂਬਾ ਪ੍ਰਧਾਨ ਸਰਕਲ ਇੰਚਾਰਜ ਤਰਨ ਤਾਰਨ, ਗੁਰਭੇਜ ਸਿੰਘ ਸੂਬਾ ਲੀਡਰ, ਮਲਕੀਤ ਸਿੰਘ ਕੰਗ, ਹਰਭਜਨ ਸਿੰਘ ਪੱਟੀ, ਸੁਖਦੇਵ ਸਿੰਘ ਬਾਬਾ ਬਕਾਲਾ, ਮੰਗਲ ਸਿੰਘ ਪੱਟੀ, ਨਿਰਵੈਲ ਸਿੰਘ ਸੈਦੋ

20-April-PAGE-4.qxd 4/19/2023 10:45 PM Page 1

ਨਵਾਂ ਜ਼ਮਾਨਾ
ਵੀਰਵਾਰ, 20 ਅਪ੍ਰੈਲ 2023

ਨਵੀਂ ਸੋਚ, ਨਵਾਂ ਰਾਹ

ਇਸ ਸਮੇਂ ਜਾਤੀ ਜਨਗਣਨਾ ਦਾ ਮੁੱਦਾ ਦੇਸ਼ ਦੀ ਰਾਜਨੀਤੀ ਦਾ ਮੁੱਖ ਏਜੰਡਾ ਬਣਨ ਵੱਲ ਵਧ ਰਿਹਾ ਹੈ। ਮੋਦੀ ਸਰਨੇਮ ਵਾਲੇ ਕੇਸ ਵਿੱਚ ਰਾਹੁਲ ਗਾਂਧੀ ਨੂੰ ਸਜ਼ਾ ਹੋਣ 'ਤੇ ਉਸ ਦੀ ਸੰਸਦ ਮੈਂਬਰੀ ਖ਼ਤਮ ਕੀਤੇ ਜਾਣ ਤੋਂ ਬਾਅਦ ਭਾਜਪਾ ਰਾਹੁਲ ਗਾਂਧੀ ਨੂੰ ਓ ਬੀ ਸੀ (ਦੂਜੀਆਂ ਪਛੜੀਆਂ ਸ਼੍ਰੇਣੀਆਂ) ਵਿਰੋਧੀ ਕਹਿ ਕੇ ਘੇਰਨ ਦੀ ਕੋਸ਼ਿਸ਼ ਵਿੱਚ ਲੱਗੀ ਹੋਈ ਸੀ। ਇਸ ਦੇ ਜਵਾਬ ਵਿੱਚ ਰਾਹੁਲ ਗਾਂਧੀ ਨੇ ਭਾਜਪਾ ਨੂੰ ਚੁਣੌਤੀ ਦਿੰਦਿਆਂ ਕਿਹਾ ਹੈ ਕਿ 'ਜੇਕਰ ਤੁਹਾਨੂੰ ਓ ਬੀ ਸੀ ਦੀ ਸੱਚੀਂ ਹੀ ਪਰਵਾਹ ਹੈ ਤਾਂ ਫਿਰ ਉਨ੍ਹਾਂ ਦੀ ਜਾਤੀ ਜਨਗਣਨਾ ਕਰਾਓ'। ਰਾਹੁਲ ਗਾਂਧੀ ਨੇ ਇਹ ਗੱਲ ਕਹਿਣ ਲਈ ਕਰਨਾਟਕ ਦੇ ਉਸੇ ਕੋਲਾਰ ਸ਼ਹਿਰ ਨੂੰ ਚੁਣਿਆ, ਜਿੱਥੇ ਸਾਲ 2019 ਵਿੱਚ ਉਨ੍ਹਾ ਕਿਹਾ ਸੀ ਕਿ ਸਾਰੇ ਚੋਰਾਂ ਦਾ ਸਰਨੇਮ ਮੋਦੀ ਹੀ ਕਿਉਂ ਹੁੰਦਾ ਹੈ? ਇਸ ਮਾਮਲੇ ਵਿੱਚ ਜਦੋਂ ਪਿਛਲੇ ਦਿਨੀਂ ਸੂਰਤ ਦੀ ਇੱਕ ਅਦਾਲਤ ਨੇ ਰਾਹੁਲ ਗਾਂਧੀ ਨੂੰ ਅਪਰਾਧੀ ਗਰਦਾਨ ਦਿੱਤਾ ਤਾਂ ਭਾਜਪਾ ਨੇ ਦੁਹਾਈ ਪਾਉਣੀ ਸ਼ੁਰੂ ਕਰ ਦਿੱਤੀ ਕਿ ਮੋਦੀ ਸਰਨੇਮ ਦੀ ਬੇਇੱਜ਼ਤੀ ਸਮੁੱਚੇ ਓ ਬੀ ਸੀ ਭਾਈਚਾਰੇ ਦੀ ਬੇਇੱਜ਼ਤੀ ਹੈ। ਸਚਾਈ ਇਹ ਹੈ ਕਿ ਮੋਦੀ ਸਰਨੇਮ ਵੱਖ-ਵੱਖ ਜਾਤੀਆਂ ਤੇ ਧਰਮਾਂ ਵਿੱਚ ਪਾਇਆ ਜਾਂਦਾ ਹੈ ਅਤੇ ਇਸ ਦੀ ਗਿਣਤੀ ਓ ਬੀ ਸੀ ਭਾਈਚਾਰੇ ਵਜੋਂ ਨਹੀਂ ਕੀਤੀ ਜਾ ਸਕਦੀ।

ਰਾਹੁਲ ਗਾਂਧੀ ਦੇ ਕੋਲਾਰ ਵਿੱਚ ਦਿੱਤੇ ਭਾਸ਼ਣ ਨੇ ਇਸ ਮੁੱਦੇ ਨੂੰ ਬੁਨਿਆਦੀ ਤੌਰ ਉੱਤੇ ਹੀ ਬਦਲ ਦਿੱਤਾ ਹੈ। ਉਨ੍ਹਾ ਨੇ ਕੇਂਦਰ ਸਰਕਾਰ ਨੂੰ ਸਮਾਜਕ, ਆਰਥਕ ਜਾਤੀ ਜਨਗਣਨਾ ਦੇ ਅੰਕੜੇ ਜਨਤਕ ਕਰਨ ਲਈ ਕਿਹਾ ਤਾਂ ਜੋ ਓ ਬੀ ਸੀ ਅਬਾਦੀ ਦੀ ਗਿਣਤੀ ਹੋ ਸਕੇ। ਇਸ ਦੇ ਨਾਲ ਹੀ ਉਨ੍ਹਾ ਰਾਖਵੇਂਕਰਨ ਦੀ 50 ਫ਼ੀਸਦੀ ਹੱਦ ਨੂੰ ਹਟਾਏ ਜਾਣ ਦੀ ਵੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਕਾਂਗਰਸ ਪ੍ਰਧਾਨ ਖੜਗੇ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਹਰ ਦਸ ਸਾਲ ਬਾਅਦ ਹੁੰਦੀ ਮਰਦਮਸ਼ੁਮਾਰੀ ਵਿੱਚ ਜਾਤੀ ਜਨਗਣਨਾ ਨੂੰ ਵੀ ਸ਼ਾਮਲ ਕੀਤਾ ਜਾਵੇ।

ਜਾਤੀ ਜਨਗਣਨਾ ਦੀ ਮੰਗ ਅਜ਼ਾਦੀ ਮਿਲਣ ਦੇ ਸਮੇਂ ਤੋਂ ਹੀ ਸ਼ੁਰੂ ਹੋ ਗਈ ਸੀ। ਕਈ ਕਮਿਸ਼ਨ ਬਣੇ ਤੇ ਰਿਪੋਰਟਾਂ ਆਈਆਂ, ਪਰ ਲਾਗੂ ਨਹੀਂ ਕੀਤੀਆਂ ਗਈਆਂ। ਇਸ ਸਾਰੇ ਸਮੇਂ ਦੌਰਾਨ ਕਾਂਗਰਸ ਦੀਆਂ ਸਰਕਾਰਾਂ ਰਹੀਆਂ ਸਨ। ਅਜ਼ਾਦੀ ਦੇ 43 ਸਾਲ ਬਾਅਦ 1990 ਵਿੱਚ ਵੀ ਪੀ ਸਿੰਘ ਦੀ ਸਰਕਾਰ ਨੇ ਹੀ ਓ ਬੀ ਸੀ ਲਈ ਰਾਖਵਾਂਕਰਨ ਸ਼ੁਰੂ ਕੀਤਾ ਸੀ। ਇਸ ਤੋਂ ਬਾਅਦ ਵੀ ਕਾਂਗਰਸ ਦੀਆਂ ਸਰਕਾਰਾਂ ਰਹੀਆਂ ਤੇ ਭਾਜਪਾ ਦੀ ਜਾਤੀ ਜਨਗਣਨਾ ਦੀ ਮੰਗ ਮੰਨੀ ਨਾ ਗਈ, ਕਿਉਂਕਿ ਇਨ੍ਹਾਂ ਪਾਰਟੀਆਂ ਉੱਤੇ ਦਬਦਬਾ ਹਮੇਸ਼ਾ ਉੱਚ ਜਾਤਾਂ ਦਾ ਰਿਹਾ ਹੈ।

ਹੁਣ ਜਦੋਂ ਕਾਂਗਰਸ ਪਾਰਟੀ ਨੇ ਇਸ ਮੁੱਦੇ ਨੂੰ ਜ਼ੋਰ-ਸ਼ੋਰ ਨਾਲ ਉਠਾਉਣਾ ਸ਼ੁਰੂ ਕੀਤਾ ਹੈ ਤਾਂ ਸਪੱਸ਼ਟ ਹੈ ਕਿ ਆਪਣਾ ਗੁਆਚਿਆ ਅਧਾਰ ਮੁੜ ਹਾਸਲ ਕਰਨ ਲਈ ਉਹ ਇਸ ਮੰਗ ਨੂੰ 2024 ਦੀਆਂ ਲੋਕ ਸਭਾ ਚੋਣਾਂ ਲਈ ਮੁੱਖ ਚੋਣ ਮੁੱਦਾ ਬਣਾਉਣ ਦੇ ਰੌਅ ਵਿੱਚ ਹੈ। ਇਸ ਤੋਂ ਪਹਿਲਾਂ ਕਈ ਖੇਤਰੀ ਪਾਰਟੀਆਂ ਨੇ ਇਸ ਮੁੱਦੇ ਨੂੰ ਚੁੱਕਿਆ ਸੀ। ਬਿਹਾਰ ਵਿੱਚ ਮਹਾਂਗੱਠਜੋੜ ਦੀ ਸਰਕਾਰ ਨੇ ਆਪਣੀ ਪਹਿਲ ਉੱਤੇ ਜਾਤੀ ਸਰਵੇ ਸ਼ੁਰੂ ਕੀਤਾ ਹੈ, ਜੋ ਮੁਕੰਮਲ ਹੋਣ ਦੇ ਨੇੜੇ ਹੈ। ਓਡੀਸ਼ਾ ਵਿੱਚ ਨਵੀਨ ਪਟਨਾਇਕ ਦੀ ਸਰਕਾਰ ਨੇ ਵੀ ਜਾਤੀ ਸਰਵੇ ਕਰਨ ਦਾ ਫ਼ੈਸਲਾ ਕੀਤਾ ਹੈ। ਤਾਮਿਲਨਾਡੂ ਦੀ ਡੀ ਐੱਮ ਕੇ ਸਰਕਾਰ ਨੇ ਕੇਂਦਰ ਤੋਂ ਮੰਗ ਕੀਤੀ ਹੈ ਕਿ ਜਨਗਣਨਾ ਕਾਨੂੰਨ ਵਿੱਚ ਸੋਧ ਕੀਤੀ ਜਾਵੇ, ਜਿਸ ਨਾਲ ਰਾਜ ਸਰਕਾਰਾਂ ਨੂੰ ਰਾਜ ਪੱਧਰ ਉੱਤੇ ਮਰਦਮਸ਼ੁਮਾਰੀ ਕਰਨ ਦਾ ਅਧਿਕਾਰ ਮਿਲੇ ਤੇ ਉਹ ਜਾਤੀ ਜਨਗਣਨਾ ਕਰ ਸਕਣ।

ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਦੀ ਅਗਵਾਈ ਵਿੱਚ ਪਿੱਛੇ ਜਿਹੇ ਸਮਾਜਕ ਨਿਆਂ ਸੰਮੇਲਨ ਕਰਾਇਆ ਗਿਆ ਸੀ, ਜਿਸ ਦਾ ਬੁਨਿਆਦੀ ਏਜੰਡਾ ਵੀ ਜਾਤੀ ਜਨਗਣਨਾ ਸੀ। ਇਸ ਸੰਮੇਲਨ ਵਿੱਚ ਅਸ਼ੋਕ ਗਹਿਲੋਤ, ਤੇਜਸਵੀ ਯਾਦਵ, ਵੀਰੱਪਾ ਮੋਇਲੀ, ਛਗਨ ਭੁਜਬਲ, ਫਾਰੂਕ ਅਬਦੁਲਾ, ਸੀਤਾ ਰਾਮ ਯੇਚੁਰੀ, ਅਖਿਲੇਸ਼ ਯਾਦਵ, ਡੈਰੇਕ ਓ'ਬਰਾਇਨ ਤੇ ਡੀ ਰਾਜਾ ਵਰਗੇ ਵਿਰੋਧੀ ਦਲਾਂ ਦੇ ਵੱਡੇ ਆਗੂ ਸ਼ਾਮਲ ਹੋਏ ਸਨ। ਇਸ ਸੰਮੇਲਨ ਵਿੱਚ ਸਾਰੀਆਂ ਹੀ ਪਾਰਟੀਆਂ ਦੇ ਆਗੂ ਇਸ ਗੱਲ ਉੱਤੇ ਸਹਿਮਤ ਸਨ ਕਿ ਜਾਤੀ ਜਨਗਣਨਾ ਸਮਾਜਕ ਨਿਆਂ ਲਈ ਜ਼ਰੂਰੀ ਹੈ।

ਕਾਂਗਰਸ ਪਾਰਟੀ ਵਿੱਚ ਬਜ਼ੁਰਗ ਆਗੂ ਵੀਰੱਪਾ ਮੋਇਲੀ ਲਗਾਤਾਰ ਇਸ ਮੰਗ ਨੂੰ ਉਠਾਉਂਦੇ ਰਹੇ ਹਨ। ਉਨ੍ਹਾ ਨੂੰ 2011 ਦੀ ਮਰਦਮਸ਼ੁਮਾਰੀ ਸਮੇਂ ਇਸ ਮੁੱਦੇ ਨੂੰ ਉਠਾਉਣ ਲਈ ਪਾਰਟੀ ਵੱਲੋਂ ਝਾੜ ਵੀ ਪਈ ਸੀ। ਪਿਛਲੇ ਸਾਲ ਜਦੋਂ ਰਾਹੁਲ ਗਾਂਧੀ ਨੇ ਭਾਰਤ ਜੋੜੋ ਯਾਤਰਾ ਸ਼ੁਰੂ ਕੀਤੀ ਸੀ ਤਾਂ ਇਸ ਮੁੱਦੇ ਨੂੰ ਯਾਤਰਾ ਦੀਆਂ ਮੰਗਾਂ ਵਿੱਚ ਸ਼ਾਮਲ ਕੀਤਾ ਗਿਆ ਸੀ। ਪਾਰਟੀ ਦੇ ਰਾਏਪੁਰ ਵਿੱਚ ਕੀਤੇ ਗਏ ਜਨਰਲ ਅਜਲਾਸ ਵਿੱਚ ਵੀ ਇਸ ਮੁੱਦੇ ਉੱਤੇ ਮੋਹਰ ਲਾਈ ਗਈ ਸੀ। ਇਸ ਅਜਲਾਸ ਵਿੱਚ ਪਾਰਟੀ ਸੰਵਿਧਾਨ ਵਿੱਚ ਸੋਧ ਕਰਕੇ ਅਨੁਸੂਚਿਤ ਜਾਤੀ, ਅਨੁਸੂਚਿਤ ਜਨਜਾਤੀ, ਓ ਬੀ ਸੀ ਤੇ ਘੱਟ ਗਿਣਤੀਆਂ ਲਈ 50 ਫ਼ੀਸਦੀ ਸੀਟਾਂ ਰਿਜ਼ਰਵ ਕੀਤੀਆਂ ਗਈਆਂ ਸਨ। ਪਾਰਟੀ ਵੱਲੋਂ ਓ ਬੀ ਸੀ ਲਈ ਵੱਖਰਾ ਮੰਤਰਾਲਾ, ਉੱਚ ਅਦਾਲਤਾਂ ਵਿੱਚ ਰਾਖਵਾਂਕਰਨ ਤੇ ਪ੍ਰਾਈਵੇਟ ਸੈਕਟਰ ਵਿੱਚ ਕੋਟਾ ਮੁਕੱਰਰ ਕਰਨ ਦਾ ਵਾਅਦਾ ਕੀਤਾ ਗਿਆ ਸੀ। ਇਸ ਸਮੇਂ ਕਾਂਗਰਸ ਪ੍ਰਧਾਨ ਦਲਿਤ ਹੈ, ਤਿੰਨ ਮੁੱਖ ਮੰਤਰੀਆਂ ਵਿੱਚੋਂ ਦੋ ਓ ਬੀ ਸੀ ਹਨ। ਇਸ ਤੋਂ ਸਪੱਸ਼ਟ ਹੈ ਕਿ ਸਮਾਜਕ ਨਿਆਂ ਲਈ ਕਾਂਗਰਸ ਆਪਣੀ ਪੁਰਾਣੀ ਸੋਚ ਤਿਆਗ ਕੇ ਨਵਾਂ ਰਾਹ ਅਖਤਿਆਰ ਕਰ ਰਹੀ ਹੈ।

-ਚੰਦ ਫਤਿਹਪੁਰੀ

ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣਾ ਸਰਕਾਰਾਂ ਦਾ ਨੈਤਿਕ ਫ਼ਰਜ਼

ਨਰਿੰਦਰ ਸਿੰਘ

ਨੌਜਵਾਨ ਕਿਸੇ ਵੀ ਦੇਸ਼ ਦਾ ਭਵਿੱਖ ਹੁੰਦੇ ਹਨ। ਭਾਰਤ ਵਿਚ ਹਰ ਤੀਸਰਾ ਵਿਅਕਤੀ ਨੌਜਵਾਨ ਹੈ। ਰੁਜ਼ਗਾਰ ਪੱਖੋਂ ਦੇਸ਼ ਦੇ ਨੌਜਵਾਨਾਂ ਦਾ ਭਵਿੱਖ ਡਾਵਾਂਡੋਲ ਹੈ। ਨੌਜਵਾਨਾਂ ਲਈ ਸਿੱਖਿਆ, ਹੁਨਰ ਵਿਕਾਸ, ਰੁਜ਼ਗਾਰ ਅਤੇ ਸਵੈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਾਲੀਆਂ ਨੀਤੀਆਂ ਅਤੇ ਪ੍ਰੋਗਰਾਮ ਸਮੇਂ ਦੀ ਸਭ ਤੋਂ ਵੱਡੀ ਲੋੜ ਹੁੰਦੀ ਹੈ। ਭਾਰਤ ਵਿਚ ਹੁਨਰ ਵਿਕਾਸ ਅਤੇ ਬੇਰੁਜ਼ਗਾਰੀ ਦੀ ਸਮੱਸਿਆ ਦੀ ਜੜ੍ਹ ਸਕੂਲੀ ਪੱਧਰ 'ਤੇ ਵੋਕੇਸ਼ਨਲ ਸਿੱਖਿਆ ਦੀ ਅਨਹੋਂਦ ਹੈ। ਹੁਨਰ ਵਿਕਾਸ ਨਾ ਸਿਰਫ ਰੋਜ਼ੀ-ਰੋਟੀ ਦਾ ਸਾਧਨ ਹੈ, ਸਗੋਂ ਆਮ ਰੁਟੀਨ ਵਿੱਚ ਆਪਣੇ ਆਪ ਨੂੰ ਜ਼ਿੰਦਾ ਅਤੇ ਊਰਜਾਵਾਨ ਮਹਿਸੂਸ ਕਰਨ ਦਾ ਇਕ ਸਾਧਨ ਵੀ ਹੈ। ਭਾਰਤ ਨੇ ਨੌਜਵਾਨਾਂ ਦੀ ਯੋਗਤਾ ਤੇ ਊਰਜਾ ਦਾ ਲਾਭ ਨਹੀਂ ਉਠਾਇਆ। ਜਿਹੜੇ ਦੇਸ਼ਾਂ ਨੇ ਨੌਜਵਾਨਾਂ ਨੂੰ ਸਾਂਭ ਲਿਆ, ਉਹ ਦੇਸ਼ ਵਿਕਸਿਤ ਦੇਸ਼ਾਂ ਵਿੱਚ ਸ਼ਾਮਲ ਹੋ ਗਏ ਅਤੇ ਤਰ ਗਏ। ਨੌਜਵਾਨਾਂ ਨੂੰ ਸਾਂਭਣ ਦੀ ਭਾਰਤ ਨੂੰ ਬੇਹੱਦ ਲੋੜ ਹੈ।

ਜਿਸ ਮੁਲਕ ਵਿਚ ਏਨੀ ਵੱਡੀ ਤਾਦਾਦ ਵਿਚ ਨੌਜਵਾਨ ਹੋਣ, ਉਸ ਮੁਲਕ ਨੂੰ ਹੋਰ ਕੀ ਚਾਹੀਦਾ ਹੈ। ਅੱਜ ਵੀ ਭਾਰਤ ਵਿਚ ਅੱਧੀ ਤੋਂ ਵੱਧ ਆਬਾਦੀ 25 ਸਾਲ ਤੋਂ ਹੇਠਾਂ ਦੇ ਨੌਜਵਾਨਾਂ ਦੀ ਹੈ। ਭਾਰਤ ਦੀ ਵਰਤਮਾਨ ਆਬਾਦੀ ਦਾ 65 ਪ੍ਰਤੀਸ਼ਤ ਹਿੱਸਾ 35 ਸਾਲਾਂ ਤੋਂ ਘੱਟ ਉਮਰ ਦੇ ਜਵਾਨਾਂ ਦਾ ਹੈ। ਸਾਲ 2021 ਵਿੱਚ ਭਾਰਤ ਦੀ ਕੁੱਲ ਆਬਾਦੀ ਦਾ 15 ਤੋਂ 29 ਸਾਲ ਦੀ ਉਮਰ ਦੇ 27.2 ਫੀਸਦੀ ਹਿੱਸਾ ਨੌਜਵਾਨਾਂ ਦਾ ਸੀ। ਇਨ੍ਹਾਂ ਨੌਜਵਾਨਾਂ ਦੀ ਲਿਆਕਤ, ਬੁੱਧੀ ਅਤੇ ਜਿਸਮਾਨੀ ਤਾਕਤ ਨੂੰ ਵਰਤ ਕੇ ਦੇਸ਼ ਨੂੰ ਅਗਾਂਹ ਵਧਣਾ ਚਾਹੀਦਾ ਸੀ, ਪਰ ਅਫਸੋਸ ਕਿ ਸਰਕਾਰ ਆਬਾਦੀ ਵਿਚ ਨੌਜਵਾਨਾਂ ਦੀ ਗਿਣਤੀ ਗਿਣਵਾਉਂਦੀ ਰਹੀ ਅਤੇ ਉਨ੍ਹਾਂ ਦੀ ਊਰਜਾ ਦਾ ਸਹੀ ਸਦਉਪਯੋਗ ਨਹੀਂ ਕਰ ਸਕੀ ਅਤੇ ਨਾ ਹੀ ਰੁਜ਼ਗਾਰ ਦੇ ਸਕੀ। ਮੋਦੀ ਸਰਕਾਰ ਨੂੰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਕੋਈ ਚਿੰਤਾ ਨਹੀਂ ਹੈ, ਜਦੋਂ ਕਿ 9 ਸਾਲ ਪਹਿਲਾਂ ਮੋਦੀ ਸਰਕਾਰ ਨੌਜਵਾਨਾਂ ਨੂੰ ਹਰ ਸਾਲ 2 ਕਰੋੜ ਨੌਕਰੀਆਂ ਪੈਦਾ ਕਰਨ ਦੇ ਵਾਅਦੇ ਨਾਲ ਹੋਂਦ ਵਿਚ ਆਈ ਸੀ। ਦੇਸ਼ ਵਿਚ ਬੇਰੁਜ਼ਗਾਰ ਨੌਜਵਾਨਾਂ ਦੀ ਗਿਣਤੀ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਦੇਸ਼ ਦੀ ਜਵਾਨੀ ਲਈ ਇਸ ਤੋਂ ਭੈੜਾ ਹੋਰ ਕੁਝ ਨਹੀਂ ਹੋ ਸਕਦਾ।

ਕੌਮੀ ਨਮੂਨਾ ਸਰਵੇਖਣ ਦਫਤਰ ਵੱਲੋਂ ਹਾਲ ਹੀ ਇਸੇ ਮਹੀਨੇ ਜਾਰੀ ਰਿਪੋਰਟ ਮੁਤਾਬਕ ਦੇਸ਼ ਦੇ ਸਾਰੇ ਰਾਜਾਂ ਦੇ ਕੁੱਲ 2 ਲੱਖ 90 ਹਜ਼ਾਰ ਪਰਵਾਰਾਂ ਦਾ ਜਨਵਰੀ 2020 ਤੋਂ ਲੈ ਕੇ ਅਗਸਤ 2021 ਦਰਮਿਆਨ ਇਕ ਸਰਵੇਖਣ ਕੀਤਾ ਸੀ। ਇਸ ਸਰਵੇਖਣ ਅਨੁਸਾਰ 15 ਤੋਂ ਲੈ ਕੇ 29 ਸਾਲ ਦੇ 32.9 ਪ੍ਰਤੀਸ਼ਤ ਨੌਜਵਾਨ ਨਾ ਤਾਂ ਕੋਈ ਪੜ੍ਹਾਈ ਕਰ ਰਹੇ ਹਨ, ਨਾ ਕਿਸੇ ਰੁਜ਼ਗਾਰ 'ਤੇ ਲੱਗੇ ਹੋਏ ਹਨ ਅਤੇ ਨਾ ਹੀ ਕੋਈ ਸਿਖਲਾਈ ਲੈ ਰਹੇ ਹਨ। ਇਹਨਾਂ ਵਿਹਲੇ ਬੈਠੇ ਨੌਜਵਾਨਾਂ ਵਿਚੋਂ 20.3 ਫੀਸਦੀ ਤਾਂ ਅਜਿਹੇ ਨੌਜਵਾਨ ਹਨ, ਜੋ ਕਿਸੇ ਕੰਮ ਦੀ ਤਲਾਸ਼ ਵੀ ਨਹੀਂ ਕਰ ਰਹੇ ਹਨ। ਇਨ੍ਹਾਂ ਵਿਚੋਂ ਤਕਰੀਬਨ 70 ਫੀਸਦੀ ਨੌਜਵਾਨ ਘਰੇਲੂ ਕੰਮਾਂ 'ਚ ਲੱਗੇ ਹੋਏ ਹਨ। ਸਰਵੇਖਣ ਮੁਤਾਬਿਕ ਵੱਖ-ਵੱਖ ਰਾਜਾਂ ਵਿਚ 25 ਫੀਸਦੀ ਤੋਂ ਲੈ ਕੇ 37 ਫੀਸਦੀ ਨੌਜਵਾਨ ਵਿਹਲਾ ਬੈਠਾ ਹੈ।

ਭਾਵੇਂ ਕੇਂਦਰ ਸਰਕਾਰ ਵੱਲੋਂ ਚਲਾਈ ਜਾ ਰਹੀ ਭਰਤੀ ਮੁਹਿਮ ਤਹਿਤ ਪਿਛਲੇ ਦਿਨੀਂ ਦੇਸ਼ 'ਚ 71 ਹਜ਼ਾਰ ਤੋਂ ਵੱਧ ਲੋਕਾਂ ਨੂੰ ਸਿੱਖਿਆ, ਸਿਹਤ ਅਤੇ ਤਕਨੀਕੀ ਖੇਤਰਾਂ ਵਿਚ ਨੌਕਰੀਆਂ ਦਿੱਤੀਆਂ ਗਈਆਂ ਸਨ। ਇਸ ਤੋਂ ਪਹਿਲਾਂ ਵੀ ਅਕਤੂਬਰ 2022 ਵਿੱਚ 75 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਵੱਖ-ਵੱਖ ਪੇਸ਼ਿਆਂ ਵਿੱਚ ਨੌਕਰੀਆਂ ਦਿੱਤੀਆਂ ਗਈਆਂ ਸਨ। ਇਸ ਤੋਂ ਪਹਿਲਾਂ ਵੀ ਸਮੇਂ 'ਤੇ ਸਰਕਾਰਾਂ ਥੋੜ੍ਹੀਆਂ-ਬਹੁਤ ਨੌਕਰੀਆਂ ਨੌਜਵਾਨਾਂ ਨੂੰ ਦਿੰਦੀਆਂ ਰਹੀਆਂ ਹਨ, ਪਰ ਇਹ ਨੌਕਰੀਆਂ ਵਧ ਰਹੀ ਆਬਾਦੀ ਦੇ ਮੁਤਾਬਕ ਬਹੁਤ ਘੱਟ ਹਨ। ਇਸ ਸਮੇਂ ਦੇਸ਼ ਦੀ ਆਬਾਦੀ 142 ਕਰੋੜ ਤੋਂ ਉਪਰ ਹੈ ਅਤੇ ਇਸੇ ਸਾਲ 2023 ਵਿਚ ਭਾਰਤ ਦੁਨੀਆ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣ ਰਿਹਾ ਹੈ। ਇਹ ਸਥਿਤੀ ਹੋਰ ਵੀ ਚਿੰਤਾ ਪੈਦਾ ਕਰਦੀ ਹੈ ਕਿ ਏਨੀ ਆਬਾਦੀ ਨੂੰ ਕਿਸ ਤਰ੍ਹਾਂ ਕੰਮ ਦਿੱਤਾ ਜਾ ਸਕੇਗਾ। ਅਜਿਹਾ ਤਾਂ ਹੀ ਸੰਭਵ ਹੈ, ਜੇਕਰ ਵਧਦੀ ਹੋਈ ਆਬਾਦੀ ਲਈ ਰੁਜ਼ਗਾਰ ਦੇ ਵੀ ਓਨੇ ਹੀ ਮੌਕੇ ਪੈਦਾ ਕੀਤੇ ਜਾਣ, ਪਰ ਇਹ ਅਸੰਭਵ ਤੇ ਮੁਸ਼ਕਲ ਹੈ। ਜੇਕਰ ਵਧਦੀ ਹੋਈ ਆਬਾਦੀ ਨੂੰ ਕਾਬੂ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਦੇਸ਼ ਵਿਚ ਬੇਰੁਜ਼ਗਾਰੀ ਸਭ ਤੋਂ ਵੱਡੀ ਸਮੱਸਿਆ ਬਣ ਜਾਵੇਗੀ।

ਸੈਂਟਰ ਫਾਰ ਮਾਨਿਟਰਿੰਗ ਇੰਡੀਅਨ ਇਕਾਨਮੀ ਦੇ ਅੰਕੜੇ ਦੱਸਦੇ ਹਨ ਕਿ ਜਨਵਰੀ 2022 ਤੋਂ ਲੈ ਕੇ ਹੁਣ ਤੱਕ ਮਹਿੰਗਾਈ ਦਰ ਸਾਢੇ 6 ਫੀਸਦੀ ਤੋਂ ਥੱਲੇ ਕਦੇ ਨਹੀਂ ਆਈ। ਜਨਵਰੀ ਵਿਚ 6.56 ਫੀਸਦੀ, ਫਰਵਰੀ ਵਿੱਚ 8.11 ਫੀਸਦੀ, ਮਾਰਚ ਵਿੱਚ 7.57 ਫੀਸਦੀ, ਅਪ੍ਰੈਲ ਵਿੱਚ 7.83 ਫੀਸਦੀ, ਮਈ ਵਿੱਚ 7.14 ਫੀਸਦੀ, ਜੂਨ ਵਿਚ 7.83 ਫੀਸਦੀ, ਜੁਲਾਈ ਵਿਚ 6.83 ਫੀਸਦੀ, ਅਗਸਤ ਵਿਚ 8.28 ਫੀਸਦੀ, ਸਤੰਬਰ ਵਿੱਚ 6.43 ਫੀਸਦੀ, ਅਕਤੂਬਰ ਵਿੱਚ 7.86 ਫੀਸਦੀ, ਨਵੰਬਰ ਵਿੱਚ 8 ਫੀਸਦੀ ਅਤੇ ਦਸੰਬਰ 2022 ਵਿਚ 8.3 ਫੀਸਦੀ ਬੇਰੁਜ਼ਗਾਰੀ ਦਰ ਸੀ। ਜਨਵਰੀ 2023 ਵਿਚ ਬੇਰੁਜ਼ਗਾਰੀ ਦਰ 7.14 ਪ੍ਰਤੀਸ਼ਤ ਸੀ, ਜੋ ਫਰਵਰੀ 2023 ਵਿਚ ਵਧ ਕੇ 7.45 ਪ੍ਰਤੀਸ਼ਤ ਹੋ ਗਈ। ਇਸ ਨਾਲ ਬੇਰੁਜ਼ਗਾਰਾਂ ਦੀ ਗਿਣਤੀ 31.5 ਮਿਲੀਅਨ ਤੋਂ ਵਧ ਕੇ 33 ਮਿਲੀਅਨ ਹੋ ਗਈ। ਇਹ ਅੰਕੜੇ ਸਪੱਸ਼ਟ ਕਰਦੇ ਹਨ ਕਿ ਨੌਜਵਾਨਾਂ ਲਈ ਨੌਕਰੀਆਂ ਉਪਲੱਬਧ ਨਹੀਂ ਹਨ। ਆਮ ਨੌਜਵਾਨਾਂ ਲਈ ਨੌਕਰੀਆਂ ਦੀ ਘਾਟ ਨੇ ਅਜਿਹੀ ਸਥਿਤੀ ਪੈਦਾ ਕਰ ਦਿੱਤੀ ਹੈ, ਜੋ ਅਗਾਂਹ ਲਈ ਹੋਰ ਭਿਆਨਕ ਸਿੱਟੇ ਕੱਢੇਗੀ। ਮੋਦੀ ਸਰਕਾਰ ਦੇ ਕਾਰਜਕਾਲ ਦੌਰਾਨ ਦੋ ਕਰੋੜ ਲੋਕਾਂ ਨੇ ਸਰਕਾਰੀ ਨੌਕਰੀਆਂ ਲਈ ਅਰਜ਼ੀਆਂ ਦਿੱਤੀਆਂ ਸਨ, ਪਰ ਇਨ੍ਹਾਂ ਵਿਚੋਂ ਸਿਰਫ 7 ਲੱਖ 22 ਹਜ਼ਾਰ ਲੋਕਾਂ ਨੂੰ ਹੀ ਨੌਕਰੀ ਨਸੀਬ ਹੋਈ ਹੈ।

ਮੋਦੀ ਸਰਕਾਰ ਦੇ ਦਾਅਵਿਆਂ ਦੇ ਬਾਵਜੂਦ ਦੇਸ਼ ਵਿਚ ਬੇਰੁਜ਼ਗਾਰੀ ਦੀ ਦਰ ਲਗਾਤਾਰ ਵਧ ਰਹੀ ਹੈ। ਹਰੇਕ ਪ੍ਰਾਂਤ ਵਿਚ ਬੇਰੁਜ਼ਗਾਰੀ ਪਾਈ ਜਾਂਦੀ ਹੈ, ਪਰ ਪੰਜਾਬ ਤੇ ਹਰਿਆਣੇ ਵਿਚ ਬੇਰੁਜ਼ਗਾਰੀ ਦੀ ਦਰ ਰਾਸ਼ਟਰੀ ਬੇਰੁਜ਼ਗਾਰੀ ਦੀ ਦਰ ਤੋਂ ਵੱਧ ਹੈ। ਨੌਜਵਾਨ ਨਿਰਾਸ਼ ਹਨ, ਕਿਉਂਕਿ ਸਰਕਾਰਾਂ ਵੱਲੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਵਿਸ਼ੇਸ਼ ਉਪਰਾਲੇ ਨਹੀਂ ਕੀਤੇ ਗਏ। ਸਰਕਾਰੀ ਅਦਾਰੇ ਕਾਰਪੋਰੇਟ ਹੱਥਾਂ ਵਿਚ ਦਿੱਤੇ ਜਾ ਰਹੇ ਹਨ। ਸਰਕਾਰੀ ਅਦਾਰਿਆਂ ਵਿਚ ਅਸਾਮੀਆਂ ਖਾਲੀ ਪਈਆਂ ਹੋਣ ਦੇ ਬਾਵਜੂਦ ਭਰੀਆਂ ਨਹੀਂ ਜਾ ਰਹੀਆਂ। ਕੇਂਦਰ ਸਰਕਾਰ ਨੇ ਸੰਸਦ ਵਿਚ ਦੱਸਿਆ ਕਿ 31 ਮਾਰਚ 2022 ਤੱਕ ਸਰਕਾਰ ਦੇ 78 ਮੰਤਰਾਲਿਆਂ ਤੇ ਮਹਿਕਮਿਆਂ ਵਿਚ ਮਨਜ਼ੂਰਸ਼ੁ

20-APRIL-PAGE-5.qxd 4/19/2023 10:40 PM Page 1

ਪੰਜਾਬ ਦੇ ਸੱਭਿਆਚਾਰਕ, ਸਮਾਜਕ ਤੇ ਭਾਸ਼ਾਈ ਵਿਭਿੰਨਤਾ ਅਨੁਸਾਰ ਰਾਜ ਸਿੱਖਿਆ ਨੀਤੀ ਬਣਾਉਣ ਦੀ ਲੋੜ : ਡੀ ਟੀ ਐੱਫ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੀ ਸੂਬਾ ਕਮੇਟੀ ਦੇ ਦਿੱਤੇ 'ਸੰਘਰਸ਼ੀ ਪੰਦਰਵਾੜਾ' ਦੇ ਸੱਦੇ ਅਨੁਸਾਰ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਵੱਲ ਅਧਿਆਪਕਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਸਬੰਧੀ ਮੰਗ ਪੱਤਰ ਤੇ ਨਵੀਂ ਸਿੱਖਿਆ ਨੀਤੀ ਅਤੇ ਸਕੂਲ ਆਫ਼ ਐਮੀਨੈਂਸ ਸਬੰਧੀ ਸਵਾਲ ਪੱਤਰ ਜ਼ਿਲ੍ਹਾ ਪ੍ਰਧਾਨ ਪਵਨ ਕੁਮਾਰ ਤੇ ਜਨਰਲ ਸਕੱਤਰ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਰਾਹੀਂ ਭੇਜਦਿਆਂ ਉਕਤ ਪੱਤਰਾਂ ਵਿੱਚ ਦਰਜ ਮੰਗਾਂ ਤੇ ਸਵਾਲਾਂ 'ਤੇ ਵਿਚਾਰ ਚਰਚਾ ਕੀਤੀ ਗਈ।

ਡੀ ਟੀ ਐੱਫ ਦੇ ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਲੁਹਾਰਾ, ਬਲਾਕ ਪ੍ਰਧਾਨ ਰਵੀ ਕੁਮਾਰ ਤੇ ਬਲਾਕ ਸਕੱਤਰ ਕੰਵਲਜੀਤ ਪਾਲ ਨੇ ਦੱਸਿਆ ਕਿ 2011 ਤੋਂ ਸਿਰਫ 10300 ਦੀ ਨਿਗੂਣੀ ਤਨਖਾਹ 'ਤੇ ਸਿੱਖਿਆ ਵਿਭਾਗ ਵਿੱਚ ਤਨਦੇਹੀ ਨਾਲ ਕੰਮ ਕਰ ਰਹੇ ਓ.ਡੀ.ਐੱਲ ਅਧਿਆਪਕਾਂ ਨੂੰ ਬਿਨਾਂ ਦੇਰੀ ਤੁਰੰਤ ਰੈਗੂਲਰ ਕਰਨ, ਕੇਂਦਰ ਸਰਕਾਰ ਵੱਲੋਂ ਨਿੱਜੀਕਰਨ, ਕੇਂਦਰੀਕਰਨ ਤੇ ਭਗਵੇਂਕਰਨ ਪੱਖੀ ਨਵੀਂ ਸਿੱਖਿਆ ਨੀਤੀ 2020 ਨੂੰ ਮੁੱਢੋਂ ਰੱਦ ਕਰਨ, ਸਿੱਖਿਆ ਨੂੰ ਸੰਵਿਧਾਨ ਦੀ ਸਮਵਰਤੀ ਸੂਚੀ ਦੀ ਥਾਂ ਮੁੜ ਰਾਜ ਸੂਚੀ ਵਿੱਚ ਲਿਆਉਣ, ਪੰਜਾਬ ਦੇ ਸੱਭਿਆਚਾਰਕ, ਸਮਾਜਿਕ ਤੇ ਭਾਸ਼ਾਈ ਵਿਭਿੰਨਤਾ ਅਨੁਸਾਰ ਆਪਣੀ ਸਿੱਖਿਆ ਨੀਤੀ ਬਣਾਉਣ, ਪ੍ਰੀ ਪ੍ਰਾਇਮਰੀ ਤੋਂ ਪੋਸਟ ਗ੍ਰੈਜੂਏਸ਼ਨ ਤੱਕ ਦੀ ਸਿੱਖਿਆ ਸਰਕਾਰੀ ਪੱਧਰ 'ਤੇ ਮੁਫ਼ਤ ਤੇ ਮਿਆਰੀ ਦੇਣ, 2021 ਦੀਆਂ ਹੋਈਆਂ ਲਾਗੂ ਹੋਣੋਂ ਰਹਿੰਦੀਆਂ ਬਦਲੀਆਂ ਨੂੰ ਤੁਰੰਤ ਪੂਰਨ ਰੂਪ ਵਿੱਚ ਲਾਗੂ ਕਰਨ, ਪੰਜਾਬ ਰਾਜ ਛੇਵਾਂ ਤਨਖਾਹ ਕਮਿਸ਼ਨ ਦੀ ਬਣਦੀ ਸੁਧਾਈ, ਡੀ.ਏ. ਦੀਆਂ ਰਹਿੰਦੀਆਂ ਕਿਸ਼ਤਾਂ ਤੇ ਬਕਾਇਆ ਫੌਰੀ ਜਾਰੀ ਕਰਨ, ਬੇਰੁਜ਼ਗਾਰਾਂ ਨੂੰ ਪੱਕਾ ਰੁਜ਼ਗਾਰ ਦੇਣ, ਸਮੂਹ ਕੱਚੇ ਅਧਿਆਪਕਾਂ ਨੂੰ ਰੈਗੂਲਰ ਕਰਨ, ਪੁਰਾਣੀ ਪੈਨਸ਼ਨ ਨੂੰ 1972 ਦੇ ਪੈਨਸ਼ਨ ਐਕਟ ਤਹਿਤ ਪੂਰੀ ਤਰ੍ਹਾਂ ਬਹਾਲ ਕਰਨ, ਅਧਿਆਪਕਾਂ ਦੀਆਂ ਸਾਰੇ ਕੇਡਰਾਂ ਦੀ ਤਰੱਕੀਆਂ ਕਰਨ, ਖੋਹੇ ਪੋਂਡੂ ਭੱਤਾ, ਬਾਰਡਰ ਭੱਤਾ ਸਮੇਤ ਸਾਰੇ ਭੱਤੇ ਲਾਗੂ ਕਰਨ, ਕੰਪਿਊਟਰ ਅਧਿਆਪਕਾਂ ਨੂੰ ਤਨਖਾਹ ਸਕੇਲ ਲਾਗੂ ਕਰਕੇ ਵਿਭਾਗ ਵਿੱਚ ਮਰਜ ਕਰਨ, ਹਰੇਕ ਤਹਿਸੀਲ ਵਿੱਚ ਟੀਚਰਜ ਹੋਮ ਬਣਾਉਣ, 228 ਪੀ ਟੀ ਆਈ ਅਧਿਆਪਕਾਂ ਨੂੰ ਪਿੱਤਰੀ ਸਕੂਲਾਂ ਵਿੱਚ ਵਾਪਸ ਭੇਜਣ, ਦੂਰ ਦੁਰਾਡੇ ਜ਼ਿਲ੍ਹਿਆਂ ਵਿੱਚ ਕੰਮ ਕਰਦੇ ਅਧਿਆਪਕਾਂ ਨੂੰ ਬਿਨਾਂ ਸ਼ਰਤ ਬਦਲੀ ਕਰਾਉਣ ਦਾ ਮੌਕਾ ਦੇਣ, ਪ੍ਰਿੰਸੀਪਲਾਂ ਹੈੱਡਮਾਸਟਰਾਂ ਤੇ ਕਲਰਕਾਂ ਤੋਂ ਵਾਧੂ ਸਕੂਲਾਂ ਦਾ ਚਾਰਜ ਵਾਪਸ ਲੈਣ, ਡੀ ਪੀ ਆਈਜ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਮੁੱਖ ਦਫ਼ਤਰ ਵਿੱਚ ਪੈਡਿੰਗ ਮਾਮਲਿਆਂ ਦਾ ਨਿਪਟਾਰਾ ਕਰਨ ਦੀਆਂ ਮੰਗਾਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹਨ।

ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਅਧਿਆਪਕਾਂ ਦੀਆਂ ਹੱਕੀ ਮੰਗਾਂ ਦਾ ਹੱਲ ਨਾ ਕੱਢਿਆ ਗਿਆ ਅਤੇ ਸਿੱਖਿਆ ਦਾ ਉਜਾੜਾ ਕਰਨ ਵਾਲੀਆਂ ਨੀਤੀਆਂ 'ਤੇ ਠੱਲ੍ਹ ਨਾ ਪਾਈ ਗਈ ਤਾਂ ਪੰਜਾਬ ਸਰਕਾਰ ਖ਼ਿਲਾਫ਼ 30 ਅਪ੍ਰੈਲ ਨੂੰ ਜਲੰਧਰ ਵਿਖੇ ਅਧਿਆਪਕਾਂ ਦੀ ਭਰਵੀਂ ਸ਼ਮੂਲੀਅਤ ਕਰਦਿਆਂ ਵਿਸ਼ਾਲ ਰੈਲੀ ਕੀਤੀ ਜਾਵੇਗੀ।

ਕਣਕ ਦੇ ਸਮਰਥਨ ਮੁੱਲ 'ਚ ਕਟੌਤੀ ਖਿਲਾਫ਼ ਰੇਲ ਗੱਡੀਆਂ ਦਾ ਚੱਕਾ ਜਾਮ

ਬਠਿੰਡਾ (ਬਖਤੌਰ ਢਿੱਲੋਂ) ਕੇਂਦਰ ਸਰਕਾਰ ਵੱਲੋਂ ਕਣਕ ਦੇ ਸਮਰਥਨ ਮੁੱਲ ਵਿੱਚ ਕੀਤੀ ਕਟੌਤੀ ਨੂੰ ਵਾਪਸ ਕਰਾਉਣ ਲਈ ਕੌਮੀ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਬਠਿੰਡਾ ਵੱਲੋਂ ਬਠਿੰਡਾ ਦੇ ਰੇਲਵੇ ਜੰਕਸ਼ਨ 'ਤੇ ਰੇਲ ਗੱਡੀਆਂ ਦਾ ਚੱਕਾ ਜਾਮ ਕੀਤਾ। ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸ਼ਿਗਾਰਾ ਸਿੰਘ ਮਾਨ, ਜਨਰਲ ਸਕੱਤਰ ਹਰਜਿੰਦਰ ਸਿੰਘ ਬੱਗੀ ਤੇ ਔਰਤ ਜਥੇਬੰਦੀ ਦੇ ਆਗੂ ਹਰਿੰਦਰ ਬਿੰਦੂ ਨੇ ਕਿਹਾ ਕਿ ਇਸ ਵਾਰ ਕਣਕ ਸਮੇਤ ਹੋਰ ਫਸਲਾਂ ਨੂੰ ਪੱਕਣ ਸਮੇਂ ਦੌਰਾਨ ਆਏ ਮੀਂਹ, ਝੱਖੜ ਤੇ ਗੜੇਮਾਰੀ ਨੇ ਤਬਾਹ ਕਰ ਦਿੱਤਾ। ਕਿਸਾਨ ਆਗੂਆਂ ਨੇ ਕਿਹਾ ਕਿ ਲੋੜ ਤਾਂ ਕੁਦਰਤ ਦੇ ਇਸ ਮੌਸਮੀ ਕਰੋਪੀ ਨੂੰ ਕੌਮੀ ਆਫ਼ਤ ਮੰਨਦੇ ਹੋਏ ਕਿਸਾਨਾਂ ਦੇ ਹੋਏ ਨੁਕਸਾਨ ਦੀ ਕੋਈ ਭਰਪਾਈ ਕਰਨ ਦੀ ਸੀ, ਕਿਉਂਕਿ ਇਸ ਵਿੱਚ ਕਿਸਾਨਾਂ ਦਾ ਕੋਈ ਕਸੂਰ ਨਹੀਂ, ਪਰ ਕੇਂਦਰ ਦੀ ਭਾਜਪਾ ਸਰਕਾਰ ਨੇ ਇਸਦੇ ਉਲਟ ਕਣਕ ਦੇ ਘੱਟੋ ਘੱਟ ਖਰੀਦ ਮੁੱਲ 'ਤੇ ਸ਼ਰਤਾਂ ਮੜ੍ਹ ਕੇ 37 ਰੁਪਏ ਪ੍ਰਤੀ ਕੁਇੰਟਲ ਤੱਕ ਦਾ ਕੱਟ ਲਾ ਦਿੱਤਾ, ਜਿਸ ਕਾਰਨ ਪਹਿਲਾਂ ਤੋਂ ਹੀ ਕਰਜ਼ੇ ਥੱਲੇ ਦੱਬੇ ਕਿਸਾਨਾਂ ਨੂੰ ਹੋਰ ਆਰਥਿਕ ਬੋਝ ਝੱਲਣਾ ਪਵੇਗਾ ਅਤੇ ਖੁਦਕੁਸ਼ੀਆਂ ਦਾ ਦੌਰ ਵਧਣ ਦਾ ਖਦਸ਼ਾ ਹੈ। ਉਨ੍ਹਾਂ ਕਿਹਾ ਕਿ ਫ਼ਸਲਾਂ ਦੀ ਖਰੀਦ ਤੇ ਸ਼ਰਤਾਂ ਮੜ੍ਹਨਾ ਅਸਲ ਵਿੱਚ ਸਰਕਾਰੀ ਖਰੀਦ ਤੋਂ ਭੱਜਣ ਦੀ ਨੀਤੀ ਦਾ ਮਾਮਲਾ ਹੈ।

ਬਸੰਤ ਸਿੰਘ ਕੋਠਾ ਗੁਰੂ, ਦਰਸ਼ਨ ਸਿੰਘ ਮਾਈਸਰਖਾਨਾ ਤੇ ਪਰਮਜੀਤ ਕੌਰ ਪਿੱਥੋ ਨੇ ਕਿਹਾ ਕਿ ਮੋਦੀ ਸਰਕਾਰ ਨੇ ਖੇਤੀ ਵਿਰੋਧੀ ਲਿਆਂਦੇ ਕਾਨੂੰਨ ਭਾਵੇਂ ਪੂਰੇ ਦੇਸ ਦੇ ਕਿਸਾਨਾਂ ਦੇ ਸੰਘਰਸ਼ ਅਤੇ ਉਸ ਨੂੰ ਮਿਲੇ ਪੂਰੀ ਦੁਨੀਆ ਦੇ ਸਮਰਥਨ ਦੇ ਦਬਾਅ ਤਹਿਤ ਵਾਪਸ ਲੈ ਲਏ ਸਨ, ਪਰ ਸਰਮਾਏਦਾਰ ਦੇ ਦਬਾਅ ਤਹਿਤ ਕੇਂਦਰੀ ਹਕੂਮਤ ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰਨ ਲਈ ਰਹੀ ਹੈ। ਇਹ ਨੀਤੀਆਂ ਲਾਗੂ ਕਰਨ ਲਈ ਲੋਕਾਂ ਦੇ ਏਕੇ ਦੀ ਤਾਕਤ ਤੋੜਨ ਖਾਤਰ ਫਿਰਕਾਪ੍ਰਸਤੀ ਚਾਲਾਂ ਵੀ ਚੱਲੀਆਂ ਜਾ ਰਹੀਆਂ ਹਨ। ਫ਼ਸਲਾਂ ਦੀ ਖਰੀਦ 'ਤੇ ਸਖਤ ਸ਼ਰਤਾਂ ਮੜ੍ਹ ਕੇ ਸਰਕਾਰੀ ਖਰੀਦ ਤੋਂ ਭੱਜਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਜੁ ਸਰਮਾਏਦਾਰ ਵਪਾਰੀਆਂ ਨੂੰ ਕਿਸਾਨਾਂ ਤੋਂ ਫਸਲਾਂ ਲੁੱਟਣ ਦੀ ਖੁੱਲ੍ਹ ਮਿਲ ਸਕੇ।

ਜਗਦੇਵ ਸਿੰਘ ਜੋਗੇਵਾਲਾ, ਜਗਸੀਰ ਸਿੰਘ ਝੁੰਬਾ, ਕਰਮਜੀਤ ਕੌਰ ਲਹਿਰਾ ਖਾਨਾ ਸਮੇਤ ਬੁਲਾਰਿਆਂ ਨੇ ਮੰਗ ਕੀਤੀ ਕਿ ਦਾਗੀ ਜਾਂ ਪਿਚਕੇ ਦਾਣਿਆਂ ਦਾ ਦੋਸ਼ ਸਰਾਸਰ ਨਜਾਇਜ਼ ਕਿਸਾਨਾਂ ਸਿਰ ਮੜ੍ਹ ਕੇ ਕੇਂਦਰ ਸਰਕਾਰ ਦਾ ਕਣਕ ਦੇ ਰੇਟ ਵਿੱਚ ਕਟੌਤੀ ਕਰਨ ਦਾ ਫੈਸਲਾ ਤੁਰੰਤ ਵਾਪਸ ਕਰਾਉਣ, ਭਾਰੀ ਮੀਂਹ, ਤੂਫਾਨ, ਗੜ੍ਹੇਮਾਰੀ ਨੂੰ ਕੌਮੀ ਆਫ਼ਤ ਮੰਨ ਕੇ ਇਸ ਨਾਲ ਹੋਏ ਫ਼ਸਲੀ ਨੁਕਸਾਨ ਅਤੇ ਹੋਰ ਜਾਇਦਾਦ ਮਕਾਨਾਂ ਆਦਿ ਦੇ ਹੋਏ ਨੁਕਸਾਨ ਦੀ ਪੂਰੀ-ਪੂਰੀ ਭਰਪਾਈ ਦੀ ਅਦਾਇਗੀ ਕਾਸ਼ਤਕਾਰ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੂੰ ਤੁਰੰਤ ਕਰਾਉਣ, 15000 ਰੁਪਏ ਪ੍ਰਤੀ ਏਕੜ ਦੇ ਨਿਗੂਣੇ ਮੁਆਵਜ਼ੇ ਦੀ ਅਦਾਇਗੀ ਵੀ ਸਿਰਫ਼ ਪੰਜ ਏਕੜ ਤੱਕ ਕਰਨ ਦੀ ਬੇਤੁਕੀ ਕਿਸਾਨ ਵਿਰੋਧੀ ਸਰਤ ਤੁਰੰਤ ਵਾਪਸ ਕਰਾਉਣ, ਮਿੱਥੇ ਹੋਏ ਸਰਕਾਰੀ ਸਮਰਥਨ ਮੁੱਲ ਮੁਤਾਬਕ ਕਟੌਤੀ ਤੋਂ ਬਿਨਾਂ ਪੂਰੀ ਦੀ ਪੂਰੀ ਕਣਕ ਤੇ ਦੂਜੀਆਂ ਫ਼ਸਲਾਂ ਦੀ ਨਿਰਵਿਘਨ ਖਰੀਦ ਯਕੀਨੀ ਬਣਾਉਣ, ਕਿਸਾਨਾਂ ਸਿਰ ਚੜ੍ਹੇ ਕਰਜ਼ੇ ਦਾ ਵਿਆਜ ਮੁਆਫ਼ ਕਰਕੇ ਇਸ ਦੀਆਂ ਕਿਸ਼ਤਾਂ ਅੱਗੇ ਪਾਈਆਂ ਜਾਣ।

ਧਰਨੇ ਨੂੰ ਨਛੱਤਰ ਸਿੰਘ ਢੱਡੇ, ਸੁਖਦੇਵ ਸਿੰਘ ਰਾਮਪੁਰਾ, ਬਲਦੇਵ ਸਿੰਘ ਚੌਕੇ, ਕੁਲਵੰਤ ਸ਼ਰਮਾ ਰਾਏਕੇ ਕਲਾਂ, ਜਸਪਾਲ ਸਿੰਘ ਕੋਠਾਗੁਰੂ, ਹਰਪ੍ਰੀਤ ਸਿੰਘ ਚੱਠੇਵਾਲਾ, ਹੁਸ਼ਿਆਰ ਸਿੰਘ ਚੱਕ ਫ਼ਤਿਹ ਸਿੰਘ ਵਾਲਾ, ਹਰਪ੍ਰੀਤ ਸਿੰਘ ਸਿਵੀਆ, ਕਲਕੱਤਾ ਸਿੰਘ ਮਾਣਕ ਖਾਨਾ, ਸੁਖਜੀਤ ਕੌਰ ਚੱਕ ਫ਼ਤਿਹ ਸਿੰਘ ਵਾਲਾ, ਮਾਲਣ ਕੌਰ ਕੋਠਾਗੁਰੂ ਨੇ ਵੀ ਸੰਬੋਧਨ ਕੀਤਾ।

ਵਧੀਕ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

ਸਰਦੂਲਗੜ੍ਹ (ਅਵਤਾਰ ਜਟਾਣਾ)-ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਅਧੀਨ ਜੋ ਵੀ ਨਜ਼ਇਜ਼ ਕਬਜ਼ੇ ਹਨ, ਉਨ੍ਹਾਂ ਨੂੰ ਨੋਟਿਸ ਜਾਰੀ ਕਰਦਿਆਂ ਕਬਜ਼ੇ ਹਟਾਉਣ ਦੀ ਹਦਾਇਤ ਕੀਤੀ ਜਾਵੇ। ਇਨ੍ਹਾਂ ਗੱਲਾ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਟੀ. ਬੈਨਿਥ ਨੇ ਵੱਖ-ਵੱਖ ਵਿਭਾਗਾਂ ਦੇ ਵਿਕਾਸ ਕੰਮਾਂ ਦੀ ਸਮੀਖਿਆ ਮੀਟਿੰਗ ਦੌਰਾਨ ਕੀਤਾ।

ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਕਾਰਜ ਸਾਧਕ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਲਈ ਯਤਨ ਕੀਤੇ ਜਾਣ। ਇਸ ਤੋਂ ਇਲਾਵਾ ਸੜਕਾਂ 'ਤੇ ਟ੍ਰੈਫਿਕ ਵਿਚ ਵਿਘਨ ਪਾਉਂਦੇ ਕਬਜ਼ਿਆਂ 'ਤੇ ਵੀ ਗ਼ੌਰ ਕਰਕੇ ਹਟਾਇਆ ਜਾਵੇ। ਉਨ੍ਹਾਂ ਕਿਹਾ ਕਿ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨੂੰ ਰੋਕਣ ਲਈ ਚਲਾਣ ਕੀਤੇ ਜਾਣ।

ਉਨ੍ਹਾਂ ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਅਧੀਨ ਚੱਲ ਰਹੀਆਂ ਲੋਕ ਭਲਾਈ ਸਕੀਮਾਂ ਤੇ ਇਨ੍ਹਾਂ ਸਕੀਮਾਂ ਨਾਲ ਰਜਿਸਟਰਡ ਲਾਭਪਾਤਰੀਆਂ ਬਾਰੇ ਜਾਣਕਾਰੀ ਲਈ, ਉੱਥੇ ਹੀ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਤੋਂ ਸਰਕਾਰੀ ਸਕੂਲਾਂ ਵਿਚ ਵਿਦਿਆਰਥੀਆਂ ਦੇ ਦਾਖਲਿਆਂ, ਵਿਭਾਗ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਤੇ ਮਿਡ ਡੇਅ ਮੀਲ ਦੀ ਕਾਰਜਗੁਜ਼ਾਰੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਮਿਡ ਡੇਅ ਮੀਲ ਵਿਚ ਖਾਣੇ ਦੀ ਗੁਣਵੱਤਾ ਦਾ ਖਾਸ ਖਿਆਲ ਰੱਖਿਆ ਜਾਵੇ।

ਉਨ੍ਹਾਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੂੰ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਬੱਸਾਂ ਦੀ ਨਿਰੰਤਰ ਚੈਕਿੰਗ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਨਿਯਮਾਂ ਦੀਆਂ ਉਲੰਘਣਾਂ ਕਰਨ ਵਾਲੀਆਂ ਸਕੂਲੀ ਬੱਸਾਂ ਦੇ ਚਲਾਣ ਕੀਤੇ ਜਾਣ।

ਉਨ੍ਹਾਂ ਅਸ਼ੀਰਵਾਦ ਸਕੀਮ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਲੋੜਵੰਦ ਲੋਕਾਂ ਲਈ ਚੱਲ ਰਹੀਆਂ ਇਨ੍ਹਾਂ ਯੋਜਨਾਵਾਂ ਦਾ ਲੋਕਾਂ ਨੂੰ ਸਮਾਂਬੱਧ ਢੰਗ ਨਾਲ ਲਾਭ ਮੁਹੱਈਆ ਕਰਾਇਆ ਜਾਵੇ।

ਇਸ ਮੌਕੇ ਸਹਾਇਕ ਕਮਿਸ਼ਨਰ (ਜ) ਸ੍ਰੀ ਹਰਜਿੰਦਰ ਸਿੰਘ ਜੱਸਲ, ਡੀ.ਐਸ.ਪੀ. (ਹੈਡਕੁਆਰਟਰ) ਸ੍ਰੀ ਲਖਬੀਰ ਸਿੰਘ ਤੋਂ ਇਲਾਵਾ ਸਮੂਹ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਕਾਤਰਾਂ

ਵਿੱਤੀ ਵਰ੍ਹੇ ਦੌਰਾਨ 1 ਲੱਖ 72 ਹਜ਼ਾਰ 665 ਰੁਪਏ ਦੀਆਂ ਕਿਤਾਬਾਂ ਵੇਚੀਆਂ

ਮਾਨਸਾ, (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਲੰਘੇ ਵਿੱਤੀ ਸਾਲ ਦੌਰਾਨ ਲਗਭਗ 1,72,665/- (ਇਕ ਲੱਖ ਬਹੱਤਰ ਹਜ਼ਾਰ ਛੇ ਸੌ ਪੈਂਹਠ) ਰੁਪਏ ਦੀਆਂ ਕਿਤਾਬਾਂ ਦੀ ਵਿਕਰੀ ਕੀਤੀ ਹੈ। ਇਹ ਜਾਣਕਾਰੀ ਜ਼ਿਲ੍ਹਾ ਭਾਸ਼ਾ ਅਫਸਰ ਤੇਜਿੰਦਰ ਪਾਲ ਕੌਰ ਨੇ ਦਿੰਦਿਆਂ ਦੱਸਿਆ ਕਿ ਭਾਸ਼ਾ ਵਿਭਾਗ ਪੰਜਾਬ ਵੱਲੋਂ ਮਿਆਰੀ ਅਤੇ ਉੱਚ ਕੋਟੀ ਦਾ ਸਾਹਿਤ ਪਾਠਕਾਂ ਲਈ ਛਾਪਿਆ ਜਾਂਦਾ ਹੈ, ਜਿਸ ਵਿੱਚ ਦੂਜੀਆਂ ਭਾਸ਼ਾਵਾਂ ਅਤੇ ਕਲਾਸਿਕ ਸਾਹਿਤ ਦਾ ਅਨੁਵਾਦ, ਲਿਪੀਅੰਤਰ ਕੀਤੀਆਂ ਪੁਸਤਕਾਂ ਤੇ ਕੋਸ਼ ਸ਼ਾਮਲ ਹਨ। ਮਹਾਨ ਕੋਸ਼, ਪੰਜਾਬ ਕੋਸ਼, ਗੁਲਿਸਤਾਂ ਬੋਸਤਾਂ, ਪੰਜਾਬ, ਗੁਰਸਬਦਾਲੰਕਾਰ, ਤੁਕ ਤਤਕਰਾ, ਸ੍ਰੀ ਗੁਰੂ ਪ੍ਰਤਾਪ ਸੂਰਜ ਗ੍ਰੰਥ, ਭਾਈ ਵੀਰ ਸਿੰਘ ਰਚਨਾਵਲੀ, ਸਹੀਦਾਨਿ ਵਫਾ, ਤਵਾਰੀਖ਼ ਗੁਰੂ ਖਾਲਸਾ, ਪ੍ਰਮੁੱਖ ਪੱਛਮੀ ਸਾਹਿਤ ਚਿੰਤਕ, ਪ੍ਰਮੁੱਖ ਪੂਰਬੀ ਸਾਹਿਤ ਚਿੰਤਕ ਅਤੇ ਹੋਰ ਕਈ ਪ੍ਰਸਿੱਧ ਪੁਸਤਕਾਂ ਭਾਸ਼ਾ ਵਿਭਾਗ, ਪੰਜਾਬ ਦੀਆਂ ਮੁੱਲਵਾਨ ਕਿਰਤਾਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਕੀਤੀ ਗਈ ਇਹ ਵਿਕਰੀ ਇਸ ਗੱਲ ਦੀ ਗਵਾਹੀ ਭਰਦੀ ਹੈ ਕਿ ਭਾਸ਼ਾ ਵਿਭਾਗ ਜ਼ਿਲ੍ਹੇ ਵਿੱਚ ਨਵੇਂ ਪਾਠਕ ਪੈਦਾ ਕਰਨ ਦੇ ਸਮਰੱਥ ਹੋਇਆ ਹੈ। ਕਿਤਾਬਾਂ ਨਾਲ ਜੁੜਨਾ ਵਿਅਕਤੀ ਦੀ ਸਮਝ ਨੂੰ ਹੋਰ ਪਕੇਰੀ ਕਰਦਾ ਹੈ। ਉਨ੍ਹਾਂ ਕਿਹਾ ਕਿ ਭਾਸ਼ਾ ਵਿਭਾਗ ਦੀਆਂ ਕਿਤਾਬਾਂ ਬਹੁਤ ਹੀ ਘੱਟ ਕੀਮਤਾਂ 'ਤੇ ਉਪਲਬਧ ਹਨ।

ਹਵਾਈ ਅੱਡੇ ਦੇ ਨਿਰਮਾਣ ਨੂੰ ਲੈ ਕੇ ਸ਼ੁਰੂ ਹੋਈ ਕਰੈਡਿਟ ਵਾਰ

ਜਗਰਾਉਂ (ਅਮਿਤ ਖੰਨਾ) ਕੌਮਾਂਤਰੀ ਹਲਵਾਰਾ ਹਵਾਈ ਅੱਡੇ ਦੇ ਨਿਰਮਾਣ ਨੂੰ ਲੈ ਕੇ ਸੱਤਾਧਾਰੀ ਤੇ ਵਿਰੋਧੀ ਧਿਰ ਕਾਂਗਰਸ ਵਿੱਚ 'ਕਰੈਡਿਟ ਵਾਰ' ਸ਼ੁਰੂ ਹੋ ਗਈ ਹੈ। ਪਿਛਲੇ ਸਮੇਂ ਦੌਰਾਨ ਜਿਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਲੈ ਕੇ ਕੈਬਨਿਟ ਮੰਤਰੀ ਅਤੇ 'ਆਪ' ਦੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਦੌਰਾ ਕਰਕੇ ਇਸ ਦੇ ਨਿਰਮਾਣ ਕਾਰਜਾਂ ਦਾ ਸਰਕਾਰ ਸਿਰ ਸਿਹਰਾ ਬਣ ਚੁੱਕੇ ਹਨ, ਉਥੇ ਕਾਂਗਰਸ ਨਾਲ ਸਬੰਧਤ ਐੱਮਪੀ ਰਵਨੀਤ ਸਿੰਘ ਬਿੱਟੂ ਤੇ ਐੱਮਪੀ ਡਾ. ਅਮਰ ਸਿੰਘ ਨੇ ਵੀ ਹਵਾਈ ਅੱਡੇ ਦਾ ਦੌਰਾ ਕਰਦਿਆਂ ਇਸ ਕੌਮਾਂਤਰੀ ਹਵਾਈ ਅੱਡੇ ਨੂੰ ਕਾਂਗਰਸ ਸਰਕਾਰ ਦੀ ਦੇਣ ਦੱਸਿਆ। ਵਰਣਨਯੋਗ ਹੈ ਕਿ ਹਲਵਾਰਾ ਏਅਰਪੋਰਟ ਨਿਰਮਾਣ ਕਮੇਟੀ ਦੇ ਐਮਪੀ ਡਾ. ਅਮਰ ਸਿੰਘ ਚੇਅਰਮੈਨ ਹਨ ਤੇ ਐੱਮਪੀ ਰਵਨੀ

page-6-20-(APRIL)-2023-G-(BV).qxd 4/19/2023 10:44 PM Page 1

ਕਲਾਸੀਫਾਈਡ ਇਸ਼ਤਿਹਾਰ

ਸਕੂਲੀ ਵਿਦਿਆਰਥੀਆਂ ਨੂੰ ਸੂਬੇ ਦੇ ਇਤਿਹਾਸ ਤੇ ਵਿਰਾਸਤ ਨਾਲ ਜੋੜਿਆ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)- ਵਿਸ਼ਵ ਵਿਰਾਸਤ ਦਿਵਸ ਦੇ ਮੌਕੇ 'ਤੇ ਪੰਜਾਬ ਟੂਰਿਜ਼ਮ ਵਿਭਾਗ ਵੱਲੋਂ ਸੈਰ ਸਪਾਟਾ ਅਤੇ ਸੱਭਿਆਚਾਰਕ ਮੰਤਰੀ ਪੰਜਾਬ ਅਨਮੋਲ ਗਗਨ ਮਾਨ, ਸਕੱਤਰ ਸੈਰ-ਸਪਾਟਾ ਗੁਰਕੀਰਤ ਕ੍ਰਿਪਾਲ ਸਿੰਘ ਅਤੇ ਡਾਇਰੈਕਟਰ ਸੈਰ ਸਪਾਟਾ ਮੈਡਮ ਅੰਮ੍ਰਿਤ ਸਿੰਘ ਦੀਆਂ ਹਦਾਇਤਾਂ ਅਨੁਸਾਰ ਇੱਕ ਖਾਸ ਪ੍ਰੋਗਰਾਮ ਉਲੀਕਿਆ ਗਿਆ ਜਿਸ ਵਿੱਚ ਸਕੂਲ ਵਿਦਿਆਰਥੀਆਂ ਨੂੰ ਇਤਿਹਾਸਕ ਥਾਵਾਂ 'ਤੇ ਖਾਸ ਤੌਰ ਉਤੇ ਸੱਦਾ ਪੱਤਰ ਦਿੱਤਾ ਜਾ ਰਿਹਾ ਹੈ ਤਾਂ ਜੋ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਨਾਲ ਜੋੜਿਆ ਜਾ ਸਕੇ। ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਇਸੇ ਵਿਸ਼ੇਸ਼ ਪ੍ਰੋਗਰਾਮ ਤਹਿਤ ਅੱਜ ਸ੍ਰੀ ਚਮਕੌਰ ਸਾਹਿਬ ਵਿਖੇ ਬਣਾਏ ਗਏ ਦਾਸਤਾਨ-ਏ-ਸ਼ਹਾਦਤ ਦਿਖਾਇਆ ਗਿਆ ਅਤੇ ਸੂਬੇ ਦੀ ਅਮੀਰ ਵਿਰਾਸਤ ਅਤੇ ਸਿੱਖ ਇਤਿਹਾਸ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਵਿਦਿਆਰਥੀਆਂ ਵਲੋਂ ਦਾਸਤਾਨ-ਏ-ਸ਼ਹਾਦਤ ਵਿਖੇ ਬਣਾਏ ਗਏ ਓਡੀਟੋਰੀਅਮ ਪ੍ਰਤੀ ਵਿਸ਼ੇਸ਼ ਸਤਿਕਾਰ ਵੀ ਪ੍ਰਗਟ ਕੀਤਾ ਗਿਆ ਕਿ ਅਸੀਂ ਕਿਵੇਂ ਆਪਣੇ ਇਤਿਹਾਸ ਤੋਂ ਮਾਰਗ ਦਰਸ਼ਨ ਲੈ ਕੇ ਆਪਣੇ ਜੀਵਨ ਦੇ ਕਿਸੇ ਵੀ ਟੀਚੇ ਨੂੰ ਹਾਸਲ ਕਰ ਸਕਦੇ ਹਾਂ।

ਸਾਬਕਾ ਮੰਤਰੀ ਦੀ ਗਲੀ ਸੀਵਰੇਜ ਦੇ ਪਾਣੀ ਨਾਲ ਬਣੀ ਨਰਕ

ਮਾਨਸਾ (ਆਤਮਾ ਸਿੰਘ ਪਮਾਰ)

ਪਿਛਲੇ ਕਾਫੀ ਲੰਬੇ ਸਮੇਂ ਤੋਂ ਚੱਲ ਰਹੀ ਕਚਹਿਰੀ ਰੋਡ ਗਾਰੋਵਾਲ ਸਟਰੀਟ ਦੀ ਸੀਵਰੇਜ ਦੀ ਗੰਦਗੀ ਦੀ ਸਮੱਸਿਆ ਉਸੇ ਤਰ੍ਹਾਂ ਬਰਕਰਾਰ ਹੈ। ਇਸ ਗਲੀ ਦੇ ਵਸਨੀਕ ਨਗਰ ਕੌਂਸਲ ਦੀ ਕਾਰਗੁਜ਼ਾਰੀ ਤੋਂ ਕਾਫੀ ਨਿਰਾਸ਼ ਹਨ। ਦੱਸ ਦੇਈਏ ਕਿ ਇਹ ਗਲੀ ਡਿਪਟੀ ਕਮਿਸ਼ਨਰ ਦੇ ਦਫਤਰ ਦੇ ਬਿਲਕੁਲ ਨਾਲ ਲੱਗਦੀ ਹੈ।

ਜ਼ਿਕਰਯੋਗ ਹੈ ਕਿ ਸਾਬਕਾ ਮਰਹੂਮ ਮੰਤਰੀ ਸ਼ੇਰ ਸਿੰਘ ਗਾਗੋਵਾਲ ਦੇ ਪਰਵਾਰ (ਕਾਂਗਰਸ ਜ਼ਿਲ੍ਹਾ ਪ੍ਰਧਾਨ ਮਾਈਕਲ ਗਾਗੋਵਾਲ) ਦੀ ਰਿਹਾਇਸ਼ ਵੀ ਇਸੇ ਗਲੀ ਵਿਚ ਹੀ ਹੈ। ਜ਼ਿਲ੍ਹੇ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਮਾਨਸਾ ਨੂੰ ਸਾਫ-ਸੁਥਰਾ ਵਾਤਾਵਰਣ ਦੇਣ ਦੀਆਂ ਦਲੀਲਾਂ ਦਿੱਤੀਆਂ ਜਾਂਦੀਆਂ ਹਨ, ਪਰ ਇਹ ਸਭ ਕੁਝ ਕਾਗ਼ਜ਼ੀ ਹੀ ਜਾਪਦਾ ਹੈ।

ਪੀੜਤ ਸ਼ਹਿਰ ਵਾਸੀਆਂ ਨੇ ਆਪਣੀ ਸਮੱਸਿਆ ਜ਼ਾਹਰ ਕਰਦੇ ਹੋਏ ਕਿਹਾ ਕਿ ਲੰਬੇ ਤੋਂ ਸੀਵਰੇਜ ਬੰਦ ਹੋਣ ਕਾਰਨ ਸ਼ਹਿਰ ਦਾ ਗੰਦਾ ਪਾਣੀ ਉਨ੍ਹਾਂ ਦੇ ਘਰਾਂ ਤੇ ਗਲੀਆਂ 'ਚ ਜਮ੍ਹਾਂ ਹੋਣ ਕਰਕੇ ਨਰਕ 'ਚ ਦਿਨ ਕੱਟਣੇ ਪੈ ਰਹੇ ਹਨ। ਸਰਕਾਰੇ ਦਰਬਾਰੇ ਕਈ ਵਾਰ ਗੁਹਾਰ ਲਾਈ, ਪਰ ਕੋਈ ਹੱਲ ਨਹੀਂ ਹੋ ਰਿਹਾ।

ਤਸਵੀਰਾਂ ਸ਼ਹਿਰ ਦੇ ਹੋਏ ਵਿਕਾਸ ਦੀ ਪੋਲ ਖੋਲ੍ਹ ਰਹੀਆਂ ਹਨ। ਗਲੀਆਂ ਵਿੱਚ ਫੈਲੇ ਗੰਦੇ ਪਾਣੀ ਕਾਰਨ ਵੱਖ-ਵੱਖ ਮੁਹੱਲਿਆਂ 'ਚ ਬਿਮਾਰੀਆਂ ਫੈਲਣ ਦਾ ਖਦਸ਼ਾ ਬਣਿਆ ਹੋਇਆ ਤੇ ਦੂਜੇ ਪਾਸੇ ਬਿਮਾਰੀਆਂ ਦਾ ਪ੍ਰਕੋਪ ਜ਼ੋਰਾਂ 'ਤੇ ਹੈ, ਜਿਸ ਕਾਰਨ ਏਰੀਏ 'ਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।

ਮੁਹੱਲਾ ਵਾਸੀਆਂ ਦਾ ਕਹਿਣਾ ਹੈ ਕਿ ਕਈ ਵਾਰ ਸ਼ਿਕਾਇਤਾਂ ਲਿਖਾਉਣ ਤੋਂ ਬਾਅਦ ਵੀ ਸਮੱਸਿਆ ਜਿਉਂ ਦੀ ਤਿਉਂ ਹੀ ਹੈ। ਮੁਹੱਲਾ ਨਿਵਾਸੀਆਂ ਦਾ ਕਹਿਣਾ ਹੈ ਕਿ ਜੇਕਰ ਜਲਦੀ ਉਨ੍ਹਾਂ ਦੀ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਵਿਭਾਗ ਦੇ ਦਫ਼ਤਰ ਦੇ ਬਾਹਰ ਧਰਨਾ ਲਾਉਣ ਲਈ ਮਜਬੂਰ ਹੋ ਜਾਣਗੇ, ਜਿਸਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਖਾਲਸਾ ਸਕੂਲ ਦਾ ਪੰਜਵੀਂ ਜਮਾਤ ਦਾ ਨਤੀਜਾ 100 ਫੀਸਦੀ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)- ਸਥਾਨਕ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ ਪੰਜਵੀਂ ਜਮਾਤ ਦਾ ਨਤੀਜਾ 100 ਫੀਸਦੀ ਰਿਹਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੀ ਪ੍ਰਿੰਸੀਪਲ ਕਿਰਨਜੋਤ ਕੌਰ ਮਾਂਗਟ ਨੇ ਦੱਸਿਆ ਕਿ ਇਸ ਨਤੀਜੇ ਵਿੱਚ ਇਸ ਜਮਾਤ ਦੇ ਸਾਰੇ ਵਿਦਿਆਰਥੀ ਵੀ ਪਾਸ ਹੋ ਗਏ ਹਨ ਅਤੇ ਜਿਨ੍ਹਾਂ ਵਿੱਚੋਂ ਰਣਵੀਰ ਸਿੰਘ ਪੁੱਤਰ ਜੈਪਾਲ ਸਿੰਘ ਨੇ 93 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਭਵਨਦੀਪ ਕੌਰ ਪੁੱਤਰੀ ਹੁਕਮ ਸਿੰਘ ਨੇ 91 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਗੁਰਦਿੱਤ ਸਿੰਘ ਪੁੱਤਰ ਕੁਲਦੀਪ ਸਿੰਘ ਨੇ 88 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਅੱਜ ਸਵੇਰ ਦੀ ਸਭਾ ਵਿਚ ਇਨ੍ਹਾਂ ਵਿਦਿਆਰਥੀਆਂ ਨੂੰ ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਐੱਨ. ਸੀ. ਸੀ. ਅਫਸਰ ਰਣਜੀਤ ਸਿੰਘ ਧਾਰਨੀ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਪ੍ਰਾਪਤੀਆਂ ਕਾਰਨ ਮੁਬਾਰਕਾਂ ਦਿੱਤੀਆਂ ਅਤੇ ਭਵਿੱਖ ਦੀ ਸਫਲਤਾ ਦੀ ਕਾਮਨਾ ਕੀਤੀ। ਇਸ ਮੌਕੇ ਭਿੰਦਰ ਸਿੰਘ, ਅਵਤਾਰ ਸਿੰਘ, ਮੇਜਰ ਸਿੰਘ, ਮੁਨੀਸ਼ ਭੱਲਾ, ਦਵਿੰਦਰ ਸਿੰਘ, ਮੈਡਮ ਰਾਜ ਰਾਣੀ ਤੋਂ ਇਲਾਵਾ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਏ-ਸੀ ਫਸਟ ਗਰੇਡ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ,

ਵਿਸ਼ਾ :-ਮਾਲ ਰਿਕਾਰਡ ਪਿੰਡ ਚੱਤੋਵਾਲ ਦੇ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ

ਨੋਟਿਸ ਬਨਾਮ ਜਨਰਲ ਪਬਲਿਕ

ਮਲਕੀਤ ਸਿੰਘ ਪੁੱਤਰ ਸ੍ਰੀ ਭਜਨਾ ਰਾਮ ਵਾਸੀ ਪਿੰਡ ਚੱਤੋਵਾਲ, ਤਹਿਸੀਲ ਟਾਂਡਾ ਨੇ ਇਸ ਦਫਤਰ ਵਿੱਚ ਦਰਖਾਸਤ ਦਿੱਤੀ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਦੇ ਵਿੱਚ ਮਨਜੀਤ ਸਿੰਘ ਪੁੱਤਰ ਸ੍ਰੀ ਭਜਨਾ ਦਾਸ ਦਰਜ ਹੈ, ਜੋ ਕਿ ਗਲਤ ਹੈ ਅਤੇ ਉਸ ਦਾ ਸਹੀ ਨਾਂਅ ਮਲਕੀਤ ਸਿੰਘ ਪੁੱਤਰ ਸ੍ਰੀ ਭਜਨਾ ਰਾਮ ਹੈ। ਸਬੂਤ ਵਜੋਂ ਉਸ ਨੇ ਆਪਣੇ ਆਧਾਰ ਕਾਰਡ, ਪੈਨ ਕਾਰਡ, ਵੋਟਰ ਕਾਰਡ ਦੀਆਂ ਕਾਪੀਆਂ ਨਾਲ ਪੇਸ਼ ਕੀਤੀਆਂ ਹਨ, ਜਿਹਨਾਂ ਵਿੱਚ ਉਸ ਦਾ ਨਾਂਅ ਮਲਕੀਤ ਸਿੰਘ ਪੁੱਤਰ ਸ੍ਰੀ ਭਜਨਾ ਰਾਮ ਹੀ ਦਰਜ ਹੈ। ਇਸ ਨਾਂਅ ਦੀ ਸੋਧ ਦੇ ਸੰਬੰਧੀ ਅਗਰ ਕਿਸੇ ਵੀ ਵਿਅਕਤੀ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਦੇ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਇਸ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਦੇ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।

ਅੱਜ ਮਿਤੀ 19.04.23 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਦੇ ਨਾਲ ਜਾਰੀ ਹੋਇਆ।

ਸਹੀ/-ਤਹਿਸੀਲਦਾਰ-ਕਮ-ਏ-ਸੀ ਫਸਟ ਗਰੇਡ ਟਾਂਡਾ।

Court Notice

(U/o Rule 20 CPC)

In the court of Sh. Rajesh Ahluwalia

Additional Civil Judge (Senior Division), Tarn Taran

Next Date, Purpose of Case, Orderes and Judgments as well as other case

information is available on http://districts. ecourts .gov.in

CNR No. PBTT02-000113-2022

Next Date : 28-07-2023

IDBI Bank LTD

Vs

Harpal Singh

Publication issued to : 1. Harpal Singh Father : Karaj Singh, 2. Sukhwinder Singh S/o Pritam Singh Both R/o V.P.O. Lalu Ghuman , Tehsil Chabal Kalan, Distt. Tarn Taran

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 28.07.2023 at 10.00 a.m.

For details logon to https://highcourtchd.gov.in/?trs=district notice&district=Tarn Taran

Additional Civil Judge (Senior Division), Tarn Taran

Dated, this day of 13.4.2023

ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ

V/S ਆਮ ਜਨਤਾ

ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ

ਬਿਨੈਕਾਰ ਦਾ ਨਾਮ: ਗੁਰਦਿਆਲ ਸਿੰਘ , ਪਿਤਾ / ਪਤੀ ਦਾ ਨਾਮ: ਅਜੀਤ ਸਿੰਘ, ਪਤਾ:VILLAGE BHAI LADHU TEHSIL PATTI DISTT TARN TARAN, village- Bhai Ladhu/Tehsil- Patti / District - Tarn Taran, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤ ਗਏ ਹਨ:-

ਨਾਮ: ਗੁਰਵੇਲ ਸਿੰਘ , ਪੱਕਾ ਪਤਾ: VILLAGE BHAI LADHU TEHSIL PATTI DISTT TARN TARAN, Bhai Ladhu Patti, Tarn Taran, Punjab, ਵਿਦੇਸ਼ੀ ਪਤਾ-HOENOWER STRASSE 272 A, 12623 BERLIN GERMANY / ਹੋਏਨੋਵਰ ਸਟਰੇਸੀ 272ਏ 12623 ਬਰਲਿਨ ਜਰਮਨੀ ਉਮਰ/ ਜਨਮ ਮਿਤੀ 27-(25.02.1996)

ਬਿਨੈਕਾਰ ਨੇ ਕਿਹਾ ਹੈ ਕਿ ਉਸ ਦੇ ਪੁੱਤਰ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ। ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ। ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 18/04/23 ਨੂੰ ਜਾਰੀ ਹੋਇਆ।

ਨੰਬਰ / M.A/MC-1/ 148-150 ਮਿਤੀ: 18.04.2023

ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ ਪੰਜਾਬ, ਭਾਰਤ

Court Notice

In the Court of Ms. Shilpa Singh Civil Judge (Junior Division)-6, Jalandhar.

CNR No. PBJL02-000821-2019

Next Date : 25.7.2023

Satvinder Pal Singh

Versus

Manjit Kaur

Suit for grant of decree for specific performance of agreement to sell. Suit for grant of decree of Mandatory Injunction

Publication issued to : Manjit Kaur Spouse Manvinder Singh S/o Surinder Singh R/o 501, Urban Estate Phase-1, Jalandhar.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 25.7.2023 at 10.00 a.m.

For details logon to https://highcourtchd.gov.in/?trs=district notice&district=Jalandhar

Civil Judge (Junior Division)-6, Jalandhar.

Dated, this day of 15.4.2023

Court Notice

In the Court of Sanjeeta Addl. Principal Judge Family Court, Amritsar.

CNR No. PBAS01-013183-2021

Next Date : 11.5.2023

Palwinder Singh aged 32 years S/o Sh. Hardeep Singh R/o V.P.O. Dharar, Tehsil and Distt. Amritsar through is mother Nirmaljit Kaur.

Versus

Sukhpreet Kaur

Petition under section 13 of Hindu Marriage Act 1955 as amended upto date, for the dissolution of the marriage by a decree of divorce.

Publication issued to : Sukhpreet Kaur Spouse Palwinder Singh D/o Shri Shinda Singh R/o V.P.O. Golewala, Tehsil and Distt. Ferozepur.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 11.5.2023 at 10.00 a.m.

For details logon to https://highcourtchd.gov.in/?trs=district notice&district=Amritsar

Addl. Principal Judge Family Court, Amritsar

Dated, this day of 18.4.2023

PUBLIC NOTICE

I, Poonam Rani W/o Late Ashok Kumar R/o H.No. N.G-9312, Purain Mohalla, Jalandhar, declare that the original sale deed No. 5633 dated 21.9.2010 and original SPA No. 13333 dated 16.2.2009. In respected to property measuring 9.00 Marla of Chak Hussain Lamba Pind, Tehsil & Distt. Jalandhar has been lost on 17.3.2023. I am going to lodged DDR in respect to the loss of said document. I am going to mortgagd the said property with HDFC Bank and If any body have objection kindly made in wrriting to Advocated Akhi Chopra, New Court Jalandhar having Mobile No. 9417741030 and Manisha Mahajan HDFC Bank Cool Road Near S.K. Dhaba, Jalandhar. Ph. No. 988016055 with in 15 days from the date of publication otherwise no claim and objection will be Entertained by the bank.

Court Notice

(U/o 5 Rule 20 CPC)

In the court of Sh. Lavleen Sandhu Civil Judge (Junior Division), Sangrur

CNR No. PBSG02-000919-2022

Next Date : 27.04.2023

Satwant Kaur

Vs

General Public

Suit for declaration to the effect that Sh. Gurdev Singh S/o Kesar Singh be declared as Civil dead

Publication issued to : General Public : Sangrur

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 27.04.2023 at 10.00 a.m.

For details logon to https://highcourtchd.gov.in/?trs=district notice&district=Sangrur

Civil Judge (Junior Division), Sangrur

Dated, this day of 19.4.2023

Court Notice

In the Court of Sh. Vijay Kumar-1 Civil Judge Junior Division -6, Patiala.

CNR No. PBPT02-000421-2022

Next Date : 4.5.2023

Jai Parkash Dhiman

Versus

Yog Mudra

In the matter of Suit for possession byway of partition of 1/2 share of house bearing Khasra No. 14/1/2 to the extent of 625 SQ Yards out of total area of 1250 SQ Yards situated at factory area Patiala.

Application for passing Final Decree and for delivery of possession of specific portion by division of the house by metes and bounds.

Publication issued to : Madhu Bala D/o Late Nand Kishore Near Mohan Lal and sons Factory Area Patiala.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 4.5.2023 at 10.00 a.m.

For details logon to https://highcourtchd.gov.in/?trs=district notice&district=Patiala

Civil Judge Junior Division -6, Patiala.

Dated, this day of 18.4.2023

Court Notice

In the Court of Manpreet Kaur Addl. Civil Judge Senior Division Ajnala.

CNR No. PBASA0-000-566-2021

Next Date : 9.5.2023

IDIBI Bank Branch Office at Ajnala Distt. Amritsar.

Versus

1. Balwinder Singh S/o Bir Singh R/o Vill. Awan Wasau, P.O. Jasraur, Tehsil Ajnala, Distt. ASR 2. Bhajan Kaur W/o Bir Singh R/o Vill. Dharamkot Tehsil Ajnala Distt. ASR.

Suit for Declaration to the effect that the plaintiffs have become owner of the Land Measuring 08 Kanals 07 Marlas Bearing Khasra No. 39//8/2 (2-9).

Notice to : 1. Balwinder Singh S/o Bir Singh R/o Vill. Awan Wasau, P.O. Jasraur Tehsil Ajnala, Distt. ASR 2. Bhajan Kaur W/o Bir Singh Vill. Dharamkot, Tehsil Ajnala, Distt. ASR.

In above titled petition the respondent could not be served. It is ordered that the respondent should appear in person or through counsel on 9.5.2023 at 10.00 a.m.

For details logon to https://highcourtchd.gov.in/?trs=district notice&district=amritsar

Given under my hand and the seal of the Court, this 13.4.2023

Addl. Civil Judge Senior Division Ajnala.

Court Notice

In the Court of Sanjeeta Addl. Principal Judge Family Court, Amritsar.

CNR No. PBAS01-008018-2021

Next Date : 20.5.2023

Sahil Mahajan S/o Sh. Madan Lal Mahajan R/o H.NO. 324-B, Gali No. 10, New Shaheed Udham Singh Nagar, Sultanwind Road, Amritsar.

Versus

Aarti

Petition under section 9 of the Hindu Marriage Act 1955 No. XXV of 1955 as amended upto date for a decree of restitution of conjugal rights.

Publication issued to : Aarti Spouse : Sahil Mahajan D/o Vikram Singh R/o Vill. Dhamiana, P.O. Thana, Tehsil Sujanpur, Distt. Hamirpur, Himachal Pradesh.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 20.5.2023 at 10.00 a.m.

For details logon to https://highcourtchd.gov.in/?trs=district notice&district=Amritsar

Addl. Principal Judge Family Court, Amritsar.

Dated, this day of 18.4.2023

Public Notice

I, Sharanjeet W/o Jasbir Singh R/o 4B, Shanti Pura, Ladowali Road, Jalandhar, declare that Gunbir Singh is my real son. My name is entered in his birth certificate as Sharanjeet. I have changed my name from Sharanjeet to Sharanjit Kaur. Sharanjeet and Sharanjit Kaur both are the name of one and the same person. I want to change my name in my son matriculation certificate as Sharanjit Kaur in place of Sharanjeet. Concerned note. (7480)

I, Surinder Kaur Wd/o S. Gurmukh Singh R/o H.No. BX-746/1, Kishan Pura, Jalandhar declare that my daughter in law Maninder Kaur Wd/o Harpreet Singh has gone out of our Control. I, hereby disinherit and disown my daughter in law Maninder Kaur from all of our movable and immovable properties. If, anybody deals with my daughter-in-law Maninder Kaur he will do so on his own responsility.

I, Mohinder Pal S/o Chaman Lal R/o H.No. BIV-43, Gazi Gulla, Jalandhar, Punjab declare that my son Gagandeep Arora and his wife Tania are out of my control. I disinherit them from my movable and immovable properties. I and my family shall not be held responsible for any of their acts deeds and things. All please note.

Disinherit Notice

I,Daljit Kaur W/O Sawinder Singh R/O H.No.200,Guru Nagar, Verka, Amritsar inform that my son Amritpal Singh is Govt. employee but he is out of my control and don't respect me and don't taking care of me. So I disinherit him from my all moveable and immoveable properties.I shall not be responsible for any act or deed done by him.He himself will be responsible for it.I and my another son Harman Singh will have no relation with him.

LOST/FOUND

I, Manjeet Singh S/o Parshotam Lal S/o Banta Ram R/o Village Apra, Tehsil Phillaur, District Jalandhar do hereby inform that original Regd Sale Deed Dt 10-03-2010, Document No 2451 was lost by me on 06-04-2023. In case this document is found, I may be contacted.

I, Gurdial Singh S/o Yog Raj R/o Mohem, Tehsil Nakodar, District Jalandhar do hereby inform that original regd. Sale Deed Dated:-20-10-1999, Document no.1893 was lost by me on 10-04-2023. In case this document is found, I may be contacted.

It is notified for the information my Registry and other documents my Registry Vasika No. 2574 Date 12.10.2016 same of Davinder Jeet Kaur W/o Sarabjeet Singh and deed No. 2019-20/147/1/502 date 10.05.2019 Name of Pushpa W/o Shanti Bhushan Actually Lost at stand Joura Chhattran, G.D. No. 029, G.D. Date 19.04.2023. If any found my address Harjeet Singh S/o Mohinder Singh R/o Langah, Distt. Gurdaspur, Mobile 94635-16784

ਆਮ ਸੂਚਨਾ

ਗੁਰਦੀਪ ਸਿੰਘ ਪੁੱਤਰ ਮੰਗਲ ਸਿੰਘ, ਬਾਬਾ ਬਕਾਲਾ (ਅੰਮ੍ਰਿਤਸਰ) ਨਾਮ ਚੱਲਦਾ ਟਿਊਬਵੈੱਲ ਕੁਨੈਕਸ਼ਨ ਐਸ.ਪੀ.-28/1373-ਕੇ, ਨੂੰ ਨਿਰਮਲ ਸਿੰਘ ਪੁੱਤਰ ਗੁਰਦੀਪ ਸਿੰਘ, ਬਾਬਾ ਬਕਾਲਾ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ਼ 15 ਦਿਨਾਂ ਅੰਦਰ ਦਫਤਰ ਪਾਵਰਕਾਮ ਬਾਬਾ ਬਕਾਲਾ ਪੁੱਜਣ। (ਅਠੌਲਾ)

ਇਕਬਾਲ ਸਿੰਘ ਪੁੱਤਰ ਜੋਗਿੰਦਰ ਸਿੰਘ, ਭਲਾਈਪੁਰ ਪੂਰਬਾਂ ਨਾਮ ਚੱਲਦਾ ਟਿਊਬਵੈੱਲ ਕੁਨੈਕਸ਼ਨ ਏ.ਪੀ. 04/0496Y, ਨੂੰ ਰਮਿੰਦਰ ਸਿੰਘ ਪੁੱਤਰ ਇਕਬਾਲ ਸਿੰਘ, ਭਲਾਈਪੁਰ ਪੂਰਬਾਂ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ਼ 7 ਦਿਨਾਂ ਅੰਦਰ ਦਫਤਰ ਪਾਵਰਕਾਮ ਬੁਟਾਰੀ ਪੁੱਜਣ।

ਮੈਂ, ਜਸਬੀਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਵੇਰਕਾ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਪਿਤਾ ਦਾ ਇੱਕ ਐਗਰੀਕੀਕਲਚਰਲ ਟਿਊਬਵੈੱਲ ਕੁਨੈਕਸ਼ਨ, ਜਿਸ ਦਾ ਖ

20-APRIL-PAGE-7.qxd 4/19/2023 10:40 PM Page 1

ਪੈਟਰੋਲ ਦੀਆਂ ਬੋਤਲਾਂ ਤੋਂ ਡਰਿਆ ਕਬਜ਼ਾ ਛੁਡਾਉਣ ਗਿਆ ਪ੍ਰਸ਼ਾਸਨ ਬੇਰੰਗ ਵਾਪਸ ਪਰਤਿਆ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-18 ਅਪ੍ਰੈਲ ਸਬ ਡਵੀਜਨ ਪਾਤੜਾਂ ਦੇ ਹਰਿਆਣਾ ਦੀ ਹੱਦ ਨਾਲ ਲੱਗਦੇ ਪਿੰਡ ਅਰਨੋਂ ਦੀ ਪੰਚਾਇਤੀ ਜ਼ਮੀਨ ਉੱਤੇ ਪਿਛਲੇ ਲੰਮੇ ਸਮੇਂ ਤੋਂ ਖੇਤੀ ਕਰਦੇ ਆ ਰਹੇ ਅਬਾਦਕਾਰਾਂ ਤੋਂ ਕਬਜ਼ਾ ਛੁਡਵਾਉਣ ਲਈ ਪੰਚਾਇਤ ਵਿਭਾਗ ਸਮੇਤ ਸਿਵਲ ਤੇ ਪੁਲਸ ਪ੍ਰਸ਼ਾਸਨ ਡੀ ਡੀ ਪੀ ਓ ਪਟਿਆਲਾ ਅਮਰਜੀਤ ਕੌਰ ਦੀ ਅਗਵਾਈ ਅਤੇ ਡਿਊਟੀ ਮੈਜਿਸਟਰੇਟ ਕਮ ਨਾਇਬ ਤਸੀਲਦਾਰ ਪਾਤੜਾਂ ਭੀਮ ਸੈਨ ਦੀ ਦੇਖ-ਰੇਖ ਹੇਠ ਵੱਡੇ ਲਾਮ ਲਸ਼ਕਰ ਨਾਲ ਪਹੁੰਚਿਆ ਪਰ ਇਸ ਦੌਰਾਨ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੀ ਅਗਵਾਈ ਵਿੱਚ ਵੱਡੀ ਗਿਣਤੀ 'ਚ ਇਕੱਤਰ ਹੋਏ ਆਬਾਦਕਾਰ ਕਿਸਾਨਾਂ ਵੱਲੋਂ ਕਬਜ਼ਾ ਕਾਰਵਾਈ ਦਾ ਡਟਵਾਂ ਵਿਰੋਧ ਕੀਤਾ ਗਿਆ। ਇਸ ਦੌਰਾਨ ਸਥਿਤੀ ਉਸ ਸਮੇਂ ਤਣਾਅਪੂਰਨ ਬਣ ਗਈ ਜਦੋਂ ਅਬਾਦਕਾਰ ਕਿਸਾਨਾਂ ਸਮੇਤ ਉਨ੍ਹਾਂ ਦੇ ਪਰਵਾਰਾਂ ਦੀਆਂ ਕਈ ਔਰਤਾਂ ਨੇ ਹੱਥਾਂ 'ਚ ਪੈਟਰੋਲ ਦੀਆਂ ਬੋਤਲਾਂ ਲੈ ਕੇ ਖਨੌਰੀ ਕੈਥਲ ਰੋਡ ਜਾਮ ਕਰ ਦਿੱਤਾ। ਸਥਿਤੀ ਨੂੰ ਕਾਬੂ ਕਰਦਿਆਂ ਡੀ ਐਸ ਪੀ ਪਾਤੜਾਂ ਗੁਰਦੀਪ ਸਿੰਘ ਦਿਉਲ ਨੇ ਕਿਸਾਨਾਂ ਨੂੰ ਸ਼ਾਂਤ ਕੀਤਾ। ਲੋਕਾਂ ਦੇ ਰੋਹ ਨੂੰ ਦੇਖਦਿਆਂ ਹੋਇਆਂ ਪ੍ਰਸ਼ਾਸਨ ਫੈਸਲਾ ਵਾਪਸ ਲੈਂਦਿਆਂ ਬੇਰੰਗ ਵਾਪਸ ਪਰਤ ਗਿਆ। ਕਬਜ਼ਾ ਕਾਰਵਾਈ ਦਾ ਵਿਰੋਧ ਕਰ ਰਹੇ ਕਿਸਾਨਾਂ ਦੀ ਅਗਵਾਈ ਕਰ ਰਹੇ ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਸਤਵੰਤ ਸਿੰਘ ਵਜੀਦਪੁਰ, ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ, ਬਲਾਕ ਪ੍ਰਧਾਨ ਬਿਕਰਮਜੀਤ ਸਿੰਘ ਅਰਨੋਂ, ਅਜੀਤ ਸਿੰਘ ਮਤੋਲੀ, ਨਿਰਮਲ ਸਿੰਘ, ਬਲਦੇਵ ਸਿੰਘ ਕਾਂਗਥਲਾ, ਪਕਾਈ ਪ੍ਰਧਾਨ ਬੀਬੀ ਸਰਨਜੀਤ ਕੌਰ, ਰੁਪਿੰਦਰ ਕੌਰ, ਅਮਨਦੀਪ ਕੌਰ, ਬੀਰਪਾਲ ਕੌਰ, ਗੁਰਮੀਤ ਕੌਰ ਅਤੇ ਬਲਬੀਰ ਕੌਰ ਨੇ ਦੱਸਿਆ ਕਿ 1947 ਦੀ ਵੰਡ ਮਗਰੋਂ ਉਜਾੜੇ ਦੀ ਮਾਰ ਝੱਲ ਕੇ ਆਏ ਲੋਕਾਂ ਵੱਲੋਂ ਬੰਜਰ ਪਈ ਇਸ ਜ਼ਮੀਨ ਨੂੰ ਅਬਾਦ ਕਰਕੇ ਆਪਣੇ ਪਰਵਾਰਾਂ ਦਾ ਪਾਲਣ ਪੋਸਣ ਕੀਤਾ ਜਾ ਰਿਹਾ ਹੈ। ਪ੍ਰਸ਼ਾਸਨ ਇਸ ਜ਼ਮੀਨ ਉੱਤੇ ਨਜਾਇਜ਼ ਕਬਜ਼ਾ ਦੱਸ ਕੇ ਅਬਾਦਕਾਰਾਂ ਨੂੰ ਉਜਾੜਨ ਦੇ ਰਾਹ ਪਿਆ ਹੋਇਆ ਹੈ। ਕਿਸਾਨ ਯੂਨੀਅਨ ਦੇ ਆਗੂਆਂ ਵਲੋਂ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਪ੍ਰਸ਼ਾਸਨ ਨੇ ਇਨ੍ਹਾਂ ਗਰੀਬ ਕਿਸਾਨਾਂ ਨੂੰ ਉਜਾੜਨ ਦੀ ਕੋਸ਼ਿਸ਼ ਕੀਤੀ ਤਾਂ ਜਥੇਬੰਦੀ ਸੂਬਾ ਪੱਧਰੀ ਸੰਘਰਸ਼ ਵਿੱਢਣ ਲਈ ਦ੍ਰਿੜ੍ਹ ਹੈ। ਕਿਸਾਨ ਆਗੂਆਂ ਨੇ ਹੈਰਾਨੀ ਪ੍ਰਗਟ ਕੀਤੀ ਕਿ ਇੱਕ ਪਾਸੇ ਤਾਂ ਪੰਜਾਬ ਸਰਕਾਰ ਲੋਕ ਹਿਤੈਸ਼ੀ ਹੋਣ ਦੇ ਦਮਗਜੇ ਮਾਰਦੀ ਹੈ ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ। ਸਰਕਾਰੀ ਜਬਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜਥੇਬੰਦੀ ਗਰੀਬ ਲੋਕਾਂ ਨਾਲ ਡਟ ਕੇ ਖੜ੍ਹੀ ਹੈ ਅਤੇ ਕਿਸੇ ਵੀ ਅਬਾਦਾਕਾਰ ਦੀ ਰੋਟੀ ਖੋਹਣ ਨਹੀਂ ਦੇਵੇਗੀ। ਡੀ ਡੀ ਪੀ ਓ ਪਟਿਆਲਾ ਅਮਨਦੀਪ ਕੌਰ ਖੰਗੂੜਾ ਨੇ ਦੱਸਿਆ ਕਿ ਗਰਾਮ ਪੰਚਾਇਤ ਅਰਨੋਂ ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਦਾਇਰ ਕੀਤੇ ਗਏ ਕੇਸ ਨੰਬਰ ਸੀ ਡਬਲਯੂ ਪੀ 7019/2017 ਦੇ ਆਏ ਫੈਸਲੇ ਵਿੱਚ ਮਾਨਯੋਗ ਅਦਾਲਤ ਵੱਲੋਂ ਕਬਜ਼ਾ ਛੁਡਵਾਏ ਜਾਣ ਦੇ ਨਿਰਦੇਸ਼ ਪ੍ਰਾਪਤ ਹੋਏ ਸਨ ਜਿਨ੍ਹਾਂ ਤਹਿਤ 12 ਅਪ੍ਰੈਲ ਨੂੰ ਕਬਜ਼ਾ ਲਿਆ ਜਾਣਾ ਸੀ ਪਰ ਪੁਲਸ ਫੋਰਸ ਦੀ ਘਾਟ ਕਰਕੇ ਕਬਜ਼ਾ ਕਾਰਵਾਈ 18 ਅਪ੍ਰੈਲ ਉੱਤੇ ਪੈ ਗਈ ਸੀ ਜਿਸ ਦੇ ਤਹਿਤ ਪ੍ਰਸ਼ਾਸਨ ਕਬਜ਼ਾ ਕਾਰਵਾਈ ਨੂੰ ਅੰਜਾਮ ਦੇਣ ਪਹੁੰਚਿਆ ਸੀ ਪਰ ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਵਿਰੋਧ ਕਾਰਨ ਪ੍ਰਸ਼ਾਸਨ ਨੂੰ ਵਾਪਸ ਪਰਤਣਾ ਪਿਆ। ਉਨ੍ਹਾ ਦੱਸਿਆ ਕਿ ਜਲਦੀ ਪੰਚਾਇਤੀ ਜ਼ਮੀਨ ਉੱਤੇ ਕੀਤਾ ਗਿਆ ਨਜਾਇਜ਼ ਕਬਜਾ ਛੁਡਵਾ ਲਿਆ ਜਾਵੇਗਾ।

ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਵਿਦਿਆਰਥੀ ਮਨੁੱਖਤਾ ਦੀ ਸੇਵਾ ਕੇਂਦਰ ਦੇ ਦੌਰੇ ਤੋਂ ਪ੍ਰਭਾਵਤ

ਜਗਰਾਉਂ (ਅਮਿਤ ਖੰਨਾ) ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਵਿਦਿਆਰਥੀ ਸਕੂਲ ਦੇ ਪ੍ਰਿੰਸੀਪਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਰੋਟਰੀ ਕਲੱਬ ਨਾਲ ਜੁੜੇ ਹੋਏ ਵਿਦਿਆਰਥੀਆਂ ਦੀ ਇੱਕ ਟੀਮ ਗੁਰਮੁਖ ਸਿੰਘ ਤੇ ਅਮਨਦੀਪ ਸਿੰਘ ਦੀ ਅਗਵਾਈ ਹੇਠ 'ਮਨੁੱਖਤਾ ਦੀ ਸੇਵਾ' ਕੇਂਦਰ ਹਸਨਪੁਰ ਵਿਖੇ ਗਏ, ਜਿਸ ਵਿੱਚ ਉੱਥੇ ਰਹਿੰਦੇ ਬੇਸਹਾਰਾ ਲੋਕਾਂ ਲਈ ਕੱਪੜੇ ਤੇ ਰਾਸ਼ਨ ਲੈ ਕੇ ਗਏ।

ਉਨ੍ਹਾਂ ਨਾਲ ਕੀਤੀ ਮੁਲਾਕਾਤ ਵਿੱਚ ਬਹੁਤ ਸਾਰੇ ਬੱਚੇ ਭਾਵੁਕ ਹੋਏ ਤੇ ਕੁਦਰਤ ਦੇ ਬਖਸ਼ੇ ਜੀਵਨ ਨੂੰ ਉਹ ਕਿਸ ਤਰ੍ਹਾਂ ਬਤੀਤ ਕਰ ਰਹੇ ਹਨ, ਬਹੁਤ ਨੇੜੇ ਤੋਂ ਮਹਿਸੂਸ ਕਰਕੇ ਆਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਨੇ ਦੱਸਿਆ ਕਿ ਬੱਚਿਆਂ ਦਾ ਇਹ ਦੌਰਾ ਕਰਾਉਣਾ ਅਤੀ ਜ਼ਰੂਰੀ ਸੀ ਕਿਉਂਕਿ ਉਨ੍ਹਾਂ ਅੰਦਰ ਮਨੁੱਖਤਾ ਦੀ ਭਲਾਈ ਪ੍ਰਤੀ ਬਣਦਾ ਆਪਣਾ ਫ਼ਰਜ਼ ਅਦਾ ਕਰਨ ਦੀ ਤੀਬਰਤਾ ਪੈਦਾ ਹੋਵੇ।

ਉੱਥੋਂ ਵਾਪਸ ਆਏ ਇਨ੍ਹਾਂ ਵਿਦਿਆਰਥੀਆਂ ਦੇ ਮਿਜ਼ਾਜ਼ ਵਿੱਚ ਫ਼ਰਕ ਦੇਖਣ ਨੂੰ ਮਿਲਿਆ। ਖੇਡਣ-ਕੁੱਦਣ ਦੀ ਉਮਰ ਤੋਂ ਹੀ ਇਹ ਵਿਦਿਆਰਥੀ ਸਮਾਜ ਸੇਵਾ ਵਿੱਚ ਜੁਟ ਜਾਣਗੇ ਤਾਂ ਆਪਣੇ ਜੀਵਨ ਨੂੰ ਸਫ਼ਲਾ ਕਰ ਸਕਣਗੇ। ਇਸ ਮੌਕੇ ਬੱਚਿਆਂ ਨੇ ਖੁਦ ਇੱਛਾ ਜ਼ਾਹਰ ਕੀਤੀ ਕਿ ਬਾਕੀ ਟਰਿੰਪ ਦੀ ਜਗ੍ਹਾ 'ਤੇ ਅਜਿਹੇ ਸਥਾਨਾਂ 'ਤੇ ਜਾਣਾ ਜ਼ਿਆਦਾ ਜ਼ਰੂਰੀ ਸਮਝਦੇ ਹਾਂ।

ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ, ਅਜਮੇਰ ਸਿੰਘ ਰੱਤੀਆਂ ਤੇ ਸਤਵੀਰ ਸਿੰਘ ਸੋਖੋਂ ਨੇ ਵੀ ਇਸ ਨੂੰ ਸ਼ਲਾਘਾਯੋਗ ਕਦਮ ਦੱਸਿਆ।

ਖੜੀ ਕਣਕ ਦੀ ਫ਼ਸਲ ਨੂੰ ਧੱਕੇ ਨਾਲ ਵੱਢਣ ਦਾ ਮਾਮਲਾ

ਪੁਲਸ ਤੋਂ ਕੀਤੀ ਸਖਤ ਕਾਰਵਾਈ ਦੀ ਮੰਗ

ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)-ਪਿੰਡ ਨਵਾਂ ਹਸਤਾ 'ਚ ਪਿੰਡ ਦੇ ਹੀ ਕੁੱਝ ਵਿਅਕਤੀਆਂ ਵੱਲੋਂ ਕਣਕ ਨੂੰ ਧੱਕੇਸ਼ਾਹੀ ਨਾਲ ਵੱਢਣ ਦਾ ਮਾਮਲਾ ਸਾਹਮਣੇ ਆਇਆ ਹੈ। ਚੰਨ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਪਿੰਡ ਨਵਾਂ ਹਸਤਾ ਨੇ ਦੱਸਿਆ ਕਿ ਉਨ੍ਹਾਂ ਦੀ 3 ਕਨਾਲ 8 ਮਰਲੇ ਜ਼ਮੀਨ ਰਕਬਾ ਪਿੰਡ, ਹਸਤਾ ਕਲਾਂ ਵਿੱਚ ਹੈ। ਉਨ੍ਹਾਂ ਇਹ ਜ਼ਮੀਨ ਟਿਕਨ ਸਿੰਘ ਪੁੱਤਰ ਸੂਬਾ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਹਸਤਾ ਕਲਾਂ ਤੋਂ 573750/- ਰੁਪਏ ਵਿੱਚ ਖਰੀਦੀ ਸੀ ਅਤੇ ਜਿਸ ਦਾ ਮੌਕੇ 'ਤੇ ਉਨ੍ਹਾਂ ਕੋਲ ਕਬਜ਼ਾ ਹੈ। ਉਨ੍ਹਾਂ ਨੇ ਇਸ ਵਿੱਚ ਕਣਕ ਦੀ ਫ਼ਸਲ ਬੀਜੀ ਹੋਈ ਹੈ।

ਉਨ੍ਹਾਂ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਦੇ ਹੀ ਪਿੰਡ ਵਾਸੀ ਗੁਰਮੀਤ ਸਿੰਘ ਉਰਫ ਬਿੱਟੂ, ਗੁਰਦੀਪ ਸਿੰਘ, ਨਰਿੰਜਨ ਸਿੰਘ, ਜੱਗਾ ਸਿੰਘ ਵਗੈਰਾ ਉਨ੍ਹਾਂ ਦੀ ਖਾੜੀ ਕਣਕ ਦੀ ਫ਼ਸਲ ਨੂੰ ਕੰਬਾਇਨ ਨਾਲ ਵੱਢਣ ਲੱਗ ਪਏ। ਜਿਸ ਤੋਂ ਬਾਅਦ ਉਨ੍ਹਾਂ ਨੂੰ ਘਰੋਂ ਫੋਨ ਆਇਆ ਅਤੇ ਉਨ੍ਹਾਂ ਵੱਲੋਂ ਪੁਲਸ ਨੂੰ ਇਸਦੀ ਖ਼ਬਰ ਕੀਤੀ ਗਈ। ਜਦੋਂ ਉਹ ਪੁਲਸ ਨੂੰ ਲੈ ਕੇ ਮੌਕੇ 'ਤੇ ਪਹੁੰਚੇ ਤਾਂ ਗੁਰਮੀਤ ਸਿੰਘ ਵਗੈਰਾ ਉਥੋਂ ਭੱਜ ਨਿਕਲੇ।

ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਬੱਚਿਆਂ ਵੱਲੋਂ ਇਸ ਦੀ ਸਾਰੀ ਵੀਡੀਓ ਮੌਕੇ 'ਤੇ ਬਣਾ ਲਈ ਗਈ, ਜਿਸ ਵਿੱਚ ਦੋਸ਼ੀ ਉਨ੍ਹਾਂ ਦੀ ਵੀਡੀਓ ਬਣਾ ਰਹੇ ਬੱਚਿਆਂ ਨੂੰ ਵੀ ਸ਼ਰੇਆਮ ਗੁੰਡਾਗਰਦੀ ਕਰਦੇ ਵਿਖਾਈ ਦੇ ਰਹੇ ਹਨ। ਇਸ ਦੌਰਾਨ ਉਨ੍ਹਾਂ ਨੂੰ ਜਾਨੋਂ ਮਾਰਨ ਦੀਆ ਧਮਕੀਆਂ ਵੀ ਦਿੱਤੀਆਂ ਗਈਆਂ।

ਉਨ੍ਹਾਂ ਵੱਲੋਂ ਪੁਲਸ ਤੋਂ ਮੰਗ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਦੀ ਫ਼ਸਲ ਨੂੰ ਵੱਢਣ ਵਾਲੇ ਦੋਸ਼ੀਆਂ 'ਤੇ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਕਾਤਰਾਂ

ਟ੍ਰੈਫ਼ਿਕ ਪੁਲਸ ਨੇ ਚਲਾਨ ਕੱਟੇ

ਰਾਜਪੁਰਾ, (ਰਮੇਸ਼ ਕਟਾਰੀਆ) ਐਸਐਸਪੀ ਪਟਿਆਲਾ ਸ੍ਰੀ ਵਰੁਣ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਡੀਐਸਪੀ ਟ੍ਰੈਫ਼ਿਕ ਕਰਮਵੀਰ ਸਿੰਘ ਦੀ ਰਹਿਨੁਮਾਈ ਹੇਠ ਟ੍ਰੈਫ਼ਿਕ ਪੁਲਸ ਵੱਲੋਂ ਗਗਨ ਚੌਕ ਰਾਜਪੁਰਾ ਸਕੂਲੀ 05 ਥ੍ਰੀ ਵ੍ਹੀਲਰ, 03 ਟਾਟਾ ਮੈਜਿਕ ਓਵਰਲੋਡ ਸਕੂਲੀ ਬੱਚਿਆਂ ਅਤੇ ਬਿਨਾਂ ਡਰਾਈਵਿੰਗ ਲਾਇਸੰਸ 01, ਬਿਨਾਂ ਪ੍ਰਦੂਸ਼ਣ 01, ਕੁਲ ਚਲਾਨ 10 ਕੱਟੇ ਗਏ।

ਅਚਾਨਕ ਲੱਗੀ ਅੱਗ ਨਾਲ ਚਾਰ ਏਕੜ ਫਸਲ ਤਬਾਹ

ਬਰੇਟਾ (ਗੀਤਵਾਲ) ਸਥਾਨਕ ਸ਼ਹਿਰ ਦੇ ਬਿਆਸ ਘਰ ਦੇ ਪਿਛਲੀ ਸਾਈਡ ਵਾਲੇ ਪਾਸੇ ਕਿਸਾਨ ਦੇ ਖੇਤਾਂ 'ਚ ਕਣਕ ਦੀ ਫ਼ਸਲ ਨੂੰ ਅਚਾਨਕ ਅੱਗ ਲੱਗਣ ਨਾਲ ਕਰੀਬ ਚਾਰ ਏਕੜ ਕਣਕ ਦੀ ਫਸਲ ਸੜ ਕੇ ਸੁਆਹ ਹੋ ਗਈ । ਇਸ ਮਗਰੋਂ ਕੰਬਾਈਨ ਵੀ ਅੱਗ ਦੀ ਲਪੇਟ 'ਚ ਆ ਕੇ ਸੜ ਗਈ। ਜਾਣਕਾਰੀ ਅਨੁਸਾਰ ਅਚਾਨਕ ਲੱਗੀ ਇਸ ਅੱਗ ਨਾਲ ਕਿਸਾਨ ਦੀ ਚਾਰ ਏਕੜ ਫਸਲ ਸੜ ਗਈ ਅਤੇ ਕਿਸਾਨ ਦਾ ਢਾਈ ਲੱਖ ਦਾ ਨੁਕਸਾਨ ਦੱਸਿਆ ਜਾ ਰਿਹਾ ਹੈ । ਕਿਸਾਨਾਂ ਨੇ ਦੱਸਿਆ ਕਿ ਅੱਗ ਲੱਗਣ ਉਪਰੰਤ ਬਹਾਦਰਪੁਰ ਦੇ ਗੁਰੂ ਘਰ ਦੇ ਸੇਵਾਦਾਰਾਂ ਵੱਲੋਂ ਤਿਆਰ ਕੀਤੀ ਗਈ ਫਾਇਰ ਬ੍ਰਿਗੇਡ ਨਾਲ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਉਦੋਂ ਤੱਕ ਫਸਲ ਸੜ ਕੇ ਸੁਆਹ ਹੋ ਚੁੱਕੀ ਸੀ । ਕਿਸਾਨਾਂ ਨੇ ਕਿਹਾ ਕਿ ਇਸ ਅੱਗ ਨਾਲ ਕੰਬਾਈਨ ਵੀ ਬੁਰੀ ਤਰ੍ਹਾਂ ਨੁਕਸਾਨੀ ਗਈ। ਜਿਸ ਦਾ ਚਾਰ ਲੱਖ ਦੇ ਕਰੀਬ ਨੁਕਸਾਨ ਦੱਸਿਆ ਜਾ ਰਿਹਾ ਹੈ । ਕਿਸਾਨਾਂ ਨੇ ਮੰਗ ਕੀਤੀ ਹੈ ਕਿ ਸੂਬਾ ਸਰਕਾਰ ਤੁਰੰਤ ਸੜੀ ਹੋਈ ਕਣਕ ਦੀ ਫ਼ਸਲ ਦਾ ਬਣਦਾ ਮੁਆਵਜ਼ਾ ਦੇਵੇ।

ਕਰਮਜੀਤ ਡੱਲਾ ਤੇ ਸਿੰਦਰਪਾਲ ਮੀਨੀਆ ਨੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਹਠੂਰ (ਨਛੱਤਰ ਸੰਧੂ)-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਰਮਜੀਤ ਸਿੰਘ ਡੱਲਾ ਅਤੇ ਸਿੰਦਰਪਾਲ ਸਿੰਘ ਮੀਨੀਆ ਨੇ ਅੱਜ ਪਿੰਡ ਡੱਲਾ ਦੀ ਅਨਾਜ ਮੰਡੀ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਡੱਲਾ ਤੇ ਮੀਨੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣਾ ਇੱਕ-ਇੱਕ ਕਰਕੇ ਵਾਅਦਾ ਪੂਰਾ ਕਰ ਰਹੀ ਹੈ। ਉਨ੍ਹਾ ਕਿਹਾ ਕਿ ਜਿਸ ਦਿਨ ਤੋਂ ਮੰਡੀਆਂ ਵਿੱਚ ਕਣਕ ਦੀ ਖਰੀਦ ਸ਼ੁਰੂ ਹੋਈ ਹੈ,ਉਸ ਦਿਨ ਤੋਂ ਕਿਸਾਨਾਂ ਨੂੰ ਕੋਈ ਵੀ ਸਮੱਸਿਆ ਨਹੀਂ ਆ ਰਹੀ ਅਤੇ ਕਿਸਾਨ ਜਦੋਂ ਵੀ ਮੰਡੀਆ ਵਿੱਚ ਫਸਲ ਲੈ ਕੇ ਆਉਂਦੇ ਹਨ,ਉਦੋਂ ਤੋਂ ਹੀ ਕਿਸਾਨਾਂ ਦੀ ਫਸਲ ਖਰੀਦੀ ਜਾਦੀ ਹੈ। ਉਨ੍ਹਾ ਕਿਸਾਨਾਂ ਨੂੰ ਬੇਨਤੀ ਕੀਤੀ ਕਿ ਉਹ ਮੰਡੀਆਂ ਵਿੱਚ ਕਣਕ ਦੀ ਫਸਲ ਨੂੰ ਸੁਕਾ ਕੇ ਹੀ ਲਿਆਉਣ ਤਾਂ ਜੋ ਉਨ੍ਹਾਂ ਦੀ ਫਸਲ ਦਾ ਮੁੱਲ ਪੂਰਾ ਮਿਲ ਸਕੇ। ਇਸ ਸਮੇਂ ਉਨ੍ਹਾ ਨਾਲ ਪ੍ਰਧਾਨ ਬਲਦੇਵ ਸਿੰਘ ਮਾਣੂੰਕੇ, ਕੁਲਦੀਪ ਮਿੰਟੂ ਮਾਣੂੰਕੇ, ਤਰਸੇਮ ਸਿੰਘ ਹਠੂਰ, ਗੁਰਦੀਪ ਸਿੰਘ ਭੁੱਲਰ ਚਕਰ ਆਦਿ ਹਾਜ਼ਰ ਸਨ।

ਭਾਸਾ ਵਿਭਾਗ ਨੂੰ ਉਰਦੂ ਅਧਿਆਪਕ ਦੀ ਜ਼ਰੂਰਤ

ਫ਼ਾਜ਼ਿਲਕਾ, (ਨਿਸ਼ਾ ਸ਼ਰਮਾ)-ਭਾਸ਼ਾ ਵਿਭਾਗ ਵੱਲੋਂ ਜਲਦ ਹੀ ਉਰਦੂ ਸਿਖਾਉਣ ਲਈ ਕਲਾਸਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ। ਇਸ ਲਈ ਵਿਭਾਗ ਨੂੰ ਉਰਦੂ ਸਿਖਾਉਣ ਲਈ ਇਕ ਅੰਸਕਾਲੀ ਅਧਿਆਪਕ ਦੀ ਜ਼ਰੂਰਤ ਹੈ। ਇਸ ਲਈ ਯੋਗਤਾ ਐਮਏ ਉਰਦੂ ਹੋਵੇਗੀ। ਜ਼ਿਲ੍ਹਾ ਭਾਸ਼ਾ ਅਫ਼ਸਰ ਸ੍ਰੀ ਭੁਪਿੰਦਰ ਉਤਰੇਜਾ ਨੇ ਦੱਸਿਆ ਕਿ ਵਿਭਾਗ ਵੱਲੋਂ ਭਾਸ਼ਾਵਾਂ ਦੇ ਪ੍ਰਚਾਰ ਪ੍ਰਸਾਰ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਲਈ ਵਿਭਾਗ ਹੁਣ ਫ਼ਾਜ਼ਿਲਕਾ ਵਿਚ ਵੀ ਉਰਦੂ ਸਿਖਲਾਈ ਦੇਣ ਲਈ ਉਰਦੂ ਆਮੋਜ਼ ਕਲਾਸ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਲਈ ਅਧਿਆਪਕ ਵਜੋਂ ਇਸ ਪ੍ਰੋਜੈਕਟ ਨਾਲ ਜੁੜਨ ਲਈ ਉਰਦੂ ਅਧਿਆਪਕ ਵਿਭਾਗ ਦੇ ਦਫਤਰ ਵਿਖੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਨੇ ਦੱਸਿਆ ਕਿ ਭਾਸਾ ਵਿਭਾਗ ਦਾ ਦਫ਼ਤਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਏ ਬਲਾਕ ਵਿਚ ਕਮਰਾ ਨੰਬਰ 313 ਵਿੱਚ ਸਥਾਪਤ ਹੈ, ਜਿੱਥੇ ਚਾਹਵਾਨ ਸੰਪਰਕ ਕਰ ਸਕਦੇ ਹਨ।

ਭਾਜਪਾ ਪੰਜਾਬ 'ਚ ਤੇਜ਼ੀ ਨਾਲ ਹੋ ਰਹੀ ਮਜਬੂਤ : ਰਾਣੀ ਰਮਣੀਕ ਕੌਰ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ) ਸਮਾਜ ਸੇਵੀ ਅਤੇ ਭਾਜਪਾ ਆਗੂ ਰਾਣੀ ਰਮਣੀਕ ਕੌਰ (ਸਪੁੱਤਰੀ ਸਾਬਕਾ ਕੈਬੇਨਿਟ ਮੰਤਰੀ ਕਰਮ ਸਿੰਘ ਗਿੱਲ) ਨੇ ਭਾਜਪਾ ਪੰਜਾਬ ਦੇ ਇੰਚਾਰਜ ਤੇ ਸਾਬਕਾ ਮੁੱਖ ਮੰਤਰੀ ਗੁਜਰਾਤ ਵਿਜੈ ਰੂਪਾਨੀ, ਭਾਜਪਾ ਦੇ ਰਾਸ਼ਟਰੀ ਸਕੱਤਰ ਤੇ ਪੰਜਾਬ ਭਾਜਪਾ ਦੇ ਉਪ ਪਰਭਾਰੀ ਤੇ ਐਗਰੀਕਲਚਰ ਯੂਨੀਵਰਸਿਟੀ ਜੰਮੂ ਦੇ ਡਾਕਟਰ ਨਰਿੰਦਰ ਰੈਨਾ ਤੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਨਾਲ ਮੁਲਾਕਾਤ ਕੀਤੀ। ਰਾਣੀ ਰਮਣੀਕ ਕੌਰ ਨੇ ਦੱਸਿਆ ਕਿ ਵਿਜੈ ਰੂਪਾਨੀ ਦਾ ਇਹ ਦੌਰਾ ਜਲੰਧਰ ਦੀ ਚੋਣ ਦੇ ਮੱਦੇਨਜ਼ਰ ਹੈ। ਉਹਨਾਂ ਕਿਹਾ ਕਿ ਭਾਜਪਾ ਪੰਜਾਬ ਵਿਚ ਤੇਜੀ ਨਾਲ ਮਜਬੂਤ ਹੋ ਰਹੀ ਹੈ ਤੇ ਪੰਜਾਬ ਦੇ ਪਿੰਡ ਪਿੰਡ ਵਿੱਚ ਆਪਣਾ ਵਿਸਥਾਰ

20-April-PAGE- 8.qxd 4/19/2023 10:56 PM Page 1

ਜਲੰਧਰ ਲੋਕ ਸਭਾ ਜ਼ਿਮਨੀ ਚੋਣ : ਜ਼ਿਲ੍ਹੇ 'ਚ 45 ਮਾਡਲ ਤੇ 9 ਵੂਮੈਨ ਓਨਲੀ ਪੋਲਿੰਗ ਸਟੇਸ਼ਨ ਕੀਤੇ ਜਾਣਗੇ ਸਥਾਪਤ

ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)

ਲੋਕ ਸਭਾ ਹਲਕਾ ਜਲੰਧਰ ਦੀ 10 ਮਈ ਨੂੰ ਹੋਣ ਜਾ ਰਹੀ ਜ਼ਿਮਨੀ ਚੋਣ ਦੇ ਮੱਦੇਨਜ਼ਰ ਜ਼ਿਲ੍ਹਾ ਜਲੰਧਰ ਵਿੱਚ 45 ਮਾਡਲ ਪੋਲਿੰਗ ਸਟੇਸ਼ਨ ਸਥਾਪਤ ਕੀਤੇ ਜਾਣਗੇ ਜਦਕਿ ਸਮੁੱਚੀ ਪੋਲਿੰਗ ਪ੍ਰਕਿਰਿਆ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਉਤਸ਼ਾਹਤ ਕਰਨ ਲਈ ਹਰੇਕ ਵਿਧਾਨ ਸਭਾ ਹਲਕੇ ਵਿੱਚ ਇੱਕ-ਇੱਕ 'ਵੂਮੈਨ ਓਨਲੀ' ਪੋਲਿੰਗ ਸਟੇਸ਼ਨ ਬਣਾਇਆ ਜਾਵੇਗਾ, ਜਿਥੇ ਸਮੁੱਚਾ ਪ੍ਰਬੰਧਨ ਮਹਿਲਾ ਸਟਾਫ ਵੱਲੋਂ ਕੀਤਾ ਜਾਵੇਗਾ। ਇਸ ਤੋਂ ਇਲਾਵਾ ਇੱਕ ਪੋਲਿੰਗ ਸਟੇਸ਼ਨ ਅਜਿਹਾ ਸਥਾਪਤ ਕੀਤਾ ਜਾਵੇਗਾ, ਜਿਸ ਦਾ ਸੰਚਾਲਨ ਦਿਵਿਆਂਗਜਨਾਂ ਵੱਲੋਂ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਜਸਪ੍ਰੀਤ ਸਿੰਘ ਨੇ ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਫਿਲੌਰ, ਨਕੋਦਰ ਅਤੇ ਆਦਮਪੁਰ ਵਿਖੇ 6-6 ਅਤੇ ਵਿਧਾਨ ਸਭਾ ਹਲਕਾ ਜਲੰਧਰ ਛਾਉਣੀ ਵਿਖੇ 8 ਮਾਡਲ ਪੋਲਿੰਗ ਬੂਥ ਸਥਾਪਤ ਕੀਤੇ ਜਾਣਗੇ। ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਸ਼ਾਹਕੋਟ ਤੇ ਜਲੰਧਰ ਕੇਂਦਰੀ ਵਿਖੇ 5-5, ਕਰਤਾਰਪੁਰ ਅਤੇ ਜਲੰਧਰ ਉੱਤਰੀ ਵਿਖੇ ਇੱਕ-ਇੱਕ ਅਤੇ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਵਿਖੇ 7 ਮਾਡਲ ਪੋਲਿੰਗ ਬੂਥ ਸਥਾਪਤ ਕੀਤੇ ਜਾਣਗੇ। ਉਨ੍ਹਾ ਦੱਸਿਆ ਕਿ ਮਾਡਲ ਪੋਲਿੰਗ ਸਟੇਸ਼ਨਾਂ 'ਤੇ ਹੋਰ ਸਹੂਲਤਾਂ ਤੋਂ ਇਲਾਵਾ ਕਤਾਰਾਂ ਦਾ ਸੁਚੱਜਾ ਪ੍ਰਬੰਧ, ਪੀਣ ਵਾਲੇ ਪਾਣੀ ਦੀ ਮੁਢਲੀ ਸਹੂਲਤ, ਡਾਕਟਰੀ ਸਹਾਇਤਾ, ਵੋਟਰਾਂ ਲਈ ਬੈਠਣ ਦਾ ਪ੍ਰਬੰਧ, ਸਹਾਇਤਾ ਲਈ ਵਲੰਟੀਅਰ ਆਦਿ ਇੰਤਜ਼ਾਮ ਹੋਣਗੇ। ਪੋਲਿੰਗ ਪ੍ਰਕਿਰਿਆ ਵਿੱਚ ਔਰਤਾਂ ਦੀ ਸ਼ਮੂਲੀਅਤ ਨੂੰ ਉਤਸ਼ਾਹਤ ਕਰਨ ਲਈ ਬਣਾਏ ਜਾ ਰਹੇ 'ਵੂਮੈਨ ਓਨਲੀ' ਪੋਲਿੰਗ ਸਟੇਸ਼ਨਾਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਹਰੇਕ ਵਿਧਾਨ ਸਭਾ ਹਲਕੇ ਵਿੱਚ ਇਕ ਅਜਿਹਾ ਪੋਲਿੰਗ ਸਟੇਸ਼ਨ ਬਣਾਇਆ ਜਾਵੇਗਾ, ਜਿਥੇ ਸਮੁੱਚਾ ਮਹਿਲਾ ਸਟਾਫ਼ ਹੀ ਤਾਇਨਾਤ ਹੋਵੇਗਾ। ਇਸ ਤਰ੍ਹਾਂ ਜ਼ਿਲ੍ਹੇ ਵਿੱਚ ਅਜਿਹੇ 9 ਪੋਲਿੰਗ ਸਟੇਸ਼ਨ ਬਣਾਏ ਜਾਣਗੇ, ਜਿਨ੍ਹਾਂ ਦਾ ਪ੍ਰਬੰਧ ਸਿਰਫ ਮਹਿਲਾ ਟੀਮਾਂ ਵੱਲੋਂ ਹੀ ਕੀਤਾ ਜਾਵੇਗਾ। ਉਨ੍ਹਾ ਅੱਗੇ ਦੱਸਿਆ ਕਿ ਅਜਿਹੇ ਪੋਲਿੰਗ ਸਟੇਸ਼ਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਿਲੌਰ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਤਹਿਸੀਲ ਬਾਜ਼ਾਰ ਨਕੋਦਰ, ਸਰਕਾਰੀ ਐਲੀਮੈਂਟਰੀ ਸਕੂਲ ਸਾਬੋਵਾਲ, ਆਰੀਆ ਮਾਡਲ ਸਕੂਲ ਕਰਤਾਰਪੁਰ, ਮਿੰਟਗੁਮਰੀ ਗੁਰੂ ਨਾਨਕ ਪਬਲਿਕ ਸਕੂਲ ਆਦਰਸ਼ ਨਗਰ ਜਲੰਧਰ, ਹੰਸ ਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ, ਡੇਵੀਏਟ ਇੰਸਟੀਚਿਊਟ ਕਬੀਰ ਨਗਰ ਜਲੰਧਰ, ਗੁਰੂ ਅਮਰਦਾਸ ਸਕੂਲ, ਜੂਨੀਅਰ ਵਿੰਗ ਗੁਰੂ ਤੇਗ ਬਹਾਦਰ ਨਗਰ ਜਲੰਧਰ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਭੋਗਪੁਰ ਵਿਖੇ ਸਥਾਪਤ ਕੀਤੇ ਜਾਣਗੇ। ਡਿਪਟੀ ਕਮਿਸ਼ਨਰ ਨੇ ਇਸ ਉਪਰਾਲੇ ਨੂੰ ਮਹਿਲਾ ਸਸ਼ਕਤੀਕਰਨ ਅਤੇ ਲਿੰਗ ਸਮਾਨਤਾ ਵੱਲ ਵਧੀਆ ਕਦਮ ਕਰਾਰ ਦਿੱਤਾ। ਉਨ੍ਹਾ ਅੱਗੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਜਲੰਧਰ ਕੇਂਦਰੀ ਹਲਕੇ ਵਿੱਚ ਪਿੰਗਲਵਾੜਾ ਘਰ, ਗੁਲਾਬ ਦੇਵੀ ਰੋਡ ਵਿਖੇ ਇੱਕ ਅਜਿਹਾ ਪੋਲਿੰਗ ਸਟੇਸ਼ਨ ਸਥਾਪਤ ਕੀਤਾ ਜਾਵੇਗਾ, ਜਿਸ ਦਾ ਪ੍ਰਬੰਧਨ ਦਿਵਿਆਂਗ (ਪੀ.ਡਬਲਯੂ.ਡੀ.) ਸਟਾਫ ਵੱਲੋਂ ਕੀਤਾ ਜਾਵੇਗਾ।

ਚੋਰ ਹੁਣ ਟੈਂਪੂਆਂ ਦੀਆਂ ਬੈਟਰੀਆਂ ਕੱਢ ਕੇ ਹੋਏ ਰਫੂਚੱਕਰ

ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)

ਇਕ ਸੁਨਿਆਰੇ ਦੇ ਘਰ 'ਚ ਹੋਈ ਲੱਖਾਂ ਦੀ ਚੋਰੀ ਨੂੰ ਸੁਲਝਾਉਣ ਦੀ ਸਥਾਨਕ ਪੁਲਸ ਵੱਲੋਂ ਹਾਸਲ ਕੀਤੀ ਸਫਲਤਾ ਦੇ ਜਸ਼ਨ ਉਦੋਂ ਫਿੱਕੇ ਪੈ ਗਏ ਜਦੋਂ ਦੇਰ ਰਾਤ ਮੁੜ ਚੋਰਾਂ ਨੇ ਘਰਾਂ ਦੇ ਬਾਹਰ ਖੜੇ ਵਪਾਰਿਕ ਵਾਹਨਾਂ ਨੂੰ ਆਪਣਾ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੱਤਾ। ਜਿਸ ਤਹਿਤ ਅੱਧੀ ਰਾਤ ਨੂੰ ਚੋਰ ਨੂਰਪੁਰਬੇਦੀ ਸ਼ਹਿਰ 'ਚ 2 ਵੱਖ-ਵੱਖ ਥਾਈਂ ਖੜੇ ਛੋਟਾ ਹਾਥੀ ਟੈਂਪੂਆਂ ਦੀਆਂ ਬੈਟਰੀਆਂ ਕੱਢ ਕੇ ਲੈ ਗਏ। ਜਿਸ ਨਾਲ ਆਰਥਿਕ ਨੁਕਸਾਨ ਹੋਣ 'ਤੇ ਪੂਰਾ ਦਿਨ ਮਿਹਨਤ ਕਰਕੇ ਪਰਵਾਰ ਦਾ ਗੁਜ਼ਾਰਾ ਚਲਾਉਣ ਵਾਲੇ ਗਰੀਬ ਟੈਂਪੂ ਮਾਲਕਾਂ ਲਈ ਮੁਸੀਬਤ ਖੜੀ ਹੋ ਗਈ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਨੂਰਪੁਰਬੇਦੀ ਸ਼ਹਿਰ ਦੇ ਬੁੰਗਾ ਸਾਹਿਬ ਮਾਰਗ 'ਤੇ ਰਹਿੰਦੇ ਛੋਟਾ ਹਾਥੀ ਟੈਂਪੂ ਦੇ ਮਾਲਕ ਅਸ਼ਵਨੀ ਕੁਮਾਰ ਰਾਣਾ ਪੁੱਤਰ ਕਰਤਾਰ ਸਿੰਘ ਨੇ ਦੱਸਿਆ ਕਿ ਉਸਨੇ ਰਾਤ ਕਰੀਬ 9 ਕੁ ਵਜੇ ਆਪਣੇ ਘਰ ਦੇ ਲਾਗੇ ਖਾਲੀ ਪਲਾਟ 'ਚ ਪਹਿਲਾਂ ਦੀ ਤਰਾਂ ਟੈਂਪੂ ਖੜਾ ਕੀਤਾ। ਮਗਰ ਜਦੋਂ ਸਵੇਰੇ ਉਠ ਕੇ ਦੇਖਿਆ ਤਾਂ ਟੈਂਪੂ ਦੀ ਬੈਟਰੀ ਚੋਰੀ ਹੋ ਚੁੱਕੀ ਸੀ। ਇਸੀ ਪ੍ਰਕਾਰ ਨੂਰਪੁਰਬੇਦੀ ਦੇ ਰਾਮ ਕੁਮਾਰ ਪੁੱਤਰ ਮਦਨ ਲਾਲ ਨੇ ਦੱਸਿਆ ਕਿ ਉਸਨੇ ਘਰ ਤੋਂ ਕੁਝ ਦੂਰੀ 'ਤੇ ਸ਼ਹਿਰ 'ਚ ਸਥਿਤ ਪੁਰਾਣਾ ਹਸਪਤਾਲ ਦੇ ਮੈਦਾਨ 'ਚ ਆਪਣਾ ਛੋਟਾ ਹਾਥੀ ਟੈਂਪੂ ਖੜਾ ਕੀਤਾ ਹੋਇਆ ਸੀ। ਜਿਸਦੀ ਰਾਤ ਸਮੇਂ ਬੈਟਰੀ ਕੱਢ ਕੇ ਚੋਰ ਰਫੂਚੱਕਰ ਹੋ ਗਏ। ਚੋਰੀ ਤੋਂ ਪੀੜਤ ਦੋਵੇਂ ਵਿਅਕਤੀਆਂ ਨੇ ਸਥਾਨਕ ਥਾਨੇ ਵਿਖੇ ਲਿਖਤ ਸ਼ਿਕਾਇਤ ਦੇ ਦਿੱਤੀ ਹੈ।

ਚੋਰੀ ਬਾਰੇ ਜਾਣਕਾਰੀ ਦਿੰਦੇ ਹੋਏ ਟੈਂਪੂਆਂ ਦੇ ਮਾਲਕ

ਹਲਕਾ ਨਕੋਦਰ ਵਿਖੇ ਵੱਡੀ ਗਿਣਤੀ 'ਚ ਸਰਪੰਚ ਤੇ ਪੰਚ ਆਪ 'ਚ ਸ਼ਾਮਲ

ਨਕੋਦਰ, (ਨਵਾਂ ਜ਼ਮਾਨਾ ਸਰਵਿਸ)

ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੋਰ ਮਜ਼ਬੂਤੀ ਮਿਲੀ ਜਦੋਂ ਹਲਕਾ ਨਕੋਦਰ ਤੋਂ ਐਮ ਐਲ ਏ ਇੰਦਰਜੀਤ ਕੌਰ ਮਾਨ ਅਤੇ ਮੰਤਰੀ ਗੁਰਮੀਤ ਸਿੰਘ ਹੇਅਰ ਦੀ ਅਗਵਾਈ ਹੇਠ ਇਥੋਂ ਦੇ ਕਈ ਪਿੰਡਾਂ ਦੀਆਂ ਪੰਚਾਇਤਾਂ ਦੇ ਸਰਪੰਚ ਅਤੇ ਪੰਚ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ। ਇਸ ਮੌਕੇ ਪੰਜਾਬ ਸਮੇਤ ਹਲਕਾ ਨਕੋਦਰ ਤੋਂ ਐਮਐਲਏ ਇੰਦਰਜੀਤ ਕੌਰ ਮਾਨ, ਰਣਜੀਤ ਸਿੰਘ ਚੀਮਾ ਜਲ ਸਰੋਤ ਵਿਭਾਗ ,ਗੁਰਜੀਤ ਸਿੰਘ ਗਿੱਲ ਪ੍ਰਧਾਨ ਕਿਸਾਨ ਵਿੰਗ, ਗਗਨ ਧਾਲੀਵਾਲ ਯੂਥ ਵਿੰਗ ਪ੍ਰਧਾਨ, ਦਰਸ਼ਨ ਸਿੰਘ ਟਾਹਲੀ ਅਤੇ ਪ੍ਰਦੀਪ ਸੇਰਪੁਰ ਨੇ ਸੰਬੋਧਨ ਕੀਤਾ। ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਪਾਰਟੀ 'ਚ ਸ਼ਾਮਲ ਹੋਣ ਵਾਲੇ ਹਰ ਇਕ ਵਰਕਰ ਦਾ ਬਰਾਬਰ ਸਤਿਕਾਰ ਕੀਤਾ ਜਾਂਦਾ ਹੈ। 'ਆਪ' 'ਚ ਸ਼ਾਮਲ ਹੋਣ ਵਾਲੇ ਪੰਚ ਅਤੇ ਸਰਪੰਚਾਂ 'ਚ ਸਰਪੰਚ ਕੰਗ, ਦੇਵ ਰਾਜ ਸਰਪੰਚ ਬਾਊਪੁਰ, ਸਰਪੰਚ ਕੋਟਲਾ ਜੰਗਾ ਅਮਰਜੀਤ ਕੌਰ, ਸਰਪੰਚ ਮੁਸੇਵਾਲਾ ਕ੍ਰਿਸ਼ਨਾ ਦੇਵੀ, ਸਰਪੰਚ ਟੁਟ ਕਲਾਂ, ਸਰਪੰਚ ਧਾਲੀਵਾਲ, ਤਲਵਿੰਦਰ ਸਿੰਘ, ਹਰਦੇਵ ਸਿੰਘ ਖੀਵਾ, ਪੂਰਨ ਸਿੰਘ ਸਰਪੰਚ ਗਾਂਧਰਾਂ, ਕੇਵਲ ਕੁਮਾਰ ਮੀਰਾਂਪੁਰ, ਪੁਸਪਾ ਰਾਣੀ ਸਰਪੰਚ ਨਵਾਂ ਪਿੰਡ ਸ਼ੌਕੀਆ, ਸਰਪੰਚ ਥਾਬਲਕੇ ਅਮਰਜੀਤ ਕੌਰ, ਸਰਪੰਚ ਚਾਨੀਆ ਪਿੰਡ ਦਰਸ਼ਨ ਸਿੰਘ, ਸਰਪੰਚ ਢੇਰੀਆਂ ਜਸਵੀਰ ਸਿੰਘ, ਸਰਪੰਚ ਪਿੰਡ ਗਹੀਰ ਧਰਮ ਪਾਲ, ਸਰਪੰਚ ਨੰਗਲ ਜੀਵਾ ਬਲਵੀਰ ਕੌਰ, ਸਰਪੰਚ ਫਾਜ਼ਿਲਪੁਰ ਸ਼ਾਮਲ ਸਨ।

ਕਰਮਜੀਤ ਕੌਰ ਚੌਧਰੀ ਨਿਰਮਲ ਕੁਟੀਆ ਸੀਚੇਵਾਲ ਹੋਏ ਨਤਮਸਤਕ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)

ਲੋਕ ਸਭਾ ਹਲਕਾ ਜਲੰਧਰ ਤੋਂ ਉਪ ਚੋਣ ਲੜ ਰਹੇ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਮਜੀਤ ਕੌਰ ਚੌਧਰੀ ਪਤਨੀ ਮਰਹੂਮ ਸੰਸਦ ਮੈਂਬਰ ਸੰਤੋਖ ਸਿੰਘ ਚੌਧਰੀ ਨਿਰਮਲ ਕੁਟੀਆ ਸੀਚੇਵਾਲ 'ਚ ਨਤਮਸਤਕ ਹੋਏ। ਉਨ੍ਹਾਂ ਇੱਥੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਤੋਂ ਆਸ਼ੀਰਵਾਦ ਲਿਆ। ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਇਲਾਕੇ ਦੀਆਂ ਮੰਗਾਂ ਬਾਰੇ ਇੱਕ ਮੰਗ ਪੱਤਰ ਸੌਂਪਦਿਆ ਕਿਹਾ ਕਿ ਉਹ ਆਪਣੇ ਚੋਣ ਪ੍ਰਚਾਰ ਦੌਰਾਨ ਵਾਤਾਵਰਣ ਨੂੰ ਮੁੱਖ ਮੁੱਦਾ ਬਣਾਉਣ ਕਿਉਂਕਿ ਵਾਤਾਵਰਣ ਦੇ ਪ੍ਰਦੂਸ਼ਣ ਨਾਲ ਲੋਕਾਂ ਦਾ ਜੀਵਨ ਖਤਰੇ ਵਿੱਚ ਪਿਆ ਹੋਇਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਸਾਹਕੋਟ ਤੋਂ ਵਿਧਾਇਕ ਹਰਦੇਵ ਸਿੰਘ ਲਾਡੀ ਸੇਰੋਵਾਲੀਆ, ਜੀਰਾ ਤੋਂ ਸਾਬਕਾ ਵਿਧਾਇਕ ਕੁਲਬੀਰ ਸਿੰਘ ਜੀਰਾ ਅਤੇ ਹੋਰ ਸਖਸ਼ੀਅਤਾਂ ਹਾਜ਼ਰ ਸਨ।

ਗੁਰੂ ਨਗਰੀ 'ਚ ਪਿਛਲੇ ਦੋ ਦਿਨਾਂ ਤੋਂ ਪੀਣ ਵਾਲਾ ਪਾਣੀ ਬੰਦ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)

ਭਰ ਗਰਮੀ 'ਚ ਜਦੋਂ ਲੋਕ ਪਾਣੀ ਤੋਂ ਬਗੈਰ ਕੁਝ ਸਮਾਂ ਵੀ ਨਹੀਂ ਰਹਿ ਸਕਦੇ, ਐਸੇ ਸਮੇਂ 'ਚ ਵਾਟਰ ਸਪਲਾਈ ਮਹਿਕਮੇ ਵੱਲੋਂ ਸੋਮਵਾਰ ਸਾਰਾ ਦਿਨ ਪਾਣੀ ਨਹੀਂ ਦਿੱਤਾ ਗਿਆ, ਕੇਵਲ ਰਾਤ 9 ਵਜੇ ਦੇ ਕਰੀਬ ਹੀ ਪਾਣੀ ਆਇਆ ਤੇ ਮੰਗਲਵਾਰ ਨੂੰ ਦੁਬਾਰਾ ਪਾਣੀ ਬੰਦ ਰਖਿਆ ਗਿਆ ਜੋ ਕਿ ਸ਼ਾਮ 6 ਵਜੇ ਤੱਕ ਵੀ ਨਹੀ ਆਇਆ ਸੀ। ਸ਼ਹਿਰ ਵਾਸੀ ਤਾਂ ਇਸ ਨਾਲ ਪ੍ਰੇਸ਼ਾਨ ਹੁੰਦੇ ਹੀ ਹਨ। ਜਦੋਂ ਸ਼ਹਿਰ 'ਚ ਬਿਜਲੀ ਦਾ ਕੱਟ ਹੁੰਦਾ ਹੈ ਤਾਂ ਵਿਭਾਗ ਵੱਲੋਂ ਇਸ ਦੀ ਅਗਾਊਂ ਸੂਚਨਾ ਪੱਤਰਕਾਰਾਂ ਨੂੰ ਦਿੱਤੀ ਜਾਂਦੀ ਹੈ, ਪਰ ਵਾਟਰ ਸਪਲਾਈ ਮਹਿਕਮੇ ਵੱਲੋਂ ਕਦੇ ਵੀ ਅਜਿਹੀ ਸੂਚਨਾ ਨਹੀ ਦਿੱਤੀ ਜਾਂਦੀ। ਐਕਸੀਅਨ ਹਰਜੀਤਪਾਲ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮੈਨੂੰ ਇਸ ਸੰਬੰਧੀ ਪਤਾ ਨਹੀਂ ਹੈ। ਜਦੋਂ ਉਨ੍ਹਾਂ ਨੂੰ ਕਿਹਾ ਗਿਆ ਕਿ ਦੋ ਦਿਨ ਦਾ ਸ਼ਹਿਰ 'ਚ ਪਾਣੀ ਬੰਦ ਹੈ ਪਰ ਤੁਹਾਨੂੰ ਇਸ ਸੰਬੰਧੀ ਪਤਾ ਹੀ ਨਹੀ ? ਤਾਂ ਉਨ੍ਹਾਂ ਕਿਹਾ ਕਿ ਮੇਰੇ ਧਿਆਨ ਵਿਚ ਇਹ ਨਹੀਂ ਹੈ ਤੁਸੀ ਇਸ ਸੰਬੰਧੀ ਜੇਈ ਨਾਲ ਗੱਲ ਕਰ ਲੋ।

ਲੋਕ ਸਭਾ ਹਲਕਾ ਜਲੰਧਰ ਦੀ ਜ਼ਿਮਨੀ ਚੋਣ ਸਮੇਂ ਸਾਂਝੇ ਫਰੰਟ ਵੱਲੋਂ ਝੰਡਾ ਮਾਰਚ ਦੀ ਤਿਆਰੀਆਂ ਮੁਕੰਮਲ

ਜਲੰਧਰ, ਮਹਿਤਪੁਰ 18 ਅਪ੍ਰੈਲ (ਰਜੇਸ਼ ਥਾਪਾ, ਰਾਜਾ)

ਪੰਜਾਬ-ਯੂ.ਟੀ. ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਲੋਕ ਸਭਾ ਜਲੰਧਰ ਦੀ ਹੋ ਰਹੀ ਜ਼ਿਮਨੀ ਚੋਣ ਸਮੇਂ 23 ਅਪ੍ਰੈਲ ਨੂੰ ਆਦਮਪੁਰ ਵਿਖੇ, 30 ਅਪ੍ਰੈਲ ਨੂੰ ਨਕੋਦਰ ਵਿਖੇ ਅਤੇ 7 ਮਈ ਨੂੰ ਜਲੰਧਰ ਸ਼ਹਿਰ ਵਿਖੇ ਝੰਡਾ ਮਾਰਚ ਕੀਤਾ ਜਾ ਰਿਹਾ ਹੈ। ਇਸ ਝੰਡੇ ਮਾਰਚ ਦੀਆਂ ਤਿਆਰੀਆਂ ਲਈ ਸਾਂਝੇ ਫਰੰਟ ਦੀ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਪੈਨਸ਼ਨਰ ਆਗੂ ਪਿਆਰਾ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਇਸ ਸਾਂਝੇ ਫਰੰਟ ਦੇ ਪ੍ਰੋਗਰਾਮ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ-ਯੂ.ਟੀ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੂਬਾਈ ਆਗੂਆਂ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਮੁਲਾਜ਼ਮ ਆਗੂਆਂ ਨੂੰ ਗੱਲਬਾਤ ਕਰਨ ਦਾ ਸਮਾਂ ਦੇ ਕੇ, ਵਾਰ-ਵਾਰ ਗੱਲਬਾਤ ਕਰਨ ਤੋਂ ਭੱਜਣ ਕਾਰਨ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਪੰਜਾਬ ਦੇ ਮੁਲਾਜ਼ਮ ਅੰਦਰ ਗੁੱਸਾ ਪਾਇਆ ਜਾ ਰਿਹਾ ਹੈ। ਜ਼ਿਮਨੀ ਚੋਣ ਸਮੇਂ ਆਦਮਪੁਰ, ਨਕੋਦਰ ਅਤੇ ਜਲੰਧਰ ਵਿਖੇ ਝੰਡਾ ਮਾਰਚ ਸਮੇਂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਮੰਗਾਂ ਪ੍ਰਤੀ ਅਪਣਾਈ ਜਾ ਰਹੀ ਨਕਾਰਾਤਮਕ ਪਹੁੰਚ ਨੂੰ ਲੋਕਾਂ ਵਿੱਚ ਨੰਗਾ ਕੀਤਾ ਜਾ ਸਕੇ। ਮੀਟਿੰਗ ਵਿੱਚ ਸਾਂਝੇ ਫਰੰਟ ਦੀ ਜ਼ਿਲ੍ਹਾ ਜਲੰਧਰ ਦੀ 41 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਜਿਸ ਦੇ ਪੁਸ਼ਪਿੰਦਰ ਕੁਮਾਰ ਵਿਰਦੀ, ਨਵਪ੍ਰੀਤ ਸਿੰਘ ਬੱਲੀ, ਵੇਦ ਪ੍ਰਕਾਸ਼, ਹਰਿੰਦਰ ਸਿੰਘ ਦੁਸਾਂਝ, ਪਿਆਰਾ ਸਿੰਘ, ਕੁਲਦੀਪ ਵਾਲੀਆ, ਠੋਰੂ ਰਾਮ, ਕੁਲਦੀਪ ਸਿੰਘ ਬਾਹਮਣੀਆਂ ਅਤੇ ਕੁਲਦੀਪ ਵਾਲੀਆ ਨੂੰ ਕਨਵੀਨਰ ਬਣਾਇਆ ਗਿਆ। ਇਸ ਕਮੇਟੀ ਦੇ ਕੋਆਰਡੀਨੇਟਰ ਸੁਰਿੰਦਰ ਕੁਮਾਰ ਪੁਆਰੀ ਅਤੇ ਕੈਸ਼ੀਅਰ ਕੁਲਦੀਪ ਸਿੰਘ ਕੌੜਾ ਨੂੰ ਬਣਾਇਆ ਗਿਆ। ਮੀਟਿੰਗ ਵਿੱਚ ਹਰਿੰਦਰ ਸਿੰਘ ਚੀਮਾ, ਨਿਰਮੋਲਕ ਸਿੰਘ ਹੀਰਾ ਅਵਤਾਰ ਸਿੰਘ, ਤਰਸੇਮ ਮਾਧੋਪੁਰੀ, ਸੰਤੋਖ ਸਿੰਘ, ਅਮਰੀਕ ਸਿੰਘ ਸੋਖੋਂ, ਸੰਦੀਪ ਸਿੰਘ, ਵਿਜੈ ਕੁਮਾਰ, ਜਸਪਾਲ ਸੰਧੂ, ਚਮਨਜੀਤ ਸਿੰਘ, ਰਾਮ ਚੰਦਰ, ਜਗੀਰ ਸਿੰਘ, ਕੁਲਵੀਰ ਸਿੰਘ, ਰਤਨ ਸਿੰਘ, ਭਾਰਤ ਭੂਸਨ ਲਾਡਾ, ਕੰਵਲਜੀਤ ਸੰਗੋਵਾਲ, ਅਮਨਦੀਪ ਬਾਗਪੁਰੀ, ਕੁਲਵਿੰਦਰ ਸਿੰਘ ਜੋਸਨ, ਬਲਵਿੰਦਰ ਸਿੰਘ ਕਾਲੜਾ ਅਤੇ ਪੰਜਾਬ-ਯੂ.ਟੀ. ਮੁਲਾਜਮ ਅਤੇ ਪੈਨਸਨਰ ਸਾਂਝਾ ਫਰੰਟ ਪੰਜਾਬ ਦੇ ਸੂਬਾਈ ਕਨਵੀਨਰ ਬਾਜ ਸਿੰਘ ਖੈਹਿਰਾ ਅਤੇ ਤੀਰਥ ਸਿੰਘ ਬਾਸੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਡਾ. ਬਲਜੀਤ ਕੌਰ ਨੇ ਬਾਲ ਅਧਿਕਾਰ ਕਮਿਸ਼ਨ ਦਾ ਲੋਗੋ ਕੀਤਾ ਜਾਰੀ

ਚੰਡੀਗੜ੍ਹ, (ਗੁਰਜੀਤ ਬਿੱਲਾ)- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਣ ਕੰਪਲੈਕਸ, ਮੋਹਾਲੀ ਵਿਖੇ ਆਯੋਜਿਤ ਇੱਕ ਸਮਾਰੋਹ 'ਚ ਬਾਲ

20-April-PAGE-9.qxd 4/19/2023 10:55 PM Page 1

ਆਟੋ ਯੂਨੀਅਨ ਆਮ ਆਦਮੀ ਪਾਰਟੀ ਦੇ ਹੱਕ 'ਚ ਨਿੱਤਰੀ

ਜਲੰਧਰ, (ਸ਼ੈਲੀ ਐਲਬਰਟ)

ਆਟੋ ਯੂਨੀਅਨ ਜਲੰਧਰ ਵੱਲੋਂ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਆਟੋ ਰਿਕਸ਼ਾ ਚਾਲਕ ਆਪਣੇ ਆਟੋ ਰਿਕਸ਼ਾ ਤੇ ਬੈਨਰ ਲਗਾ ਕੇ ਪਾਰਟੀ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨਗੇ। ਜਲੰਧਰ ਬੱਸ ਸਟੈਂਡ ਵਿਖੇ ਆਈਐਸ ਬੱਗਾ ਵੱਲੋਂ ਆਟੋ ਯੂਨੀਅਨ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਸੁਰਿੰਦਰ ਸਿੰਘ ਨੇ ਚੋਣ ਲਈ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਸਮੇਤ ਸਿੰਘ ਢੋਤ, ਕੰਵਰ ਇਕਬਾਲ ਸ਼ਾਮਲ ਸਨ। ਇਸ ਮੀਟਿੰਗ ਦੌਰਾਨ ਆਟੋ ਯੂਨੀਅਨ ਵੱਲੋਂ ਆਪਣੇ ਆਟੋ ਰਿਕਸ਼ਾ ਦੇ ਪਿੱਛੇ ਪਾਰਟੀ ਦੇ ਚੋਣ ਨਿਸ਼ਾਨ ਦਾ ਪਰਚਾਰ ਕਰਨ ਦਾ ਭਰੋਸਾ ਦਿੱਤਾ। ਮੀਟਿੰਗ ਵਿਚ ਫੈਸਲਾ ਲਿਆ ਗਿਆ ਕਿ ਆਉਣ ਵਾਲੀ ਜਲੰਧਰ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਪੂਰਾ ਸਮਰਥਨ ਦਿੱਤਾ ਜਾਵੇਗਾ ਅਤੇ ਵੱਡੀਆਂ ਵੋਟਾਂ ਦੇ ਫਰਕ ਨਾਲ ਜਿੱਤ ਪਾਰਟੀ ਦੀ ਝੋਲੀ ਵਿਚ ਪਾਈ ਜਾਵੇਗੀ। ਇਸ ਮੌਕੇ ਆਟੋ ਰਿਕਸ਼ਾ ਯੂਨੀਅਨ ਦੇ ਪ੍ਰਧਾਨ ਇੰਦਰ ਸਿੰਘ, ਦਰਸ਼ਨ ਸਿੰਘ, ਜਗਦੀਸ਼ ਕੁਮਾਰ, ਸੁਖਦੇਵ ਸਿੰਘ, ਗੁਰਚਰਨ ਸਿੰਘ, ਹੁਸ਼ਿਆਰ ਸਿੰਘ, ਕੁਲਦੀਪ ਸਿੰਘ, ਗੁਰਚਰਨ ਸਿੰਘ ਬਾਬਾ, ਅਜੈ ਕੁਮਾਰ, ਦੀਪੂ, ਰਾਜਿੰਦਰ ਕੁਮਾਰ ਰਵੀ ਸਭਰਵਾਲ ਸਮੇਤ ਸਮੂਹ ਆਟੋ ਰਿਕਸ਼ਾ ਵਰਕਰ ਸ਼ਾਮਲ ਰਹੇ।

ਸਰਕਾਰੀ ਹਸਪਤਾਲ ਟਾਂਡਾ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਨਾਲ ਵਚਨਬੱਧ : ਡਾ. ਸੈਣੀ

ਟਾਂਡਾ ਉੜਮੁੜ
(ਜਸਵਿੰਦਰ ਸੰਧੂ, ਉਂਕਾਰ ਸਿੰਘ)

ਪੰਜਾਬ ਸਰਕਾਰ ਵੱਲੋਂ ਸਰਕਾਰੀ ਹਸਪਤਾਲ ਟਾਂਡਾ ਦੇ ਅਧੀਨ ਆਉਂਦੇ ਹੈਲਥ ਐਂਡ ਵੈੱਲਨੈੱਸ ਸੈਂਟਰ ਜਾਜਾ ਨੂੰ ਵਧੀਆ ਸਿਹਤ ਸੇਵਾਵਾਂ ਦੇਣ ਤੇ ਪੰਜਾਬ ਵਿੱਚੋਂ ਦੂਸਰਾ ਸਥਾਨ ਆਉਣ 'ਤੇ ਕੋਮਲ ਮਿੱਤਲ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਵੱਲੋਂ ਅੱਜ ਸੀਨੀਅਰ ਮੈਡੀਕਲ ਅਫਸਰ ਡਾ. ਕਰਨ ਕੁਮਾਰ ਸੈਣੀ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਿਵਲ ਸਰਜਨ ਹੁਸ਼ਿਆਰਪੁਰ ਡਾ.ਬਲਵਿੰਦਰ ਕੁਮਾਰ, ਡਾ. ਪਵਨ ਕੁਮਾਰ ਸਹਾਇਕ ਸਿਵਲ ਸਰਜਨ ਹੁਸ਼ਿਆਰਪੁਰ, ਡਾ. ਹਰਬੰਸ ਕੌਰ ਡਿਪਟੀ ਮੈਡੀਕਲ ਕਮਿਸ਼ਨਰ ਹੁਸ਼ਿਆਰਪੁਰ ਹਾਜ਼ਰ ਸਨ। ਇਸ ਸੰਬੰਧੀ ਜਾਣਕਾਰੀ ਦਿੰਦਿਆ ਡਾ. ਕਰਨ ਕੁਮਾਰ ਸੈਣੀ ਨੇ ਦੱਸਿਆ ਕਿ ਕਾਇਆ ਕਲਪ ਸਵੰਡ ਭਾਰਤ ਅਭਿਆਨ ਤਹਿਤ ਪੰਜਾਬ ਸਰਕਾਰ ਵੱਲੋਂ ਗਠਿਤ ਇੱਕ ਟੀਮ ਵੱਲੋਂ ਜਾਜਾ ਹੈਲਥ ਐਂਡ ਵੈੱਲਨੈੱਸ ਸੈਂਟਰ ਦਾ ਮੁਆਇਨਾ ਕੀਤਾ ਗਿਆ ਜਿਸ ਵਿੱਚ ਸਫਾਈ, ਹਾਇਜੀਨ ਅਤੇ ਇਨਫੈਕਸ਼ਨ ਕੰਟਰੋਲ ਸੰਬੰਧੀ ਚੁੱਕੇ ਜਾਂਦੇ ਕਦਮਾਂ ਅਤੇ ਹੋਰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਬਰੀਕੀ ਨਾਲ ਜਾਂਚ ਕੀਤੀ ਗਈ। ਜਿਸ ਤੋਂ ਇਹ ਸੈਂਟਰ ਨਿਰਧਾਰਤ ਮਾਪਦੰਡਾਂ 'ਤੇ ਸਹੀ ਉਤਰਿਆ । ਇਸ ਤੋਂ ਬਾਅਦ ਪੰਜਾਬ ਦੀ ਉੱਚ ਪੱਧਰੀ ਟੀਮ ਵੱਲੋਂ ਇਸ ਨੂੰ ਪੰਜਾਬ ਰਾਜ ਵਿੱਚੋਂ ਦੂਸਰੇ ਸਥਾਨ ਦੀ ਚੋਣ ਕੀਤੀ ਗਈ। ਡਾ. ਸੈਣੀ ਨੇ ਦੱਸਿਆ ਕਿ ਸਰਕਾਰੀ ਹਸਪਤਾਲ ਟਾਂਡਾ ਦੀ ਸਮੁੱਚੀ ਟੀਮ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਨਾਲ ਵਚਨਬੱਧ ਹੈ।

ਕਰਮਜੀਤ ਕੌਰ ਚੌਧਰੀ ਨੂੰ ਚੋਣ ਮੀਟਿੰਗਾਂ 'ਚ ਮਿਲ ਰਿਹਾ ਹੈ ਭਰਵਾਂ ਸਮਰਥਨ

ਫਿਲੌਰ (ਨਿਰਮਲ)

ਜਲੰਧਰ ਵਿਖੇ ਹੋਣ ਜਾ ਰਹੀ ਜ਼ਿਮਨੀ ਚੋਣ ਲਈ ਕਾਂਗਰਸ ਦੀ ਉਮੀਦਵਾਰ ਸ੍ਰੀਮਤੀ ਕਰਮਜੀਤ ਕੌਰ ਚੌਧਰੀ ਨੇ ਜ਼ਿਲ੍ਹੇ ਭਰ 'ਚ ਕਈ ਚੋਣ ਮੀਟਿੰਗਾਂ ਨੂੰ ਸੰਬੋਧਨ ਕੀਤਾ, ਜਿੱਥੇ ਉਨ੍ਹਾਂ ਨੂੰ ਇਲਾਕਾ ਨਿਵਾਸੀਆਂ ਅਤੇ ਪਾਰਟੀ ਮੈਂਬਰਾਂ ਦਾ ਭਰਪੂਰ ਸਮਰਥਨ ਮਿਲਿਆ। ਫਿਲੌਰ ਦੇ ਵਿਧਾਇਕ ਵਿਕਰਮਜੀਤ ਸਿੰਘ ਚੌਧਰੀ ਵੱਲੋਂ ਮੁਠੱਡਾ ਖੁਰਦ, ਕੰਗ ਅਰਾਈਆਂ, ਅਕਲਪੁਰ ਅਤੇ ਬਕਾਪੁਰ ਪਿੰਡਾਂ ਵਿਖੇ ਕਾਂਗਰਸੀ ਉਮੀਦਵਾਰ ਦੇ ਹੱਕ ਵਿੱਚ ਕਈ ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਵੋਟਰਾਂ ਦਾ ਭਾਰੀ ਹੁੰਗਾਰਾ ਦੇਖਣ ਨੂੰ ਮਿਲਿਆ। ਇਸ ਤੋਂ ਇਲਾਵਾ ਕਰਮਜੀਤ ਕੌਰ ਨੇ ਫਿਲੌਰ ਵਿਧਾਨ ਸਭਾ ਹਲਕਾ ਦੇ ਲਾਂਗੜੀਆਂ ਅਤੇ ਮੁਠੱਡਾ ਕਲਾਂ ਵਿਖੇ ਚੋਣ ਮੀਟਿੰਗਾਂ ਕੀਤੀਆਂ, ਜਿੱਥੇ ਉਨ੍ਹਾਂ ਦਾ ਭਰਵਾਂ ਹੁੰਗਾਰਾ ਮਿਲਿਆ। ਕਾਂਗਰਸੀ ਉਮੀਦਵਾਰ ਨੇ ਜਲੰਧਰ ਸ਼ਹਿਰ ਦੇ ਗੁਰਜੇਪਾਲ ਨਗਰ, ਨਿਊ ਜਵਾਹਰ ਨਗਰ ਅਤੇ ਪਾਰਸ ਅਸਟੇਟ ਆਦਿ ਇਲਾਕਿਆਂ 'ਚ ਵੀ ਚੋਣ ਮੀਟਿੰਗਾਂ ਕੀਤੀਆਂ। ਮੀਟਿੰਗਾਂ ਦੌਰਾਨ ਕਰਮਜੀਤ ਚੌਧਰੀ ਨੇ ਕਾਂਗਰਸ ਪਾਰਟੀ ਵੱਲੋਂ ਕੀਤੇ ਗਏ ਵੱਖ-ਵੱਖ ਵਿਕਾਸ ਕਾਰਜਾਂ ਬਾਰੇ ਗੱਲ ਕੀਤੀ। ਮੁਠੱਡਾ ਖੁਰਦ 'ਚ ਮੀਟਿੰਗ 'ਚ ਮੌਜੂਦ ਇੱਕ ਸਮਰਥਕ ਨੇ ਕਿਹਾ ਕਿ ਅਸੀਂ ਕਰਮਜੀਤ ਕੌਰ ਦਾ ਬਹੁਤ ਸਤਿਕਾਰ ਕਰਦੇ ਹਾਂ, ਉਨ੍ਹਾਂ ਨੇ ਹਮੇਸ਼ਾ ਚੌਧਰੀ ਸਾਬ ਦੇ ਨਾਲ ਸਾਡੇ ਲਈ ਕੰਮ ਕੀਤਾ ਹੈ ਅਤੇ ਸਮਾਜ ਦੇ ਲੋਕਾਂ ਦੇ ਜੀਵਨ ਨੂੰ ਸੁਧਾਰਨ ਲਈ ਅਣਥੱਕ ਮਿਹਨਤ ਕੀਤੀ ਹੈ। ਸਾਨੂੰ ਯਕੀਨ ਹੈ ਕਿ ਆਉਣ ਵਾਲੀ ਜ਼ਿਮਨੀ ਚੋਣ ਤੋਂ ਬਾਅਦ ਵੀ ਕਰਮਜੀਤ ਜੀ ਸਾਡੇ ਨੁਮਾਇੰਦੇ ਵਜੋਂ ਇਸ ਪਰੰਪਰਾ ਨੂੰ ਜਾਰੀ ਰੱਖਣਗੇ।

ਸ਼ਹੀਦ ਅਸ਼ਵਨੀ ਕੁਮਾਰ ਬੋਪਾਰਾਏ ਨੂੰ ਕੀਤਾ ਯਾਦ

ਗੁਰਾਇਆ-(ਬਿੰਦਰ ਸੁਮਨ)

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਵੱਲੋਂ ਸ਼ਹੀਦ ਅਸ਼ਵਨੀ ਕੁਮਾਰ ਬੋਪਾਰਾਏ ਦੀ ਸ਼ਹੀਦੀ ਬਰਸੀ ਮੌਕੇ ਸ਼ਹੀਦੀ ਗੇਟ 'ਤੇ ਸੂਹਾ ਲਾਲ ਝੰਡਾ ਲਹਿਰਾਇਆ ਗਿਆ। ਯਾਦਗਾਰੀ ਗੇਟ 'ਤੇ ਫੁੱਲ ਭੇਟ ਕਰਕੇ ਸਹੀਦ ਸਾਥੀ ਨੂੰ ਯਾਦ ਕੀਤਾ ਗਿਆ। ਸਾਥੀ ਅਸ਼ਵਨੀ ਕੁਮਾਰ ਬੋਪਾਰਾਏ ਨੂੰ ਉਸ ਵੇਲੇ ਸ਼ਹੀਦ ਕੀਤਾ ਗਿਆ ਜਦੋਂ ਸ਼ਿੰਗਾਰਾ ਸਿੰਘ ਬੋਪਾਰਾਏ, ਕੁਲਵੰਤ ਸਿੰਘ ਸੰਧੂ ਅਤੇ ਹੋਰਨਾ ਸਾਥੀਆਂ 'ਤੇ ਜਾਨਲੇਵਾ ਹਮਲਾ ਕੀਤਾ ਗਿਆ ਸੀ। ਇਹ ਸਾਥੀ ਗੰਨਾ ਮਿਲ ਸੰਬੰਧੀ ਕਿਸਾਨਾਂ ਦੇ ਹੱਕ 'ਚ ਸਰਗਰਮੀ ਕਰ ਰਹੇ ਸਨ। ਇਸ ਮੌਕੇ ਜਿਲ੍ਹਾ ਸਕੱਤਰ ਜਸਵਿੰਦਰ ਸਿੰਘ ਢੇਸੀ, ਪਰਮਜੀਤ ਰੰਧਾਵਾ, ਸੰਤੋਖ ਸਿੰਘ ਬਿਲਗਾ, ਸ਼ਿਵ ਤਿਵਾੜੀ, ਡਾ. ਸਰਬਜੀਤ ਮੁਠੱਡਾ, ਮੇਜਰ ਫਿਲੌਰ, ਹਰਦੇਵ ਸਿੰਘ ਸੰਧੂ, ਪਰਮਜੀਤ ਬੋਪਾਰਾਏ, ਬਲਵਿੰਦਰ ਸਰਗੂੰਦੀ, ਰਾਮ ਨਾਥ ਦੁਸਾਂਝ, ਮਾ. ਮਲਕੀਅਤ ਸਿੰਘ, ਬਲਵਿੰਦਰ ਸਿੰਘ ਦੁਸਾਂਝ, ਅਮਰੀਕ ਸਿੰਘ ਰੁੜਕਾ, ਮਨਜੀਤ ਸੂਰਜਾ ਆਦਿ ਹਾਜ਼ਰ ਸਨ।

ਇੱਕ ਰਾਤ ਦੋ ਟਰਾਂਸਫਾਰਮਰ ਚੋਰੀ

ਸ਼੍ਰੀ ਚਮਕੌਰ ਸਾਹਿਬ
(ਗੁਰਵਿੰਦਰਪਾਲ ਸਿੰਘ ਬੌਬੀ)

ਬੀਤੀ ਰਾਤ ਚੋਰਾਂ ਨੇ ਨੇੜਲੇ ਪਿੰਡ ਜਟਾਣਾ ਅਤੇ ਜਗਤਪੁਰ ਖੇਤਾਂ 'ਚੋਂ ਮੋਟਰਾਂ ਦੇ ਦੋ ਟਰਾਂਸਫਾਰਮਰ ਚੋਰੀ ਕਰ ਲਏ। ਇਸ ਸੰਬੰਧੀ ਪਿੰਡ ਭੈਰੋਮਾਜਰਾ ਦੇ ਵਸਨੀਕ ਹਰਵਿੰਦਰ ਸਿੰਘ ਨੂਰ ਮੋਟਰ ਵਾਲਿਆਂ ਨੇ ਦੱਸਿਆ ਕਿ ਉਨ੍ਹਾਂ ਦੀ ਜਗਤਪੁਰ ਵਿਖੇ ਜ਼ਮੀਨ ਵਿਚੋਂ ਚੋਰਾਂ ਨੇ ਚਰਨਜੀਤ ਸਿੰਘ ਪੁੱਤਰ ਅਮਰੀਕ ਸਿੰਘਵਾਸੀ ਭੈਰੋਮਾਜਰਾ (ਰੋਪੜ) ਦੇ ਨਾਂਅ 'ਤੇ ਜਾਰੀ ਮੋਟਰ ਕੁਨੈਕਸ਼ਨ ਦਾ ਟਰਾਂਸਫਾਰਮਰ ਖੰਭਿਆਂ ਤੋਂ ਹੇਠਾਂ ਸੁੱਟ ਕੇ ਉਸ 'ਚੋਂ ਕੀਮਤੀ ਸਮਾਨ ਚੋਰੀ ਕਰਕੇ ਲੈ ਗਏ। ਇਸੇ ਤਰ੍ਹਾਂ ਜਟਾਣਾ ਵਿਖੇ ਬਲਵੀਰ ਸਿੰਘ ਪੁੱਤਰ ਅਰਜਨ ਸਿੰਘ ਦੇ ਨਾਂਅ 'ਤੇ ਜਾਰੀ ਮੋਟਰ ਕੁਨੈਕਸ਼ਨ ਦਾ ਟਰਾਂਸਫਾਰਮਰ ਦਾ ਕੀਮਤੀ ਸਮਾਨ ਚੋਰੀ ਕਰਕੇ ਲੈ ਗਏ। ਦੋਵੇਂ ਟਰਾਂਸਫਾਰਮਰ ਚੋਰੀ ਹੋਣ ਦੀ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਜਲਦੀ ਹੀ ਨਵੇਂ ਟਰਾਂਸਫਾਰਮਰ ਲਗਾਉਣ ਦੀ ਬੇਨਤੀ ਕੀਤੀ ਇਸ ਚੋਰੀ ਦੀਆਂ ਘਟਨਾਵਾਂ ਦੀ ਪੁਲਸ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ।

ਅਮਨਜੀਤ ਮੈਮੋਰੀਅਲ ਇੰਟਰ ਸਕੂਲ ਟੀ-20 ਕ੍ਰਿਕਟ ਟੂਰਨਾਮੈਂਟ ਸਮਾਪਤ

ਮੋਹਾਲੀ, (ਗੁਰਜੀਤ ਬਿੱਲਾ)-ਯਾਦਵਿੰਦਰਾ ਪਬਲਿਕ ਸਕੂਲ ਮੁਹਾਲੀ ਨੇ ਇੱਥੇ ਵਾਈਪੀਐਸ, ਮੁਹਾਲੀ ਕ੍ਰਿਕਟ ਗਰਾਊਂਡ ਵਿੱਚ ਕਰਵਾਏ ਗਏ 5ਵੇਂ ਅੰਡਰ-15 ਅਮਨਜੀਤ ਮੈਮੋਰੀਅਲ ਇੰਟਰ ਸਕੂਲ ਟੀ-20 ਕ੍ਰਿਕਟ ਟੂਰਨਾਮੈਂਟ ਵਿੱਚ ਸ਼ਾਨਦਾਰ ਜਿੱਤ ਦਰਜ ਕੀਤੀ। ਇੱਕ ਅਹਿਮ ਤੇ ਫੈਸਲਾਕੁੰਨ ਮੈਚ ਵਿੱਚ, ਵਾਈ.ਪੀ.ਐਸ. ਮੁਹਾਲੀ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ 20 ਓਵਰਾਂ ਵਿੱਚ 146/4 ਦੌੜਾਂ ਬਣਾਈਆਂ ਜਿਸ ਵਿੱਚ ਹਰਜਗਤੇਸ਼ਵਰ ਖਹਿਰਾ ਦੀਆਂ ਮਹਿਜ਼ 55 ਗੇਂਦਾਂ ਵਿੱਚ 8 ਕਲਾਸੀਕਲ ਚੌਕਿਆਂ ਦੀ ਮਦਦ ਨਾਲ ਅਜੇਤੂ ਰਹਿੰਦਿਆਂ 64 ਦੌੜਾਂ ਵਾਲੀ ਸ਼ਾਨਦਾਰ ਪਾਰੀ ਸ਼ਾਮਲ ਹੈ। ਹੋਰ ਮਹੱਤਵਪੂਰਨ ਯੋਗਦਾਨ ਪਾਉਣ ਵਾਲਿਆਂ ਵਿੱਚ ਅਯਾਨ ਸ੍ਰੀਵਾਸਤਵ ਨੇ 21 ਅਤੇ ਆਦੇਸ਼ਵਰ ਸਿੱਧੂ ਨੇ ਕੀਮਤੀ 24 ਦੌੜਾਂ ਬਣਾਈਆਂ। ਵਿਰੋਧੀ ਟੀਮ ਵੱਲੋਂ ਦਿੱਤੇ ਟੀਚੇ ਦਾ ਪਿੱਛਾ ਕਰਦਿਆਂ ਲਰਨਿੰਗ ਪਾਥਸ ਸਕੂਲ ਦੀ ਟੀਮ ਨਿਰਧਾਰਤ 20 ਓਵਰਾਂ ਵਿੱਚ ਮਹਿਜ਼ 93/5 ਦੌੜਾਂ ਹੀ ਬਣਾ ਸਕੀ। ਵਾਈਪੀਐਸ ਮੁਹਾਲੀ ਦੇ ਆਦੇਸ਼ਵਰ ਸਿੰਘ ਸਿੱਧੂ ਨੇ 3 ਵਿਕਟਾਂ ਲਈਆਂ ਅਤੇ ਫਾਈਨਲ ਵਿੱਚ ਮੈਨ ਆਫ ਦਾ ਮੈਚ ਚੁਣਿਆ ਗਿਆ। ਇਸ ਮੌਕੇ ਮੁੱਖ ਮਹਿਮਾਨ ਮੇਜਰ ਜਨਰਲ ਟੀ.ਪੀ.ਐਸ. ਵੜੈਚ, ਡਾਇਰੈਕਟਰ ਵਾਈਪੀਐਸ, ਮੁਹਾਲੀ ਨੇ ਜੇਤੂਆਂ ਨੂੰ ਟਰਾਫੀਆਂ ਵੰਡੀਆਂ। ਜ਼ਿਕਰਯੋਗ ਹੈ ਕਿ ਇਹ ਟੂਰਨਾਮੈਂਟ ਵਾਈਪੀਐਸ ਮੁਹਾਲੀ ਦੇ ਇੱਕ ਪੁਰਾਣੇ ਵਿਦਿਆਰਥੀ ਸਵਰਗੀ ਅਮਨਜੀਤ ਸਿੰਘ ਦੀ ਯਾਦ ਵਿੱਚ ਕਰਵਾਇਆ ਗਿਆ ਸੀ, ਜਿਸ ਦੇ ਮਾਪੇ ਮਨਜੀਤ ਸਿੰਘ ਅਤੇ ਸਤਵਿੰਦਰ ਕੌਰ ਫਾਈਨਲ ਮੈਚ ਦੌਰਾਨ ਵਿਸ਼ੇਸ਼ ਮਹਿਮਾਨ ਸਨ। ਹਰਜਗਤੇਸ਼ਵਰ ਸਿੰਘ ਖਹਿਰਾ ਨੂੰ ਟੂਰਨਾਮੈਂਟ ਦਾ ਸਰਵੋਤਮ ਖਿਡਾਰੀ ਐਲਾਨਿਆ ਗਿਆ, ਜਿਸ ਨੇ 4 ਪਾਰੀਆਂ ਵਿੱਚ 107.79 ਦੀ ਸਟ੍ਰਾਈਕ ਰੇਟ ਨਾਲ 83 ਦੀ ਔਸਤ ਨਾਲ 166 ਦੌੜਾਂ ਬਣਾਈਆਂ। ਇਸ ਆਲ ਰਾਊਂਡਰ ਨੇ 3 ਸਟੰਪਿਗਾਂ ਦੇ ਨਾਲ ਵਿਕਟਾਂ ਦੇ ਪਿੱਛੇ ਵੀ ਸ਼ਾਨਦਾਰ ਯੋਗਦਾਨ ਦਿੱਤਾ ਅਤੇ ਇਸ ਤਰਾਂ ਉਸ ਨੂੰ ਟੂਰਨਾਮੈਂਟ ਦਾ ਸਰਵੋਤਮ ਵਿਕਟਕੀਪਰ ਵੀ ਚੁਣਿਆ ਗਿਆ।

ਵਾਈਪੀਐਸ ਦੇ ਖੱਬੇ ਹੱਥ ਦੇ ਆਰਥੋਡਾਕਸ ਸਮਯਨ ਖੰਡੂਜਾ ਜਿਸ ਨੇ 5 ਮੈਚਾਂ ਵਿੱਚ 12 ਵਿਕਟਾਂ ਲਈਆਂ, ਨੂੰ ਟੂਰਨਾਮੈਂਟ ਦਾ ਸਰਵੋਤਮ ਗੇਂਦਬਾਜ ਦਾ ਪੁਰਸਕਾਰ ਜਿੱਤਿਆ। ਸੌਪਿਨਸ ਸਕੂਲ ਵਿਰੁੱਧ ਸੈਮੀਫਾਈਨਲ ਵਿੱਚ ਨਾਬਾਦ 95 ਦੌੜਾਂ ਬਣਾਉਣ ਵਾਲੇ ਅਨਹਦ ਸਿੰਘ ਨੂੰ ਟੂਰਨਾਮੈਂਟ ਦਾ ਸਰਵੋਤਮ ਬੱਲੇਬਾਜ਼ ਐਲਾਨਿਆ ਗਿਆ। ਐਲਪੀਐਸ, ਮੋਹਾਲੀ ਦਾ ਅਯਾਨ ਰਾਣਾ ਆਪਣੇ ਸਮੁੱਚੇ ਪ੍ਰਦਰਸ਼ਨ ਕਰਕੇ ਟੂਰਨਾਮੈਂਟ ਦਾ ਸਰਵੋਤਮ ਖਿਡਾਰੀ ਬਣਿਆ। ਇਸ ਤੋਂ ਪਹਿਲਾਂ ਪਹਿਲੇ ਸੈਮੀਫਾਈਨਲ ਵਿੱਚ ਵਾਈਪੀਐਸ ਮੁਹਾਲੀ ਨੇ ਸੌਫਿਨਸ ਚੰਡੀਗੜ੍ਹ ਨੂੰ 64 ਦੌੜਾਂ ਨਾਲ ਹਰਾਇਆ ਅਤੇ ਲਰਨਿੰਗ ਪਾਥ ਸਕੂਲ ਮੁਹਾਲੀ ਨੇ ਵਿਵੇਕ ਹਾਈ ਸਕੂਲ ਚੰਡੀਗੜ੍ਹ ਨੂੰ ਫਸਵੇਂ ਮੈਚ ਵਿੱਚ ਸਿਰਫ 2 ਦੌੜਾਂ ਨਾਲ ਹਰਾਇਆ। ਟੂਰਨਾਮੈਂਟ ਵਿੱਚ ਅੱਠ ਟੀਮਾਂ ਨੇ ਭਾਗ ਲਿਆ ਜਿਸ ਵਿੱਚ ਵਾਈਪੀਐਸ ਮੁਹਾਲੀ ਬਲੂ, ਸੌਫਿਨਸ ਸਕੂਲ ਚੰਡੀਗੜ੍ਹ, ਸੇਂਟ ਸਟੀਫਨਜ ਚੰਡੀਗੜ੍ਹ, ਵਿਵੇਕ ਹਾਈ ਸਕੂਲ ਚੰਡੀਗੜ੍ਹ, ਲਰਨਿੰਗ ਪਾਥ ਸਕੂਲ ਮੁਹਾਲੀ, ਏਕੀਆਈਪੀਐਸ ਚੰਡੀਗੜ੍ਹ, ਸੇਂਟ ਸੋਲਜਰ ਚੰਡੀਗੜ੍ਹ ਅਤੇ ਵਾਈਪੀਐਸ ਮੁਹਾਲੀ ਯੈਲੋ ਸ਼ਾਮਲ ਹਨ। ਟੂਰਨਾਮੈਂਟ ਦੀਆਂ ਟੀਮਾਂ ਨੂੰ ਪੂਲ ਏ ਵਿੱਚ 4 ਟੀਮਾਂ ਅਤੇ ਪੂਲ ਬੀ ਵਿੱਚ 4 ਟੀਮਾਂ ਦੇ ਨਾਲ ਦੋ ਪੂਲ ਵਿੱਚ ਵੰਡਿਆ ਗਿਆ ਸੀ। ਹਰੇਕ ਟੀਮ ਨੇ ਸੈਮੀਫਾਈਨਲ ਅਤੇ ਫਾਈਨਲ ਤੋਂ ਇਲਾਵਾ ਘੱਟੋ-ਘੱਟ 3 ਲੀਗ ਮੈਚ ਖੇਡੇ।

ਇਨੋਸੈਂਟ ਹਾਰਟਸ ਸਕੂਲ 'ਚ ਵਿਦਿਆਰਥੀਆ ਨੇ ਮਨਾਇਆ ਵਰਲਡ ਹੈਰੀਟੇਜ-ਡੇ

ਜਲੰਧਰ (ਸ਼ੈਲੀ ਐਲਬਰਟ)

ਇਨੋਸੈਂਟ ਹਾਰਟਸ ਦੇ ਪੰਜਾਂ ਸਕੂਲਾਂ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਕਪੂਰਥਲਾ ਰੋਡ ਅਤੇ ਨੂਰਪੁਰ) ਵਿਚ ਹੈਰੀਟੇਜ ਕਲੱਬ ਦੇ ਵਿਦਿਆਰਥੀਆਂ ਨੇ ਵਰਲਡ ਹੈਰੀਟੇਜ ਡੇ ਮਨਾਇਆ। ਹੈਰੀਟੇਜ ਕਲੱਬ ਦੇ ਅੰਬੈਸਡਰ ਵਿਦਿਆਰਥੀਆਂ ਨੇ ਦੱਸਿਆ ਕਿ ਇਹ ਗਤੀਵਧੀਆਂ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਨੂੰ ਮਨੁੱਖੀ ਸੱਭਿਅਤਾ ਨਾਲ ਸਬੰਧਤ ਇਤਿਹਾਸਕ ਅਤੇ ਸੱਭਿਆਚਾਰਕ ਸਥਾਨਾਂ ਦੀ ਸੁਰੱਖਿਆ ਲਈ ਜਾਗਰੂਕ ਕਰਨਾ ਹੈ।ਇਸ ਮੌਕੇ ਹੈਰੀਟੇਜ ਕਲੱਬ ਦੇ ਵਿਦਿਆਰਥੀਆਂ ਨੇ ਪਾਵਰ ਪੁਆਇੰਟ ਪੇਸ਼ਕਾਰੀ ਰਾਹੀਂ ਪਿਹਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੂੰ ਦੇਸ਼ ਦੀਆਂ ਵਿਰਾਸਤੀ ਭਾਰਤੀ ਸਮਾਰਕਾਂ, ਸੱਭਿਆਚਾਰਕ ਸਥਾਨਾਂ ਬਾਰੇ ਜਾਣਕਾਰੀ ਦਿੱਤੀ। ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਭਾਰਤੀ ਸੰਸਿਕ੍ਰਤੀ 'ਤੇ ਆਧਾਰਿਤ ਅਨੇਕਤਾ ਵਿੱਚ ਏਕਤਾ ਵਿਸ਼ੇ 'ਤੇ ਇੱਕ ਕੋਲਾਜ ਬਣਾਇਆ। ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਕਜਲ ਦਿ ਬ੍ਰੇਨ' ਕੁਇਜ਼ ਮੁਕਾਬਲਾ ਕਰਵਾਇਆ ਗਿਆ। ਸਾਡਾ ਵਿਰਸਾ, ਸਾਡਾ ਸੱਭਿਆਚਾਰ ਥੀਮ ਤਿਹਿਤ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ ਨਾਲ ਜੋੜਨ ਲਈ ਜੰਗ-ਏ-ਆਜ਼ਾਦੀ ਕਰਤਾਰਪੁਰ ਲ

20-APRIL-PAGE-10.qxd 4/19/2023 11:18 PM Page 1

ਸੰਯੁਕਤ ਕਿਸਾਨ ਮੋਰਚੇ ਨੇ ਰੇਲਵੇ ਸਟੇਸ਼ਨ 'ਤੇ ਕੀਤਾ ਪ੍ਰਦਰਸ਼ਨ

ਲੌਂਗੋਵਾਲ (ਕੁਲਦੀਪ ਅਤਰੀ, ਪ੍ਰਦੀਪ ਸੱਪਲ) - ਅੱਜ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਰੇਲ ਰੋਕੋ ਪ੍ਰੋਗਰਾਮ ਨੂੰ ਲਾਗੂ ਕਰਨ ਲਈ, ਸੰਗਰੂਰ ਰੇਲਵੇ ਸਟੇਸ਼ਨ 'ਤੇ ਸੈਂਕੜਿਆਂ ਦੀ ਗਿਣਤੀ ਵਿੱਚ ਔਰਤਾਂ ਤੇ ਮਰਦਾਂ ਨੇ ਜੋਸ਼ੋ ਖਰੋਸ਼ ਨਾਲ 12 ਤੋਂ 4 ਵਜੇ ਤੱਕ ਰੇਲਾਂ ਰੋਕਣ ਦੇ ਪ੍ਰੋਗਰਾਮ ਨੂੰ ਲਾਗੂ ਕੀਤਾ। ਰੇਲਵੇ ਟਰੈਕ 'ਤੇ ਕਿਸਾਨਾਂ ਨੇ ਨਾਅਰੇਬਾਜ਼ੀ ਕਰਦਿਆਂ ਕੇਂਦਰ ਸਰਕਾਰ ਵੱਲੋਂ ਕਣਕ ਦੇ ਭਾਅ ਵਿੱਚ ਲਾਏ ਵੈਲਿਊ ਕੱਟ ਦਾ ਵਿਰੋਧ ਕੀਤਾ ਅਤੇ ਇਸ ਨੂੰ ਖਤਮ ਕਰਨ ਦੀ ਮੰਗ ਕੀਤੀ। ਰੇਲਵੇ ਸਟੇਜ਼ਨ ਸੰਗਰੂਰ 'ਤੇ ਲੱਗੇ ਧਰਨੇ ਵਿੱਚ ਬੀ ਕੇ ਯੂ ਡਕੌਂਦਾ(ਬੁਰਜਗਿੱਲ) ਦੇ ਸੂਬਾ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ, ਜਗਮੋਹਨ ਸਿੰਘ ਪਟਿਆਲਾ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਅਤੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ, ਭੁਪਿੰਦਰ ਸਿੰਘ ਲੌਂਗੋਵਾਲ, ਬੀ ਕੇ ਯੂ ਡਕੌਂਦਾ(ਧਨੇਰ) ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਛੰਨਾਂ, ਕੁੱਲ ਹਿੰਦ ਕਿਸਾਨ ਸਭਾ ਅਜੈਭਵਨ ਦੇ ਸੂਬਾ ਆਗੂ ਹਰਦੇਵ ਸਿੰਘ ਬਖਸ਼ੀਵਾਲਾ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਮੇਜਰ ਸਿੰਘ ਪੁੰਨਾਂਵਾਲ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਲਹਿਲ ਕਲਾਂ, ਬੀ ਕੇ ਯੂ ਲੱਖੋਵਾਲ ਦੇ ਜ਼ਿਲਾ ਆਗੂ ਨਿਰਮਲ ਸਿੰਘ ਘਨੌਰ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਉੱਦਮ ਸਿੰਘ ਸੰਤੋਖਪੁਰਾ, ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਨਰੰਜਣ ਸਿੰਘ ਸਫੀਪੁਰ ਨੇ ਮੰਗ ਕੀਤੀ ਕਿ ਵੈਲਿਊ ਕੱਟ ਨੂੰ ਖਤਮ ਕਰਕੇ ਕਿਸਾਨਾਂ ਨੂੰ ਸਾਰੀਆਂ ਫਸਲਾਂ ਦੀ ਸਵਾਮੀਨਾਥਨ ਦੇ ਸੀ 2 + 50% ਫਾਰਮੂਲੇ ਤਹਿਤ ਸਰਕਾਰੀ ਖਰੀਦ ਦੀ ਗਰੰਟੀ ਦਿੱਤੀ ਜਾਵੇ, 60 ਸਾਲ ਤੋਂ ਉੱਪਰ ਦੀ ਉਮਰ ਦੇ ਕਿਸਾਨਾਂ ਦੀ ਪੈਨਸ਼ਨ ਲਾਈ ਜਾਵੇ, ਦਿੱਲੀ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਵਾਰਾਂ ਨੂੰ ਮੁਆਵਜ਼ਾ ਅਤੇ ਸੰਘਰਸ਼ ਦੌਰਾਨ ਦਰਜ ਹੋਏ ਸਾਰੇ ਕੇਸ ਖਤਮ ਕੀਤੇ ਜਾਣ ।

ਅੱਜ ਭਾਰੀ ਗਰਮੀ ਅਤੇ ਹਾੜ੍ਹੀ ਦਾ ਸੀਜ਼ਨ ਸਿਰ 'ਤੇ ਹੋਣ ਦੇ ਬਾਵਜੂਦ ਵੱਡੀ ਗਿਣਤੀ ਕਿਸਾਨ ਰੇਲ ਰੋਕੋ ਪ੍ਰੋਗਰਾਮ ਵਿੱਚ ਸ਼ਾਮਲ ਹੋਏ । ਅੱਜ ਦੇ ਪ੍ਰੋਗਰਾਮ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਕਰਮ ਸਿੰਘ ਬਲਿਆਲ, ਵਰਿੰਦਰਪਾਲ ਸਿੰਘ ਬਰੜਵਾਲ,ਭਜਨ ਸਿੰਘ ਢੱਡਰੀਆਂ, ਸੰਤ ਰਾਮ ਛਾਜਲਾ, ਹਰਮੇਲ ਸਿੰਘ ਮਹਿਰੋਕ, ਜਰਨੈਲ ਸਿੰਘ ਜਨਾਲ, ਅਮਰੀਕ ਸਿੰਘ ਕਾਂਝਲਾ ਅਤੇ ਚਮਕੌਰ ਸਿੰਘ ਹਥਨ ਨੇ ਵੀ ਸੰਬੋਧਨ ਕੀਤਾ।

ਕਣਕ ਦੀ ਢੋਆ-ਢੁਆਈ ਦਾ ਕੰਮ ਮੱਲਾਂਵਾਲਾ ਮਾਰਕੀਟ ਕਮੇਟੀ ਅਧੀਨ ਆਉਂਦੀਆਂ ਮੰਡੀਆਂ 'ਚ ਨਹੀਂ ਹੋਇਆ ਸ਼ੁਰੂ

ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੇ ਮੰਡੀ ਦਾ ਕੀਤਾ ਦੌਰਾ

ਜ਼ੀਰਾ (ਪਰਮਜੀਤ ਸਿੰਘ ਧੰਜੂ): ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਫਿਰੋਜ਼ਪੁਰ ਦੀ ਮਾਰਕੀਟ ਕਮੇਟੀ ਮੱਲਾਂ ਵਾਲਾ ਅਧੀਨ ਪੈਂਦੀ ਕਾਮਲ ਵਾਲਾ ਮੰਡੀ ਦਾ ਜਥੇਬੰਦੀ ਵੱਲੋਂ ਦੌਰਾ ਕੀਤਾ ਗਿਆ। ਇਸ ਮੌਕੇ ਕਿਸਾਨਾਂ ਤੇ ਆੜ੍ਹਤੀਆ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜ਼ਿਲ੍ਹਾ ਸਕੱਤਰ ਗੁਰਮੇਲ ਸਿੰਘ ਫੱਤੇਵਾਲਾ ਨੇ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਜਿਸ ਦਿਨ ਤੋਂ ਮੰਡੀ ਵਿਚ ਖਰੀਦ ਸ਼ੁਰੂ ਹੋਈ ਹੈ ਉਸ ਦਿਨ ਮੱਲਾਂਵਾਲਾ ਟਰੱਕ ਯੂਨੀਅਨ ਦੀ ਆਪਸੀ ਖਿੱਚੋਤਾਣ ਕਰਕੇ ਕਣਕ ਦੀ ਢੋਆ ਢੁਆਈ ਦਾ ਕੋਈ ਕੰਮ ਸ਼ੁਰੂ ਨਹੀਂ ਹੋਇਆ।

ਮਾਰਕੀਟ ਕਮੇਟੀ ਮੱਲਾਂ ਵਾਲਾ ਅਧੀਨ ਆਉਂਦੀਆਂ ਮੰਡੀਆਂ ਵਿੱਚ ਵੱਡੇ ਪੱਧਰ ਤੇ ਕਣਕ ਦਾ ਸਟੋਕ ਜਮ੍ਹਾ ਹੋਇਆ ਹੈ। ਇਸੇ ਤਰ੍ਹਾਂ ਮਾਰਕੀਟ ਕਮੇਟੀ ਮੱਲਾਂਵਾਲੇ ਦੀਆਂ ਸਾਰੀਆਂ ਮੰਡੀਆ ਦਾ ਹਾਲ ਹੈ। ਕਿਸਾਨ ਆਗੂਆਂ ਅੱਗੇ ਕਿਹਾ ਕਿ ਕੇਦਰ ਸਰਕਾਰ ਵੱਲੋਂ ਪਿਛਲੇ ਦਿਨੀ ਖੜ੍ਹੀ ਕਣਕ ਦੀ ਫਸਲਾਂ ਤੇ ਜ਼ਿਆਦਾ ਬਾਰਸ਼ ਹੋਣ ਕਰਕੇ ਕਿਸਾਨ ਦੀ ਫ਼ਸਲ ਦਾ ਖਰਾਬ ਹੋਣ ਤੇ ਬੋਨਸ ਦੇਣ ਦੀ ਬਜਾਏ ਕੁਆਲਟੀ ਕੱਟ ਲਾ ਕੇ ਕਿਸਾਨਾਂ ਦੇ ਜ਼ਖਮਾਂ 'ਤੇ ਲੂਣ ਲਗਾਇਆ ਹੈ। ਜਿਸ ਦੀ ਅਸੀਂ ਪਹਿਲੇ ਦਿਨ ਤੋਂ ਹੀ ਨਿਖੇਧੀ ਕਰ ਰਹੇ ਹਾਂ। ਪੰਜਾਬ ਸਰਕਾਰ ਨੇ ਕੇਂਦਰ ਦੇ ਲਗਾਏ ਕੱਟ ਦੀ ਭਰਭਾਈ ਕਰਨ ਦਾ ਐਲਾਨ ਕੀਤਾ ਸੀ ਉਸ ਦਾ ਨੋਟੀਫਿਕੇਸ਼ਨ ਕਰਕੇ ਕਿਸਾਨਾਂ ਨੂੰ ਬਗੈਰ ਕੱਟ ਲਗਾਏ ਕਣਕ ਦੀ ਫਸਲ ਦੀ ਪੇਮੈਂਟ ਕੀਤੀ ਜਾਵੇ ਤੇ ਫਸਲਾਂ ਦਾ ਖਰਾਬਾ ਕਿਸਾਨਾਂ ਨੂੰ ਜਲਦੀ ਤੋ ਜਲਦੀ ਦਿੱਤਾ ਜਾਵੇ। ਜ਼ਿਲ੍ਹਾ ਪ੍ਰਸ਼ਾਸਨ ਢੋਆ ਢੁਆਈ ਦਾ ਕੰਮ ਤੁਰੰਤ ਸੁਰੂ ਕਰਵਾਏ। ਜੇਕਰ ਕੇਦਰ ਸਰਕਾਰ ਨੇ ਕੁਆਲਟੀ ਕੱਟ ਵਾਪਸ ਨਾ ਲਿਆ ਜਾ ਫਸਲਾਂ ਦਾ ਖਰਾਬਾ ਨਾ ਦਿੱਤਾ ਤਾਂ ਜਥੇਬੰਦੀ ਐਲਾਨ ਮੁਤਾਬਕ 23-24 ਅਪ੍ਰੈਲ ਨੂੰ ਪੰਜਾਬ ਵਿਚ ਰੇਲਾਂ ਦਾ ਚੱਕਾ ਜਾਮ ਕਰੇਗੀ। ਇਸ ਮੌਕੇ ਗੁਰਮੁੱਖ ਸਿੰਘ ਕਾਮਲ ਵਾਲਾ, ਟਹਿਲ ਸਿੰਘ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ ਆੜ੍ਹਤੀਆ ਤੇ ਹੋਰ ਕਿਸਾਨ ਮਜ਼ਦੂਰ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਨਸ਼ਿਆਂ ਵਿਰੋਧੀ ਜਾਗਰੂਕਤਾ ਮੁਹਿੰਮ ਦੇ ਆਖਰੀ ਦਿਨ ਸਾਈਕਲ ਰੈਲੀ ਕੱਢੀ

ਬਰਨਾਲਾ, (ਰਾਜਿੰਦਰ ਬਰਾੜ, ਰਾਕੇਸ਼ ਨੀਟਾ) ਮਾਨਯੋਗ ਜਸਟਿਸ ਪੰਕਜ ਜੈਨ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਐਡਮਿਨਸਟ੍ਰੇਟਿਵ ਜੱਜ, ਸੈਸ਼ਨਜ਼ ਡਵੀਜ਼ਨ ਬਰਨਾਲਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਬੀ.ਬੀ.ਐੱਸ. ਤੇਜ਼ੀ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਦੀ ਅਗਵਾਈ ਹੇਠ ਅੱਜ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਵਲੋਂ ਨਸ਼ਿਆਂ ਵਿਰੋਧੀ ਜਾਗਰੂਕਤਾ ਸਾਈਕਲ ਰੈਲੀ ਕੱਢੀ ਗਈ, ਜਿਸ ਨੂੰ ਬੀ.ਬੀ.ਐੱਸ. ਤੇਜ਼ੀ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਰੈਲੀ ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਮੁੰਡੇ) ਬਰਨਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੁੜੀਆਂ) ਬਰਨਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧੂ ਪੱਤੀ ਬਰਨਾਲਾ ਅਤੇ ਸਰਕਾਰੀ ਹਾਈ ਸਕੂਲ ਜੁਮਲਾ ਮਲਕਾਨ ਬਰਨਾਲਾ ਦੇ ਵਿਦਿਆਰਥੀਆਂ, ਸਮੂਹ ਜੁਡੀਸ਼ੀਅਲ ਅਫਸਰਾਂ, ਸਟਾਫ ਮੈਂਬਰ, ਪੈਰਾ ਲੀਗਲ ਵਲੰਟੀਅਰਾਂ ਆਦਿ ਨੇ ਹਿੱਸਾ ਲਿਆ। ਬੀ.ਬੀ.ਐੱਸ. ਤੇਜ਼ੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਮਾਨਯੋਗ ਜੱਜ ਪੰਕਜ ਜੈਨ ਵਲੋਂ ਛੇ ਹਫ਼ਤੇ ਚੱਲਣ ਵਾਲੀ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਸੀ ਜਿਸ ਅਧੀਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਵੱਲੋਂ ਵਕੀਲ ਸਾਹਿਬਾਨ ਅਤੇ ਪੈਰਾ ਲੀਗਲ ਵਲੰਟੀਅਰਾਂ ਦੀਆਂ ਟੀਮਾਂ ਬਣਾਈਆਂ ਗਈਆਂ। ਇਨ੍ਹਾਂ ਟੀਮਾਂ ਵਲੋਂ ਜ਼ਿਲ੍ਹਾ ਬਰਨਾਲਾ ਦੇ ਵੱਖ-ਵੱਖ ਪਿੰਡਾਂ ਵਿੱਚ ਜਾਗਰੂਕਤਾ ਸੈਮੀਨਾਰ ਲਗਾਏ ਗਏ ਅਤੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ। ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਅਤੇ ਮਦਰ ਟੀਚਰ ਸਕੂਲ ਬਰਨਾਲਾ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਵੱਖ ਵੱਖ ਥਾਵਾਂ 'ਤੇ ਨੁੱਕੜ ਨਾਟਕਾਂ ਖੇਡੇ ਗਏ ਅਤੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਤੋਂ ਇਲਾਵਾ ਜ਼ਿਲ੍ਹਾ ਬਰਨਾਲਾ ਦੇ ਸਰਕਾਰੀ ਸਕੂਲਾਂ ਦੇ ਲੀਗਲ ਲਿਟਰੇਸੀ ਕਲੱਬ ਇੰਚਾਰਜਾਂ ਦੇ ਸਹਿਯੋਗ ਨਾਲ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸੰਬੰਧੀ ਪੋਸਟਰ ਮੇਕਿੰਗ ਅਤੇ ਸਲੋਗਨ ਰਾਈਟਿੰਗ ਮੁਕਾਬਲੇ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਅੱਜ ਇਸ ਛੇ ਹਫ਼ਤੇ ਚੱਲੇ ਅਭਿਆਨ ਦੇ ਆਖਰੀ ਦਿਨ ਸਾਈਕਲ ਰੈਲੀ ਕੱਢੀ ਗਈ।

ਕਾਤਰਾਂ

ਮਾਤਾ ਜਸਵੰਤ ਕੌਰ ਠੁੱਲੀਵਾਲ ਨਮਿਤ ਭੋਗ ਅੱਜ

ਮਹਿਲ ਕਲਾਂ, (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)-ਮਹਿਲ ਕਲਾਂ ਦੇ ਪ੍ਰਵਾਸੀ ਭਾਰਤੀ ਮਨਦੀਪ ਸਿੰਘ ਸਮਰਾ ਕੈਨੇਡਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾ ਦੇ ਸਤਿਕਾਰਯੋਗ ਨਾਨੀ ਮਾਤਾ ਜਸਵੰਤ ਕੌਰ (90) ਦਾ ਦੇਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਬੀ.ਕੇ.ਯੂ. ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ, ਚੇਅਰਮੈਨ ਜਗਸੀਰ ਸਿੰਘ ਖਾਲਸਾ, ਪ੍ਰਵਾਸੀ ਭਾਰਤੀ ਕੁਲਜਿੰਦਰ ਸਿੰਘ ਕੈਨੇਡਾ, ਇੰਮੀਗ੍ਰੇਸ਼ਨ ਮਾਹਰ ਗਗਨਦੀਪ ਸਿੰਘ ਬੋਪਰਾਏ, ਰਾਜਵਿੰਦਰ ਸਿੰਘ ਸੋਢਾ ਕੈਨੇਡਾ, ਵਿਸ਼ਾਲ ਮਿੱਤਲ ਬਠਿੰਡਾ, ਗੁਰਪਿੰਦਰ ਸਿੰਘ, ਭੁਪਿੰਦਰ ਸਿੰਘ ਭੂਪੀ, ਪਰਮਜੀਤ ਸਿੰਘ ਰੰਗੀਆਂ, ਪਲਵਿੰਦਰ ਸਿੰਘ ਦੁਲੇਅ, ਮਾਲਵਿੰਦਰ ਸਿੰਘ ਮੂਲੋਵਾਲ ਆਦਿ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ । ਮਾਤਾ ਜਸਵੰਤ ਕੌਰ ਨਮਿੱਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 20 ਅਪ੍ਰੈਲ, ਦਿਨ ਵੀਰਵਾਰ ਨੂੰ ਗੁਰਦੁਆਰਾ ਸਾਹਿਬ ਪਿੰਡ ਠੁੱਲੀਵਾਲ (ਬਰਨਾਲਾ) ਵਿਖੇ ਹੋਵੇਗੀ।

ਦਰਬਾਰ ਬਾਬਾ ਲੱਖ ਦਾਤਾ ਪੀਰ ਦਾ ਪਹਿਲਾ ਸੱਭਿਆਚਾਰਕ ਜੋੜ ਮੇਲਾ ਅੱਜ

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ) ਪ੍ਰੈੱਸ ਨਾਲ ਗੱਲਬਾਤ ਕਰਦਿਆਂ ਮੁੱਖ ਸੇਵਾਦਾਰ ਬਾਬਾ ਅਮਨ ਸਾਈ ਨੇ ਦੱਸਿਆ ਕਿ ਦਰਬਾਰ ਬਾਬਾ ਲੱਖ ਦਾਤਾ ਪੀਰ ਜੀ ਦੇ ਪਹਿਲਾ ਸਾਲਾਨਾ ਸੱਭਿਆਚਾਰਕ ਜੋੜ ਮੇਲਾ 20 ਅਪ੍ਰੈਲ ਦਿਨ ਵੀਰਵਾਰ ਨੂੰ ਨੇੜੇ ਗੁ. ਚੁਬਾਰਾ ਸਾਹਿਬ, ਮਾਛੀਵਾੜਾ ਸਾਹਿਬ ਵਿਖੇ ਹੋਵੇਗਾ। ਉਨ੍ਹਾ ਕਿਹਾ ਕਿ ਜਿਸ ਵਿਚ ਕਵਾਲ ਲਾਲੀ ਹੰਸ ਅਤੇ ਲਵਲੀ ਚਿੱਤਰਹਾਰ ਪਾਰਟੀ ਪੀਰਾਂ ਦਾ ਗੁਣਗਾਨ ਕਰਨਗੇ। ਅਤੇ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਨ੍ਹਾਂ ਨੇ ਸਮੂਹ ਸੰਗਤਾਂ ਨੂੰ ਪਹੁੰਚਣ ਦੀ ਬੇਨਤੀ ਕੀਤੀ।

ਫਲੋਰ ਮਿਲਜ ਐਸੋਸੀਏਸ਼ਨ ਦੀ ਸਾਲਾਨਾ ਮੀਟਿੰਗ

ਜਗਰਾਉਂ (ਅਮਿਤ ਖੰਨਾ) ਫਲੋਰ ਮਿਲਜ ਐਸੋਸੀਏਸ਼ਨ ਦੀ ਸਾਲਾਨਾ ਮੀਟਿੰਗ ਹੋਈ। ਮੀਟਿੰਗ ਵਿੱਚ ਪਹੁੰਚੇ ਸਾਰੇ ਮੈਂਬਰਾਂ ਵੱਲੋਂ ਇੱਕ ਵਾਰ ਫਿਰ ਰਾਜੀਵ ਮਲਹੋਤਰਾ ਨੂੰ ਸਰਬਸੰਮਤੀ ਨਾਲ ਪ੍ਰਧਾਨ ਬਣਾਇਆ। ਪ੍ਰਧਾਨ ਰਾਜੀਵ ਮਲਹੋਤਰਾ ਨੇ 12 ਮੈਂਬਰੀ ਕਮੇਟੀ ਬਣਾਈ, ਜਿਸ ਵਿੱਚ ਚੇਅਰਮੈਨ ਬ੍ਰਹਮਪਾਲ,ਵਾਇਸ ਪ੍ਰਧਾਨ ਕਰਨੈਲ ਸਿੰਘ ਧੰਜਲ, ਸੈਕਟਰੀ ਰਮਨਜੋਤ ਸਿੰਘ, ਜੁਆਇੰਟ ਸੈਕਟਰੀ ਸੁਰਿੰਦਰ ਖੰਨਾ, ਕੈਸ਼ੀਅਰ ਕੇ.ਕੇ ਜੈਨ, ਜੁਆਇੰਟ ਕੈਸ਼ੀਅਰ ਸੁਖਪਾਲ ਸਿੰਘ ਖਹਿਰਾ, ਐਡਵਾਇਜਰ ਚਮਨ ਲਾਲ ਬਿੱਟੂ, ਐਗਜਿਊਟਿਵ ਮੈਂਬਰ ਰਾਜ ਕੁਮਾਰ ਗੁਪਤਾ, ਰਾਕੇਸ਼ ਕੁਮਾਰ ਛੀਨਾ, ਕੁਲਵੰਤ ਰਾਏ ਤੇ ਸਾਹਿਲ ਗੁਪਤਾ ਨੂੰ ਬਣਾਇਆ ਗਿਆ ਹੈ।

ਸਾਬਕਾ ਸਰਪੰਚ ਹੰਸ ਰਾਜ ਦੀ ਮਾਤਾ ਦੇ ਦੇਹਾਂਤ 'ਤੇ ਦੁੱਖ ਸਾਂਝਾ ਕੀਤਾ

ਬੁਢਲਾਡਾ, (ਅਸ਼ੋਕ ਲਾਕੜਾ) ਸ਼੍ਰੋਮਣੀ ਅਕਾਲੀ ਦਲ (ਬ) ਦੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਹਲਕੇ ਦੇ ਦੌਰੇ ਦੌਰਾਨ ਪਾਰਟੀ ਵਰਕਰਾਂ ਨਾਲ ਦੁੱਖ ਸੁੱਖ ਸਾਂਝਾ ਕੀਤਾ ਗਿਆ, ਜਿਸ ਤਹਿਤ ਪਾਰਟੀ ਦੇ ਹੰਸ ਰਾਜ ਸਾਬਕਾ ਸਰਪੰਚ ਅਹਿਮਦਪੁਰ ਦੇ ਪਰਵਾਰ ਨਾਲ ਉਨ੍ਹਾਂ ਦੀ ਮਾਤਾ ਦੇ ਸਵਰਗਵਾਸ ਹੋਣ ਉਪਰੰਤ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ (ਬ) ਹਮੇਸ਼ਾ ਆਪਣੇ ਵਰਕਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਜਿੱਥੇ ਹਰ ਕੋਈ ਤੰਗ ਹੋ ਰਿਹਾ ਹੈ, ਉੱਥੇ ਇਸ ਸਰਕਾਰ ਦੀਆਂ ਗ਼ਲਤ ਨੀਤੀਆਂ ਕਾਰਨ ਮੁਸ਼ਕਲਾਂ ਦਾ ਵੀ ਸਾਹਮਣਾ ਹਰ ਵਰਗ ਨੂੰ ਕਰਨਾ ਪੈ ਰਿਹਾ ਹੈ। ਇਸ ਮੌਕੇ ਰਾਮਬਾਗ ਕਮੇਟੀ ਮੁਲਤਾਨੀ ਸਭਾ ਵੱਲੋਂ ਬੀਬਾ ਬਾਦਲ ਨੂੰ ਗ੍ਰਾਂਟ ਲਈ ਮੰਗ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਹਲਕਾ ਇੰਚਾਰਜ ਡਾ. ਨਿਸ਼ਾਨ ਸਿੰਘ, ਜ਼ਿਲ੍ਹਾ ਪ੍ਰਧਾਨ ਗੁਰਮੇਲ ਸਿੰਘ ਫਫੜੇ, ਗੁਰਦੀਪ ਸਿੰਘ ਟੋਡਰਪੁਰ, ਕੌਂਸਲਰ ਰਾਜਿੰਦਰ ਸੈਣੀ ਝੰਡਾ, ਬਿੰਕਰ ਸਿੰਘ ਬੋੜਾਵਾਲ, ਕਰਮਜੀਤ ਸਿੰਘ ਮਾਘੀ, ਸੁਖਦੇਵ ਆਹੂਜਾ, ਖੇਮ ਚੰਦ, ਸ਼ਾਮ ਲਾਲ, ਅਮਨ ਆਹੂਜਾ, ਸੁਸ਼ੀਲ ਆਹੂਜਾ, ਆਸ਼ੂ ਆਹੂਜਾ, ਸ਼ਾਮ ਲਾਲ ਚੁੱਘ, ਅਸ਼ੋਕ ਤਨੇਜਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

ਯੋਗ ਕੈਂਪ ਦਾ ਆਯੋਜਨ 22 ਤੋਂ

ਬੁਢਲਾਡਾ (ਅਸ਼ੋਕ ਲਾਕੜਾ) ਸੀਨੀਅਰ ਸਿਟੀਜਨ ਐਸੋਸੀਏਸ਼ਨ ਵੱਲੋਂ ਇੱਕ ਯੋਗ ਕੈਂਪ 22 ਅਪ੍ਰੈਲ ਤੋਂ 27 ਅਪ੍ਰੈਲ ਤੱਕ ਮਾਤਾ ਕੱਲਰਾਂ ਵਾਲੀ ਧਰਮਸ਼ਾਲਾ (ਕੁਲਾਨਾ ਚੌਕ) ਵਿਖੇ ਲਵਾਇਆ ਜਾ ਰਿਹਾ ਹੈ। ਕੈਂਪ ਵਿੱਚ ਬਾਬਾ ਰਾਮਦੇਵ ਨਾਲ ਜੁੜੇ

20-April-PAGE-11-Majha-2023.qxd 4/19/2023 10:44 PM Page 1

ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਲ ਜਥੇਬੰਦੀਆਂ ਵੱਲੋਂ ਰੇਲਾਂ ਦਾ ਚੱਕਾ ਜਾਮ

ਪਠਾਨਕੋਟ (ਦਵਿੰਦਰ ਸਿੰਘ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਪਠਾਨਕੋਟ ਕੈਂਟ ਸਟੇਸ਼ਨ 12 ਵਜੇ ਤੋਂ 4 ਵਜੇ ਤੱਕ ਰੇਲ ਦਾ ਚੱਕਾ ਪੂਰੀ ਤਰ੍ਹਾਂ ਜਾਮ ਕੀਤਾ ਗਿਆ। ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਦੇ ਆਗੂ ਬਲਦੇਵ ਰਾਜ ਭੋਆ, ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸਾਥੀ ਪਰਮਜੀਤ ਸਿੰਘ ਰਤਨਗੜ੍ਹ ਅਤੇ ਕੁੱਲ ਹਿੰਦ ਕਿਸਾਨ ਸਭਾ ਦੇੜਤ ਸਾਥੀ ਬਲਬੀਰ ਸਿੰਘ ਘਿਆਲਾ ਆਗੂਆਂ ਦੀ ਪ੍ਰਧਾਨਗੀ ਹੇਠ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਕਾਮਰੇਡ ਬਲਵੰਤ ਸਿੰਘ ਘੋਹ ਬਲਬੀਰ ਸਿੰਘ ਬੇੜੀਆਂ, ਕਾਮਰੇਡ ਸੱਤਿਆਦੇਵ ਸੈਣੀ ਬਾਲਕਿਸ਼ਨ, ਸੂਰਤੀ ਸਿੰਘ ਸੋਮ ਰਾਜ ਬੇਮੌਸਮੀ ਬਰਸਾਤ ਦੇ ਕਾਰਨ ਬਰਬਾਦ ਹੋਈ ਫਸਲ ਕਣਕ, ਸਰ੍ਹੋਂ, ਸਬਜ਼ੀਆਂ, ਫਲਦਾਰ ਬਾਗਾਂ ਅਤੇ ਹਾੜ੍ਹੀ ਦੀਆਂ ਸਾਰੀਆਂ ਫਸਲਾਂ ਦਾ ਯੋਗ ਮੁਆਵਜ਼ਾ ਦਿੱਤਾ ਜਾਵੇ, ਕਣਕ ਦੇ ਰੇਟ 'ਤੇ ਲਾਇਆ ਕੱਟ ਖਤਮ ਕੀਤਾ ਜਾਵੇ, ਮੁੱਖ ਮੰਤਰੀ ਪੰਜਾਬ ਦੇ ਕਹੇ ਅਨੁਸਾਰ ਹੇਠਾਂ ਪ੍ਰਸ਼ਾਸਨ ਵਲੋਂ ਖਰਾਬੇ ਦੀ ਠੀਕ ਅਸੈੱਸਮੈਂਟ ਨਹੀਂ ਹੋਈ। ਇਸ ਦਾ ਮਤਲਬ ਹੈ ਕਿ ਪੰਜਾਬ ਸਰਕਾਰ ਦੀ ਕਹਿਣੀ ਅਤੇ ਕਰਨੀ ਵਿਚ ਜ਼ਮੀਨ ਅਸਮਾਨ ਦਾ ਫਰਕ ਹੈ। ਕਿਸਾਨ ਮੁਆਵਜ਼ੇ ਤੋਂ ਵਾਂਝੇ ਰਹਿ ਜਾਣਗੇ, ਖੇਤੀਬਾੜੀ ਨਾਲ ਸਬੰਧਤ ਪੇਂਡੂ ਮਜ਼ਦੂਰਾਂ ਨੂੰ ਵੀ ਯੋਗ ਮੁਆਵਜ਼ਾ ਦਿੱਤਾ ਜਾਵੇ। ਵੱਖ-ਵੱਖ ਕਿਸਾਨ ਆਗੂਆਂ ਨੇ ਸਾਂਝੇ ਤੌਰ ਉੱਤੇ ਐਲਾਨ ਕਰਦਿਆਂ ਕਿਹਾ ਕਿ ਜੇਕਰ ਕੇਂਦਰ ਤੇ ਪੰਜਾਬ ਸਰਕਾਰ ਨੇ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਦਾ ਤੁਰੰਤ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਧਰਨੇ ਨੂੰ ਉਪਰੋਕਤ ਤੋਂ ਇਲਾਵਾ ਸਾਥੀ ਸੁਰਜੀਤ ਸਿੰਘ ਸਕੋਲ, ਕਾਮਰੇਡ ਸ਼ਿਵ ਕੁਮਾਰ, ਦੀਪਕ ਕੁਮਾਰ, ਰਜਿੰਦਰ ਸਿੰਘ, ਮੱਖਣ ਸਿੰਘ, ਬਲਕਾਰ ਚੰਦ ਭਰਿਆਲ ਲਾਹੜੀ, ਪਰਵੀਨ ਕੁਮਾਰ, ਨਰਿੰਜਨ ਸਿੰਘ, ਲਾਲ ਸਿੰਘ, ਯਸ਼ਪਾਲ, ਕੁਲਬੀਰ ਸਿੰਘ ਪਠਾਨੀਆ, ਅਸ਼ਵਨੀ ਕੁਮਾਰ, ਸੋਹਣ ਲਾਲ, ਦਿਲਬਾਗ ਸਿੰਘ ਅਤੇ ਹੋਰ ਸਾਥੀਆਂ ਨੇ ਸੰਬੋਧਨ ਕੀਤਾ।

22 ਨੂੰ ਖਡੂਰ ਸਾਹਿਬ ਵਿਖੇ ਅੰਤਰਰਾਸ਼ਟਰੀ 'ਧਰਤੀ ਦਿਵਸ' ਮਨਾਇਆ ਜਾਵੇਗਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਅਧੀਨ ਚੱਲ ਰਹੇ ਨਿਸ਼ਾਨ-ਏ-ਸਿੱਖੀ ਚੈਰੀਟੇਬਲ ਟਰੱਸਟ, ਕਾਰ ਸੇਵਾ ਖਡੂਰ ਸਾਹਿਬ ਦੇ ਸਕੱਤਰ ਅਵਤਾਰ ਸਿੰਘ ਬਾਜਵਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 22 ਅਪ੍ਰੈਲ ਨੂੰ ਅੰਤਰਰਾਸ਼ਟਰੀ ਪੱਧਰ'ਤੇ ਮਨਾਉਣ ਵਾਲੇ 'ਧਰਤੀ ਦਿਵਸ' ਨੂੰ ਖਡੂਰ ਸਾਹਿਬ ਵਿਖੇ ਮਨਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਉਸ ਸੰਬੰਧੀ ਨਗਰ ਖਡੂਰ ਸਾਹਿਬ ਦੀ ਪੰਚਾਇਤ, ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮੇਨ ਬਜ਼ਾਰ ਦੀ ਕਮੇਟੀ ਦੇ ਮੈਂਬਰਾਂ ਦੀ ਇਕੱਤਰਤਾ ਵਿੱਚ ਵਿਚਾਰਾਂ ਕੀਤੀਆ ਗਈਆਂ। ਇਸ ਮੀਟਿੰਗ ਵਿੱਚ ਸਾਂਝੀ ਵਿਚਾਰ ਰਾਹੀਂ ਸਾਰੇ ਦੁਕਾਨਦਾਰਾਂ, ਰੇਹੜੀ-ਫੜ੍ਹੀ ਵਾਲਿਆਂ ਨੂੰ ਇਸ ਤਰ੍ਹਾਂ ਪ੍ਰੇਰਿਤ ਕਰਨ ਦਾ ਫੈਸਲਾ ਕੀਤਾ ਗਿਆ ਤਾਂ ਜੋ ਉਹ ਆਪੋ ਆਪਣੀਆਂ ਦੁਕਾਨਾਂ ਦੇ ਬਾਹਰ ਕੂੜਾਦਾਨ ਜ਼ਰੂਰ ਰੱਖਣ ਅਤੇ ਸਾਰਾ ਕਚਰਾ, ਕੂੜਾ ਆਦਿ ਵਿੱਚ ਸੰਭਾਲਣ। ਮੀਟਿੰਗ ਦੇ ਅਖੀਰ ਵਿੱਚ ਬਾਬਾ ਸੇਵਾ ਸਿੰਘ ਵੱਲੋਂ ਸਾਰਿਆਂ ਨੂੰ ਕਣਕ ਦਾ ਨਾੜ ਨਾ ਸਾੜਨ ਲਈ ਪ੍ਰੇਰਿਤ ਕੀਤਾ ਗਿਆ। ਇਸ ਪ੍ਰੋਗਰਾਮ ਤਹਿਤ ਨਿਸ਼ਾਨ-ਏ-ਸਿੱਖੀ ਖਡੂਰ ਸਾਹਿਬ ਅਧੀਨ ਚੱਲ ਰਹੀਆਂ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਨਿਸ਼ਾਨ-ਏ-ਸਿੱਖੀ ਇੰਟਰਨੈਸ਼ਨਲ ਸਕੂਲ ਖਡੂਰ ਸਾਹਿਬ ਦੇ ਵਿਦਿਆਰਥੀਆਂ ਵੱਲੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਨੁੱਕੜ ਨਾਟਕ ਕੀਤਾ ਜਾਵੇਗਾ, ਜਿਸ ਵਿੱਚ ਸਫਾਈ ਦੀ ਮਹੱਤਤਾ ਬਾਰੇ ਦੱਸਿਆ ਜਾਵੇਗਾ। ਇਹ ਸਾਰਾ ਪ੍ਰੋਗਰਾਮ ਕਾਰ ਸੇਵਾ ਖਡੂਰ ਸਾਹਿਬ ਦੀ ਅਗਵਾਈ ਵਿੱਚ ਅਤੇ ਖਡੂਰ ਸਾਹਿਬ ਦੀ ਪੰਚਾਇਤ, ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ, ਮੇਨ ਬਾਜ਼ਾਰ ਕਮੇਟੀ ਅਤੇ ਬੀਬੀਆਂ ਦੀਆਂ ਸਭਾਵਾਂ ਦੇ ਸਾਂਝੇ ਸਹਿਯੋਗ ਨਾਲ ਮੁਕੰਮਲ ਹੋਵੇਗਾ।

ਖਾਲਸਾ ਸਾਜਨਾ ਦਿਵਸ ਨੂੰ 'ਨੈਸ਼ਨਲ ਸਿੱਖ ਡੇ' ਵਜੋਂ ਮਾਨਤਾ ਦੇਣ ਲਈ ਯੂਟਾ ਦੇ ਗਵਰਨਰ ਵੱਲੋਂ ਐਲਾਨ ਪੱਤਰ ਜਾਰੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਦੁਨੀਆ ਭਰ ਵਿਚ ਵੱਸਦੇ ਸਿਖਾਂ ਲਈ ਅਮਰੀਕਾ ਤੋਂ ਇਕ ਹੋਰ ਮਾਣ ਵਧਾਉਣ ਵਾਲੀ ਖੁਸ਼ੀ ਦੀ ਖ਼ਬਰ ਆਈ ਜਦੋਂ ਯੂਟਾ ਸਟੇਟ ਦੀ ਸੈਨੇਟ ਅਤੇ ਅਸੰਬਲੀ ਨੇ ਇਕ ਸਾਂਝਾ ਮਤਾ ਪਾਸ ਕਰਕੇ ਹਰ ਸਾਲ 14 ਅਪ੍ਰੈਲ ਨੂੰ ਨੈਸ਼ਨਲ ਸਿੱਖ ਡੇ ਵਜੋਂ ਮਾਨਤਾ ਦਿੱਤੀ। ਇਸੇ ਤਰ੍ਹਾਂ ਯੂਟਾ ਦੇ ਗਵਰਨਰ ਸਪੈਂਸਰ ਜੇ ਕੋਕਸ ਨੇ ਵਿਸਾਖੀ ਨੂੰ ਸਿੱਖ ਡੇ ਦਾ ਐਲਾਨ ਕਰਦਿਆਂ ਪੱਤਰ ਜਾਰੀ ਕੀਤਾ।

ਸਿੱਖ ਫਲਸਫੇ ਵਿਚ ਮਨੁੱਖਤਾ ਨਾਲ ਪਿਆਰ, ਬਰਾਬਰੀ, ਸਹਿਣਸ਼ੀਲਤਾ ਬਾਰੇ ਗੱਲ ਕਰਦਿਆਂ ਅਮਰੀਕੀ ਸੰਵਿਧਾਨ ਅਧੀਨ ਯੂਟਾ ਸਟੇਟ ਵਿਚ ਧਾਰਮਿਕ ਬਰਾਬਰਤਾ ਤੇ ਸਹਿਣਸ਼ੀਲਤਾ ਅਤੇ ਸੱਭਿਆਚਾਰਕ ਸਾਂਝ ਦਾ ਹਵਾਲਾ ਦਿੰਦਿਆਂ ਯੂਟਾ ਸਟੇਟ ਵੱਲੋਂ ਸਿਖਾਂ ਵਲੋਂ ਹਰ ਖੇਤਰ ਵਿਚ ਪਾਏ ਯੋਗਦਾਨ ਨੂੰ ਸਰਾਹੁੰਦਿਆਂ 14 ਅਪ੍ਰੈਲ ਨੂੰ ਸਿੱਖ ਡੇ ਵਜੋਂ ਮਾਨਤਾ ਦਿੱਤੀ ਗਈ ਹੈ ।

ਇਸ ਸਬੰਧੀ ਹੋਏ ਵਿਸ਼ੇਸ਼ ਪ੍ਰੋਗਰਾਮ ਦੀ ਸ਼ੁਰੂਆਤ ਪ੍ਰਤੀਨਿਧੀ ਐਂਜਲਾ ਰੋਮੇਰੋ ਨੇ ਕੀਤੀ ਅਤੇ ਸਾਰਿਆਂ ਨੂੰ ਜੀ ਆਇਆਂ ਨੂੰ ਕਿਹਾ। ਸਟੇਟ ਸੈਨੇਟਰ ਲੂਜ਼ ਐਸਕੈਮਿਲਾ ਨੇ ਵਿਧਾਨ ਸਭਾ ਵਿਚ ਸਾਂਝਾ ਮਤਾ ਪੇਸ਼ ਕੀਤਾ। ਪ੍ਰਤੀਨਿਧੀ ਚੇਰੀਲ ਐਕਟੇਨ ਨੇ ਗਵਰਨਰ ਵਲੋਂ ਐਲਾਨ ਦਾ ਘੋਸ਼ਣਾ ਪੱਤਰ ਜਾਰੀ ਕੀਤਾ। ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਹਿੰਮਤ ਸਿੰਘ ਨੇ ਯੂਟਾ ਸਟੇਟ ਦੇ ਗਵਰਨਰ ਅਤੇ ਸਾਰੇ ਪ੍ਰਤੀਨਿਧੀਆਂ ਦਾ ਧੰਨਵਾਦ ਕੀਤਾ ਅਤੇ ਅੰਤ ਵਿਚ ਪ੍ਰਤੀਨਿਧੀ ਰੋਮੇਰੋ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿਚ ਸਹਿਯੋਗ ਦੇਣ ਲਈ ਖੁਸ਼ੀ ਦਾ ਇਜ਼ਹਾਰ ਕੀਤਾ।

ਸਮਾਗਮ ਵਿਚ ਖਾਸ ਤੌਰ 'ਤੇ ਸ਼ਾਮਿਲ ਹੋਣ ਵਾਲਿਆਂ ਵਿਚ ਅਮਰੀਕੀ ਸੈਨੇਟਰ ਮਾਈਕ ਲੀ; ਸਾਲਟ ਲੇਕ ਕਾਉਂਟੀ ਰਿਪਬਲਿਕਨ ਪਾਰਟੀ ਦੇ ਚੇਅਰਮੈਨ ਕ੍ਰਿਸ ਨੱਲ; ਯੂਟਾ ਸਟੇਟ ਦੇ ਪ੍ਰਤੀਨਿਧੀ ਟਿਮ ਜਿਮੇਨੇਜ਼, ਜੂਡੀ ਵੀਕਸ ਰਹੋਨੇਰ, ਕੁਇੰਨ ਕੋਟਰ, ਐਂਥੋਨੀ ਲੁਬੇਟ; ਯੂਟਾ ਕਾਂਗਰਸਮੈਨ ਬੁਰਗੇਸ ਓਵੇਨਸ; ਵੇਸ ਜਾਰਡਨ ਦੇ ਮੇਅਰ ਡਰਕ ਬਰਟਨ; ਯੂਟਾ ਸਟੇਟ ਰਿਪਬਲਿਕਨ ਚੇਅਰਮੈਨ ਰਾਬਰਟ ਐਕਸਨ; ਯੂਟਾ ਸਟੇਟ ਸਕੂਲ ਬੋਰਡ ਤੋਂ ਕ੍ਰਿਸਟੀਨਾ ਬੋਗੇਸ; ਨਿਊ ਲੈਂਡਰਸ ਆਫ ਅਮਰੀਕਾ ਦੇ ਪ੍ਰਧਾਨ ਕਾਰਲੋਸ ਮੋਰੇਨੋ; ਯੂਟਾ ਕਾਉਂਟੀ ਕਮਿਸ਼ਨਰ ਅਮੇਲਿਆ ਪੋਵੈਰਸ ਗਾਰਡਨਰ; ਯੂਟਾ ਸਟੇਟ ਸੈਨੇਟਰ ਡੈਨ ਮੈਕੇ; ਰਿਵਰਟਨ ਸਿਟੀ ਕਾਉਂਸਿਲਵੂਮਨ ਟਾਵਨੀ ਮੈਕੇ; ਈਗਲਜ਼ ਫੋਰਮ ਤੋਂ ਵ੍ਹਾਈਟ ਕੁੱਕ; ਅਮੇਰਿਕਨ ਫ਼ਾਰ ਪ੍ਰੋਸਪੈਰਿਟੀ ਤੋਂ ਹਾਈਦੀ ਬਲਡਗੀ; ਯੂਨੀਫਾਈਡ ਪੁਲਸ ਡਿਪਾਰਟਮੈਂਟ ਤੋਂ ਸਾਰਜੰਟ ਨਿਕ ਰਾਬਰਟ (ਸ਼ੈਰਿਫ ਦੇ ਉਮੀਦਵਾਰ) ਸਮੇਤ ਅਮਰੀਕਾ ਅਤੇ ਯੂਟਾ ਸਟੇਟ ਦੇ ਸਿਰਕੱਢ ਪਾਲਿਟੀਕਲ ਲੀਡਰ ਸ਼ਾਮਿਲ ਸਨ।

ਦਿੱਲੀ ਵਿਖੇ ਸਮਾਗਮਾਂ ਦੇ ਤੀਜੇ ਦਿਨ ਹੋਈਆਂ ਖਾਲਸਾਈ ਖੇਡਾਂ

ਨਿਹੰਗ ਸਿੰਘ ਦਲਾਂ ਨੇ ਵਿਖਾਏ ਜੰਗਜੂ ਕਰਤਬ, ਗੱਤਕਾ ਟੀਮਾਂ 'ਚ ਹੋਏ ਮੁਕਾਬਲੇ

ਅੰਮ੍ਰਿਤਸਰ/ਦਿੱਲੀ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੇ ਮਹਾਨ ਜਰਨੈਲ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਤੀਸਰੀ ਜਨਮ ਸ਼ਤਾਬਦੀ ਨੂੰ ਸਮਰਪਿਤ ਦਿੱਲੀ ਵਿਖੇ ਕਰਵਾਏ ਗਏ ਸਮਾਗਮਾਂ ਤਹਿਤ ਬੀਤੀ ਸ਼ਾਮ ਖਾਲਸਾਈ ਖੇਡਾਂ ਕਰਵਾਈਆਂ ਗਈਆਂ। ਇਸ ਤੋਂ ਪਹਿਲਾਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਦੀ ਅਗਵਾਈ ਹੇਠ ਨਿਹੰਗ ਸਿੰਘਾਂ ਨੇ ਜੋਲ੍ਹ ਰੋਡ ਤੋਂ ਮਹੱਲਾ ਸਜਾਇਆ, ਜੋ ਡੀਡੀਏ ਗਰਾਊਂਡ ਦਿੱਲੀ ਵਿਖੇ ਪੁੱਜਾ। ਇਥੇ ਪੁੱਜ ਕੇ ਘੋੜਿਆਂ ਦੀਆਂ ਦੌੜਾਂ ਹੋਈਆਂ ਅਤੇ ਨਿਹੰਗ ਸਿੰਘਾਂ ਨੇ ਜੰਗਜੂ ਕਰਤਬ ਦਿਖਾਏ। ਦੇਸ਼ ਦੇ ਵੱਖ ਵੱਖ ਹਿੱਸਿਆਂ ਤੋਂ ਪੁੱਜੇ ਗੱਤਕਾ ਅਖਾੜਿਆਂ ਨੇ ਪ੍ਰਮੁੱਖ ਸ਼ਖਸੀਅਤਾਂ ਦੀ ਹਾਜ਼ਰੀ ਵਿੱਚ ਗਤਕੇ ਦਾ ਪ੍ਰਦਰਸ਼ਨ ਕੀਤਾ। ਗੱਤਕਾ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੀਆਂ ਟੀਮਾਂ ਅਤੇ ਜੇਤੂ ਰਹੇ ਖਿਡਾਰੀਆਂ ਨੂੰ ਪ੍ਰਮੁੱਖ ਸਖਸ਼ੀਅਤਾਂ ਨੇ ਸਨਮਾਨਿਤ ਕੀਤਾ। ਇਨ੍ਹਾਂ ਖੇਡਾਂ ਪ੍ਰਤੀ ਦਿੱਲੀ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਸੀ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਸੰਗਤ ਨੇ ਖਾਲਸਾਈ ਖੇਡਾਂ ਦਾ ਅਨੰਦ ਮਾਣਿਆ।

ਖਾਲਸਾਈ ਖੇਡਾਂ ਮੌਕੇ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ, ਸੀਨੀਅਰ ਅਕਾਲੀ ਆਗੂ ਹੀਰਾ ਸਿੰਘ ਗਾਬੜੀਆ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ, ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਰਣਜੀਤ ਕੌਰ, ਗੁਰਮਿੰਦਰ ਸਿੰਘ ਮਠਾਰੂ, ਦਿੱਲੀ ਕਮੇਟੀ ਮੈਂਬਰ ਸੁਖਵਿੰਦਰ ਸਿੰਘ ਬੱਬਰ, ਕੁਲਦੀਪ ਸਿੰਘ ਭੋਗਲ, ਸੁਖਦੇਵ ਸਿੰਘ ਰਿਆਤ, ਬੀਬੀ ਮਨਦੀਪ ਕੌਰ ਬਖਸ਼ੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਪਰਮਜੀਤ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਸਿਮਰਜੀਤ ਸਿੰਘ, ਮੀਤ ਸਕੱਤਰ ਤੇਜਿੰਦਰ ਸਿੰਘ ਪੱਡਾ, ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਬਾਬਾ ਨਿਹਾਲ ਸਿੰਘ ਸੁਰਸਿੰਘ, ਬਾਬਾ ਮੇਜਰ ਸਿੰਘ ਤਰਨਾ ਦਲ, ਬਾਬਾ ਜੱਸਾ ਸਿੰਘ, ਜਰਨੈਲ ਸਿੰਘ ਵਿਧਾਇਕ, ਮੈਨੇਜਰ ਸੁਖਰਾਜ ਸਿੰਘ, ਦਿੱਲੀ ਸਿੱਖ ਮਿਸ਼ਨ ਦੇ ਇੰਚਾਰਜ ਸੁਰਿੰਦਰਪਾਲ ਸਿੰਘ ਸਮਾਨਾ, ਜਸਵੀਰ ਸਿੰਘ ਲੌਂਗੋਵਾਲ, ਇੰਚਾਰਜ ਮਨਜੀਤ ਸਿੰਘ, ਕਰਤਾਰ ਸਿੰਘ, ਹਰਪਾਲ ਸਿੰਘ ਵਧੀਕ ਮੈਨੇਜਰ ਨਿਸ਼ਾਨ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਆਦਿ ਹਾਜ਼ਰ ਸਨ।

ਡਾ: ਸਤਿੰਦਰ ਕੌਰ ਮਜੀਠੀਆ ਨੇ ਦਾਣਾ ਮੰਡੀ 'ਚ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਸੁਖਜਿੰਦਰਰਾਜ ਸਿੰਘ ਲਾਲੀ ਦੀ ਧਰਮ ਪਤਨੀ ਡਾ: ਸਤਿੰਦਰ ਕੌਰ ਮਜੀਠੀਆ ਵੱਲੋਂ ਦਾਣਾ ਮੰਡੀ ਮਜੀਠਾ ਵਿੱਚ ਆ ਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਮਾਰਕੀਟ ਕਮੇਟੀ ਦੇ ਸਕੱਤਰ ਡਿਪਟੀ ਜ਼ਿਲ੍ਹਾ ਮੰਡੀ ਅਫਸਰ ਰਮਨਦੀਪ ਸਿੰਘ ਥਿੰਦ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਜਿਨ੍ਹਾਂ ਵਿੱਚ ਪਨਗਰੇਨ ਤੋਂ ਨੋਡਲ ਅਫਸਰ ਮੈਡਮ ਮੀਨੂੰ ਸ਼ਰਮਾ, ਅਸੀਸ ਮਹਾਜਨ, ਹਰਮਨਦੀਪ ਸਿੰਘ ਥਿੰਦ, ਇੰਸਪੈਕਟਰ ਪਨਸਪ ਸੁਖਜਿੰਦਰ ਸਿੰਘ, ਇੰਸਪੈਕਟਰ ਵੇਅਰਹਾਊਸ ਰਾਜਨ ਖੰਨਾ, ਮੈਨੇਜਰ ਮਾਰਕਫੈਡ ਹਰਵਿੰਦਰ ਸਿੰਘ, ਮੰਡੀ ਸੁਪਰਵਾਈਜ਼ਰ ਕੁਲਦੀਪ ਸਿੰਘ ਕਾਹਲੋਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਕਣਕ ਦੇ ਖਰੀਦ ਪ੍ਰਬੰਧਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਲਈ। ਬਾਅਦ ਵਿੱਚ ਉਨ੍ਹਾਂ ਨੇ ਮੰਡੀ ਵਿੱਚ ਜਾ ਕੇ ਕਣਕ ਦੀਆਂ ਢੇਰੀਆਂ ਜਿਹੜੀ ਕਣਕ ਵਿਕਣ ਵਾਸਤੇ ਆਈ ਸੀ, ਬਾਰੇ ਜਾਣਿਆ। ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਕੇਂਦਰ ਸਰਕਾਰ ਵੱਲੋਂ ਜਿਹੜਾ ਕੱਟ ਲਗਾਇਆ ਗਿਆ ਹੈ ਉਸ ਦੀ ਭਰਪਾਈ ਪੰਜਾਬ ਸਰਕਾਰ ਆਪਣੇ ਕੋਲੋਂ ਕਰੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਅਵਲ ਮਜੀਠੀਆ, ਬਲਵਿੰਦਰ ਸਿੰਘ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਗੁਰਭੇਜ ਸਿੰਘ ਸਾਬਕਾ ਸਰਪੰਚ, ਸੁਰਿੰਦਰ ਸਿੰਘ ਲਾਲੀ, ਰਾਜਬਲਵਿੰਦਰ ਸਿੰਘ ਮਜੀਠਾ, ਪ੍ਰਤਾਪ ਸਿੰਘ ਕੈਰੋਂ, ਹਰਭਜਨ ਸਿੰਘ ਸਰਕਲ ਇੰਚਾਰਜ, ਮੱਖਣ ਸਿੰਘ, ਹਰਪਾਲ ਸਿੰਘ, ਬਲਵੰਤ ਸਿੰਘ, ਜਸਕਰਨ ਸਿੰਘ, ਆਤੂਤੀਆਂ ਵਿੱਚ ਅਨੂਪ ਸਿੰਘ ਸੰਧੂ, ਜ਼ਸਕਰਨ ਸਿੰਘ ਭੰਗੂ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਦੁਰਗਾ ਦਾਸ ਸਾਬਕਾ ਵਾਈਸ ਚੇਅਰਮੈਨ ਮਾਰਕੀਟ ਕਮੇਟੀ ਮਜੀਠਾ, ਬਲਵਿੰਦਰ ਸਿੰਘ ਭੰਗੂ ਅਤੇ ਰੰਮੀ ਨਾਗ ਆਦਿ ਹਾਜ਼ਰ ਸਨ।

ਮਹਾਤਮਾ ਹੰਸਰਾਜ ਦਾ ਜਨਮ ਦਿਹਾੜਾ ਮਨਾਇਆ

ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)- ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ ਝਬਾਲ ਵਿੱਚ ਡੀਏਵੀ ਸੰਸਥਾ ਦੇ ਥੰਮ੍ਹ ਮਹਾਤਮਾ ਹੰਸਰਾਜ ਦਾ ਜਨਮਦਿਨ ਹਵਨ ਕਰਕੇ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਟੀਚਰ ਇੰਚਾਰਜ ਰੰਜੂ ਸਚਦੇਵਾ ਨੇ ਸਟਾਫ ਮੈਂਬਰਾਂ ਮਨਪ੍ਰੀਤ ਕੌਰ, ਆਰਤੀ ਮਹਾਜਨ, ਸੋਨੀਆ ਸ਼ਰਮਾ, ਸੂਚੀ ਸੂਦ, ਪੂਜਾ ਭਗਤ, ਰਾਜਵੀਰ ਕੌਰ, ਸ

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦਾਸਪੁਰ ਵਿਸ਼ੇਸ਼ ਸਪਲੀਮੈਂਟ

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

Seven Star Grains Pvt. Ltd.
Manufacturer & Exporter Of Rice
Vill. Sakta Chack Kathua (J & K)
Sister Concern-T.K. Paper Mill Kathua
Mob. 92167-21001, 92167-21002

ਤਰਸੇਮ ਮਹਾਜਨ (ਸੀ ਐੱਮ ਡੀ)
ਨਿਤਨ ਮਹਾਜਨ

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

ROSHAN ENTERPRISES NAWAN SHALLA
ਭੁਪਿੰਦਰ ਸਿੰਘ
DEALS IN ELECTRONIC GOODS

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

SHINE ENTERPRISES
G.T. ROAD KAHNUWAN CHOWK GURDASPUR
ਪਵਨ ਕੁਮਾਰ
DEALS IN SPORTS & SCHOOL ITEMS
(M) 98144-45996

PATHANKOT GROUP OF COLLEGES
(Opposite Canada Palace, Jalandhar- Dalhousie Bye Pass Road, Near JMK School, Pathankot
LATE SH SUBHASH MAHAJAN
PATHANKOT POLYTECHNIC COLLEGE, PATHANKOT
(Approved by AICTE & affiliateed to PSBTE & IT Chandigarh)
DIPLOMA COURSES OFFERED IN
• Mechanical Engg • Electrical Engg.
• Civil Engg. • Computer Science & Engg
Lateral Entry for +2 Non-Medical, Vocational & ITI pass Students
PATHANKOT PVT. ITI, PATHANKOT
(Approved by NCVT & affiliateed to PSBTE & IT Chandigarh)
• Electrician • Fitter
• Proposed Courses (Mechanic Diesel)
Qualification : 10th Pass
PATHANKOT COLLEGE OF EDUCATION PATHANKOT
(NAAC Accredited B+Grade & Affiliatted to GNDU Amritsar)
• B.Ed • ETT (D.E1.Ed.)
ADMISSION HELPLINE
Contact No: 9463519263, 85588-31003
E-mail pathankotpolytechcoll@yahoo.in, pathankotcollege@yahoo.co.in
Website: www.pathankotcollege.in

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

ਵਿਪਨ ਵਰਮਾ
ਕਲਾਥ ਮਰਚੈਂਟਸ
ਪੁਰਾਣਾ ਸ਼ਾਲਾ (ਗੁਰਦਾਸਪੁਰ)
ਵਿਪਨ ਵਰਮਾ

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

ਇੰਸਪੈਕਟਰ ਰਣਜੀਤ ਸਿੰਘ (ਸੀ ਆਈ ਡੀ)
ਇੰਸਪੈਕਟਰ ਮਨਮੋਹਨ ਸਿੰਘ (ਸੀ ਆਈ ਡੀ) ਸੇਵਾ ਮੁਕਤ
ਰਣਜੀਤ ਸਿੰਘ (ਸੀ ਆਈ ਡੀ)

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਲੱਖ-ਲੱਖ ਮੁਬਾਰਕਾਂ

THAPAR'S EYE HOSPITAL DINANAGAR
THAPAR
ਅੱਖਾਂ ਦਾ ਹਸਪਤਾਲ
ਨਜ਼ਦੀਕ ਪੁਲਿਸ ਸਟੇਸ਼ਨ, ਜੀ.ਟੀ. ਰੋਡ, ਦੀਨਾਨਗਰ
PHACO MACHINE ਬਿਨਾਂ ਟਾਂਕੇ, ਬਿਨਾਂ ਪੱਟੀ ਕਿੱਟ ਮੋਤੀਏ ਦਾ ਇਲਾਜ
NCT MACHINE ਕਾਲੇ ਮੋਤੀਏ ਦੀ ਜਾਂਚ ਵਾਸਤੇ
RETINA SCAN ਅੱਖ ਦੇ ਪਰਦੇ ਦੀ ਜਾਂਚ ਵਾਸਤੇ
YAG-LASER ਐਨਕਾਂ ਦੀ ਦੁਕਾਨ
COMPUTERISED EYE TESTING ਕੰਪੀਊਟਰਾਈਜ਼ ਅੱਖਾਂ ਦੀ ਜਾਂਚ
ਡਾ. ਥਾਪਰ ਦੁਆਰਾ 5000 ਹਜ਼ਾਰ ਤੋਂ ਵੀ ਵੱਧ ਸਫਲ ਅੱਖਾਂ ਦੇ ਉਪਰੇਸ਼ਨ ਦਾ ਤੁਜਰਬਾ
Dr. Tarsem Thapar
M.B.B.S. M.S (Eye) Phaco Surgeon
Ex.-Sr. Registrar, SGRD Medical College, Amr.

ਧੰਨਵਾਦ ਜੀ
ਮੈਂ ਸਾਰੇ ਸੱਜਣ-ਮਿੱਤਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੈਨੂੰ ਗੁਰਦਾਸਪੁਰ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਹਿਯੋਗ ਦਿੱਤਾ ਹੈ।
ਜਨਕ ਮਹਾਜਨ ਗੁਰਦਾਸਪੁਰ
ਮੋ-98556-24380

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

ਸਰਵਜੀਤ ਸਿੰਘ ਡਿਗਰਾ
ਸੂਬਾ ਵਿੱਤ ਸਕੱਤਰ
ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ
ਸਰਵਜੀਤ ਸਿੰਘ ਡਿਗਰਾ

ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

ਨਰਿੰਦਰ ਕੁਮਾਰ ਸ਼ਰਮਾ
ਜ਼ਿਲ੍ਹਾ ਪ੍ਰਧਾਨ
ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ
ਸਿੱਖਿਆ ਵਿਭਾਗ (ਗੁਰਦਾਸਪੁਰ)
ਨਰਿੰਦਰ ਕੁਮਾਰ ਸ਼ਰਮਾ

ਉਸ਼ਾ, ਸ਼ਵੀ, ਪੂਜਾ ਮਹਾਜਨ, ਸੰਦੀਪ ਪਾਭਾ ਤੇ ਨਮਨ ਮਹਾਜਨ

ਮਹਿਯੋਗੀ ਸੱਜਣ
ਨਸੀਬ ਸਿੰਘ
ਗੁਰਮੀਤ ਸਿੰਘ (ਪੱਤਰਕਾਰ)
ਅਸ਼ੋਕ ਸ਼ਰਮਾ (ਪੱਤਰਕਾਰ)

ਜਨਕ ਮਹਾਜਨ, ਸ਼ਵੀ, ਨਮਨ ਤੇ ਉਸ਼ਾ ਮਹਾਜਨ
ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ

Thakur Das ITO (RTD)
ਵਿਸਾਖੀ ਤੇ ਖਾਲਸਾ ਸਾਜਨਾ ਦਿਵਸ ਦੀਆਂ ਦੇਸ਼-ਵਿਦੇਸ਼ 'ਚ ਵਸਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਮੁਬਾਰਕਾਂ
ਗੁਰਭੇਜ ਸਿੰਘ ਔਲਖ ਸੰਚਾਲਕ ਏਕਨੂਰ ਸੰਸਥਾ

ਰਿਆਤ ਬਾਹਰਾ 'ਵਰਸਿਟੀ ਦੇ ਵਾਈਸ-ਚਾਂਸਲਰ ਵੱਲੋਂ ਸਵੱਛ ਗੰਗਾ ਮਿਸ਼ਨ ਨਾਲ ਐਮ ਓ ਯੂ 'ਤੇ ਹਸਤਾਖਰ

ਕੁਰਾਲੀ (ਮੋਹਨ ਅੱਗਰਵਾਲ ਜੋਗਾ)

ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਪਰਵਿੰਦਰ ਸਿੰਘ ਨੇ ਜਲ ਸ਼ਕਤੀ ਮੰਤਰਾਲੇ ਦੇ ਜਲ ਸਰੋਤ, ਨਦੀ ਵਿਕਾਸ ਅਤੇ ਗੰਗਾ ਪੁਨਰਜੀਵਨ ਵਿਭਾਗ ਦੇ ਰਾਸ਼ਟਰੀ ਮਿਸ਼ਨ ਫਾਰ ਸਵੱਛ ਗੰਗਾ (ਐਨਐਮਸੀਜੀ) ਨਾਲ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ । ਇਸ ਦੌਰਾਨ ਸਵੱਛ ਗੰਗਾ ਲਈ ਰਾਸ਼ਟਰੀ ਮਿਸ਼ਨ ਦੇ ਡਾਇਰੈਕਟਰ ਜਨਰਲ ਅਸ਼ੋਕ ਕੁਮਾਰ ਵੱਲੋਂ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਨੂੰ ਇੱਕ ਸੰਚਾਰ ਭੇਜਿਆ ਗਿਆ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਐਨਐਮਸੀਜੀ ਨੇ ਉੱਚ ਪ੍ਰਮੁੱਖ ਇੰਸਟੀਚਿਊਟਸ ਦੇ ਚਾਂਸਲਰ, ਵਾਈਸ-ਚਾਂਸਲਰ, ਡੀਨ ਅਤੇ ਹੋਰ ਅਕਾਦਮਿਕ ਫੈਸਲੇ ਲੈਣ ਵਾਲਿਆਂ ਨਾਲ ਸੰਪਰਕ ਸਥਾਪਤ ਕਰਕੇ ਇੱਕ ਪਹਿਲਕਦਮੀ ਸ਼ੁਰੂ ਕੀਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਪਹਿਲਕਦਮੀ ਨੂੰ ਭਾਰੀ ਅਤੇ ਬੇਮਿਸਾਲ ਹੁੰਗਾਰਾ ਮਿਲਿਆ ਅਤੇ ਇਹ ਸਭ ਤੋਂ ਵੱਡੇ ਲੋਕ-ਨਦੀ ਪ੍ਰੋਗਰਾਮ ਵਿੱਚੋਂ ਇੱਕ ਸਾਬਤ ਹੋਇਆ। ਇਸ ਮੌਕੇ ਆਰਬੀਯੂ ਦੀ ਤਰਫੋਂ ਐਮਓਯੂ 'ਤੇ ਦਸਤਖਤ ਕਰਨ ਵਾਲੇ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਇਗਨਾਇਟਿੰਗ ਯੰਗ ਮਾਈਂਡਸ, ਨਦੀਆਂ ਦੇ ਪੁਨਰਜੀਵਨ ਪਹਿਲਕਦਮੀ ਦੇ ਤਹਿਤ ਉੱਚ ਅਕਾਦਮਿਕ ਨੇਤਾਵਾਂ ਨਾਲ ਐਮਓਯੂ ਦਸਤਖਤ ਸਮਾਰੋਹ ਦੀ ਪ੍ਰਧਾਨਗੀ ਜਲ ਸ਼ਕਤੀ ਦੇ ਕੇਂਦਰੀ ਮੰਤਰੀ ਗਜੇਂਦਰ ਸਿੰਘ ਨੇ ਕੀਤੀ। ਇਸ ਮੌਕੇ 'ਤੇ ਜਲ ਸ਼ਕਤੀ ਮੰਤਰਾਲੇ ਦੇ ਜਲ ਸਰੋਤ, ਨਦੀ ਵਿਕਾਸ ਅਤੇ ਗੰਗਾ ਪੁਨਰਜੀਵਨ ਵਿਭਾਗ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ। ਵੀਸੀ ਡਾ. ਪਰਵਿੰਦਰ ਸਿੰਘ ਨੇ ਕਿਹਾ ਕਿ ਹੁਣ ਆਰਬੀਯੂ ਗੰਗਾ ਨਦੀ ਨੂੰ ਮੁੜ ਸੁਰਜੀਤ ਕਰਨ ਦੇ ਇੱਕ ਵੱਡੇ ਕਾਰਜ ਨਾਲ ਜੁੜਿਆ ਹੋਇਆ ਹੈ।

ਤਰਲੋਚਨ ਸਿੰਘ ਸਹੋਤਾ ਦੇ ਸਦੀਵੀ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ

ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)

ਇਲਾਕਾ ਮਾਹਿਲਪੁਰ ਚੱਬੇਵਾਲ ਨੂੰ ਉਸ ਵਕਤ ਬਹੁਤ ਵੱਡਾ ਘਾਟਾ ਪਿਆ ਜਦੋਂ ਇਲਾਕੇ ਦੇ ਪਿੰਡ ਫਤਹਿਪੁਰ ਕੋਠੀ ਦੇ ਮੰਨੇ ਪ੍ਰਮੰਨੇ ਸਮਾਜ ਸੇਵੀ ਸਹੋਤਾ ਪਰਵਾਰ ਦੇ ਹਸਮੁੱਖ ਤੇ ਮਿਲਣਸਾਰ ਸੁਭਾਅ ਦੇ ਮਾਲਕ ਮੈਂਬਰ ਤਰਲੋਚਨ ਸਿੰਘ ਸਹੋਤਾ, ਜੋ 1991 ਤੋਂ ਕੈਨੇਡਾ ਕੈਲਗਰੀ ਜਾ ਕੇ ਵਸੇ ਹੋਏ ਸਨ, 64 ਸਾਲ ਦੀ ਉਮਰ ਵਿੱਚ ਅਚਾਨਕ ਸਦੀਵੀ ਵਿਛੋੜਾ ਦੇ ਗਏ। ਉਨ੍ਹਾ ਦੇ ਬੇਵਕਤ ਤੁਰ ਜਾਣ ਨਾਲ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੇ ਇਲਾਕਾ ਨਿਵਾਸੀਆਂ ਵਿੱਚ ਸੋਗ ਦੀ ਲਹਿਰ ਫੈਲ ਗਈ। ਅਜੇ ਕੁਝ ਮਹੀਨੇ ਪਹਿਲਾਂ ਹੀ ਉਨ੍ਹਾ ਦੇ ਪਿਤਾ ਦਰਸ਼ਨ ਸਿੰਘ ਇੱਕ ਮਿਸਾਲੀ ਜ਼ਿੰਦਗੀ ਜਿਊਣ ਦੇ ਬਾਅਦ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਅਤੇ ਉਨ੍ਹਾ ਦੀਆਂ ਅਸਥੀਆਂ ਲੈ ਕੇ ਜਲ ਪ੍ਰਵਾਹ ਕਰਨ ਲਈ ਇੰਡੀਆ ਆਉਣ ਲਈ ਸਹੋਤਾ ਪਰਵਾਰ ਯੋਜਨਾ ਬਣਾ ਰਿਹਾ ਸੀ ਕਿ ਅਚਾਨਕ ਇਹ ਭਾਣਾ ਵਾਪਰ ਗਿਆ। ਸਹੋਤਾ ਪਰਵਾਰ ਆਪਣੇ ਪਿੰਡ ਤੇ ਇਲਾਕੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਤੇ ਹੋਰ ਸਮਾਜਕ ਤੇ ਧਾਰਮਕ ਕੰਮਾਂ ਵਿੱਚ ਨਿਰੰਤਰ ਵਧ ਚੜ੍ਹ ਕੇ ਯੋਗਦਾਨ ਪਾਉਂਦਾ ਤੇ ਲੋੜਵੰਦਾਂ ਦੀ ਮਦਦ ਕਰਦਾ ਰਹਿੰਦਾ ਹੈ।

ਤਰਲੋਚਨ ਸਿੰਘ ਸਹੋਤਾ ਆਪਣੇ ਪਿੱਛੇ ਪਰਵਾਰ ਵਿੱਚ ਪਤਨੀ ਰਸ਼ਪਾਲ ਕੌਰ ਸਹੋਤਾ, ਪੁੱਤਰ ਰਾਜਦੀਪ ਸਿੰਘ ਸਹੋਤਾ, ਧੀ ਹਰਦੀਪ ਕੌਰ ਸਹੋਤਾ ਨੂੰ ਛੱਡ ਗਏ ਹਨ। ਉਨ੍ਹਾ ਦੇ ਮਾਤਾ ਪ੍ਰਕਾਸ਼ ਕੌਰ ਸਹੋਤਾ ਵੀ ਬਿਰਧ ਅਵਸਥਾ 'ਚ ਆਪਣੇ ਸਪੁੱਤਰ ਸਤਪਾਲ ਸਿੰਘ ਸੱਤੀ ਸਹੋਤਾ ਦੇ ਪਰਵਾਰ ਨਾਲ ਕੈਲਗਰੀ ਵਿੱਚ ਹੀ ਰਹਿ ਰਹੇ ਹਨ। ਉਨ੍ਹਾਂ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਪਰਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਦੀ ਮੌਜੂਦਗੀ ਵਿੱਚ ਕੈਲਗਰੀ (ਕੈਨੇਡਾ) ਵਿਖੇ ਹੀ ਕਰ ਦਿੱਤਾ ਗਿਆ। ਉਨ੍ਹਾ ਦੇ ਬੇਵਕਤ ਦੁਖਦਾਈ ਸਦੀਵੀ ਵਿਛੋੜੇ 'ਤੇ ਬਾਬਾ ਮਨੋਹਰ ਦਾਸ ਰਾਣਾ ਚੀਨੀ ਘਾਟੀ ਵਾਲੇ, ਸੰਯੁਕਤ ਕਿਸਾਨ ਮੋਰਚੇ ਦੇ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਉਨ੍ਹਾ ਦੇ ਪਰਮ ਮਿੱਤਰ ਮਲਕੀਤ ਸਿੰਘ ਹੀਰ, ਮੱਖਣ ਸਿੰਘ ਕੋਠੀ, ਗੁਰਮਿੰਦਰ ਕੈਂਡੋਵਾਲ, ਚਰਨਜੀਤ ਸਿੰਘ ਬੰਟੀ ਮੌਲੀ, ਸੋਨੂੰ ਸਹੋਤਾ, ਦੀਪ ਮਹਿਮਦੋਵਾਲ, ਜਸਵੀਰ ਸੀਰਾ, ਦਿਲਬਾਗ ਮਹਿਦੂਦ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਦਿਲੋਂ ਹਮਦਰਦੀ ਦਾ ਇਜ਼ਹਾਰ ਕੀਤਾ।

ਪੁਲਸ ਨੇ ਭਗੌੜਾ ਕਾਬੂ ਕੀਤਾ

ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ)-ਅਦਾਲਤ ਵੱਲੋਂ ਭਗੌੜਾ ਐਲਾਨੇ ਇਕ ਵਿਅਕਤੀ ਨੂੰ ਨੂਰਪੁਰਬੇਦੀ ਪੁਲਸ ਨੇ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁੱਖੀ ਨੂਰਪੁਰਬੇਦੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ 2 ਮਾਰਚ 2017 ਨੂੰ ਵੱਖ-ਵੱਖ ਧਾਰਾਵਾਂ ਹੇਠ ਨੂਰਪੁਰਬੇਦੀ ਪੁਲਸ ਨੇ ਮਨਦੀਪ ਸਿੰਘ ਪੁੱਤਰ ਵਰਿੰਦਰ ਸਿੰਘ ਨਿਵਾਸੀ ਪਿੰਡ ਸੂਰੇਵਾਲ ਡੱਬਰੀ, ਥਾਨਾ ਸ੍ਰੀ ਅਨੰਦਪੁਰ ਸਾਹਿਬ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਸੀ। ਮਗਰ ਉਕਤ ਦੋਸ਼ੀ ਵੱਲੋਂ ਮਾਮਲੇ 'ਚ ਅਦਾਲਤ ਵਿਖੇ ਪੇਸ਼ ਨਾ ਹੋਣ 'ਤੇ ਮਾਨਯੋਗ ਜੱਜ ਨੇ ਉਸਨੂੰ 23 ਜਨਵਰੀ 2023 ਨੂੰ ਭਗੌੜਾ ਐਲਾਨ ਦਿੱਤਾ। ਉਨਾਂ ਦੱਸਿਆ ਕਿ ਨੂਰਪੁਰਬੇਦੀ ਪੁਲਸ ਪਾਰਟੀ 'ਚ ਸ਼ਾਮਲ ਏ.ਐੱਸ.ਆਈ. ਸਮਸ਼ੇਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ ਇਕ ਸੂਚਨਾ ਦੇ ਆਧਾਰ 'ਤੇ ਉਕਤ ਭਗੌੜੇ ਨੂੰ ਸ੍ਰੀ ਅਨੰਦਪੁਰ ਸਾਹਿਬ ਤੋਂ ਝੱਜ ਚੌਕ ਦੀ ਤਰਫ਼ ਆਉਂਦੇ ਸਮੇਂ ਗ੍ਰਿਫ਼ਤਾਰ ਕਰ ਲਿਆ।

ਬਲੱਡ ਬੈਂਕ ਵੱਲੋਂ 172ਵੇਂ ਮਾਸਿਕ ਸਮਾਗਮ ਦੌਰਾਨ 65 ਲੋੜਵੰਦਾਂ ਨੂੰ ਵੰਡਿਆ ਇੱਕ ਮਹੀਨੇ ਦਾ ਰਾਸ਼ਨ

ਫਗਵਾੜਾ (ਡਾ. ਰਮਨ)

ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 172ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਸਮਾਜ ਸੇਵੀ ਤਾਰਾ ਚੰਦ ਚੁੰਬਰ ਅਤੇ ਵਿਸ਼ਵਾਮਿੱਤਰ ਸ਼ਰਮਾ ਨੇ 65 ਲੋੜਵੰਦ ਪਰਵਾਰਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਵੰਡਿਆ। ਇਸ ਦੇ ਨਾਲ ਹੀ ਰਜਿੰਦਰ ਸਿੰਘ ਜਸਵਾਲ ਨੇ ਆਪਣੀ ਦਾਦੀ ਰਤਨ ਕੌਰ ਜਸਵਾਲ ਦੀ ਨਿੱਘੀ ਯਾਦ ਵਿੱਚ ਰਾਸ਼ਨ ਵੰਡਣ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਸਮਾਜ ਸੇਵੀ ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਰਜਿੰਦਰ ਸਿੰਘ ਕੋਛੜ (ਖੰਡ ਵਾਲੇ), ਵਿਸ਼ਵਾਮਿੱਤਰ ਸ਼ਰਮਾ, ਰਾਜੀਵ ਕੁਮਰਾ, ਐਨ.ਆਰ.ਆਈ. ਸਤਪਾਲ ਵਰਮਾ, ਹਰਸ਼ ਵੀਰਜੀ ਛਾਬੜਾ, ਸੋਨੀ ਦੁੱਗਲ ਆਦਿ ਦੇ ਸਹਿਯੋਗ ਨਾਲ ਪਿਛਲੇ ਪੰਦਰਾਂ ਸਾਲਾਂ ਤੋਂ ਮਹੀਨਾਵਾਰ ਰਾਸ਼ਨ ਵੰਡਣ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਮੌਕੇ ਐੱਸ.ਸੀ. ਚਾਵਲਾ, ਮੋਹਨ ਲਾਲ ਤਨੇਜਾ, ਕ੍ਰਿਸ਼ਨ ਕੁਮਾਰ, ਰੂਪ ਲਾਲ, ਸੁਧਾ ਬੇਦੀ, ਰਾਜਪਾਲ ਨਹਿਰਾ ਆਦਿ ਹਾਜ਼ਰ ਸਨ।

ਫਾਲਕਨ ਇੰਟਰਨੈਸ਼ਨਲ ਤੇ ਫਾਊਂਡੇਸ਼ਨ ਸਕੂਲ 'ਚ ਵਿਸਾਖੀ ਸੰਬੰਧੀ ਸਮਾਗਮ

ਸੁਲਤਾਨਪੁਰ ਲੋਧੀ, (ਹਨੀ)

ਫਾਲਕਨ ਇੰਟਰਨੈਸ਼ਨਲ ਸਕੂਲ ਅਤੇ ਫਾਲਕਨ ਫਾਊਂਡੇਸ਼ਨ ਸਕੂਲ ਵਿਖੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਸਮਾਗਮ ਆਯੋਜਿਤ ਕੀਤਾ ਗਿਆ । ਜਿਸ ਦੌਰਾਨ ਬੱਚਿਆਂ ਵੱਲੋਂ ਗਿੱਧਾ ਤੇ ਭੰਗੜਾ ਪੇਸ਼ ਕੀਤਾ ਗਿਆ । ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋਂ ਨੇ ਬੱਚਿਆਂ ਨੂੰ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦੇ ਦਿਹਾੜੇ ਦੀ ਵਧਾਈ ਦਿੱਤੀ ਅਤੇ ਸੱਭਿਆਚਾਰਕ ਪ੍ਰੋਗਰਾਮ 'ਚ ਭਾਗ ਲੈਣ ਵਾਲੇ ਬੱਚਿਆਂ ਦਾ ਸਨਮਾਨ ਕੀਤਾ ਗਿਆ । ਇਸ ਦੌਰਾਨ ਨਰਸਰੀ ਤੇ ਯੂ.ਕੇ.ਜੀ. ਦੇ ਬੱਚਿਆਂ ਦੇ ਆਰਟ ਐਂਡ ਕਰਾਫਟ ਮੁਕਾਬਲੇ ਕਰਵਾਏ ਗਏ, ਜਿਸ ਵਿਚ ਵੱਡੀ ਗਿਣਤੀ 'ਚ ਬੱਚਿਆਂ ਭਾਗ ਲਿਆ । ਇਸ ਮੌਕੇ ਪ੍ਰਿੰਸੀਪਲ ਬਲਜੀਤ ਕੌਰ ਜੋਸਨ, ਮੈਡਮ ਮੋਨਿਕਾ, ਕੋਆਰਡੀਨੇਟਰ ਮੈਡਮ ਰਵਿੰਦਰਜੀਤ ਕੌਰ, ਮੀਰਾ ਪੁਰੀ, ਸੁਨੀਤਾ, ਰਜਨੀ ਧੀਰ, ਜਤਿੰਦਰ ਸਿੰਘ, ਗੁਰਬਚਨ ਸਿੰਘ, ਨਵਜੋਤ ਕੌਰ, ਗੌਤਮ ਜੈਨ, ਜੈਸਮੀਨ ਕੌਰ, ਨਾਇਕਾ, ਮੋਨਿਕਾ, ਮਮਤਾ, ਸੋਨੀਆ, ਪੂਜਾ, ਰੁਪਿੰਦਰਜੀਤ ਕੌਰ, ਮਨੀਸ਼ਾ, ਸੋਨਾ, ਲਵਜੀਤ ਕੌਰ, ਰਸ਼ਮੀ, ਰੀਤੂ, ਕਿਰਨ, ਹਰਪ੍ਰੀਤ ਕੌਰ ਆਦਿ ਸਟਾਫ਼ ਮੈਂਬਰ ਹਾਜਰ ਸਨ।

ਡਾ. ਅੰਬੇਡਕਰ ਦਾ 132ਵਾਂ ਜਨਮ ਦਿਵਸ ਮਨਾਇਆ

ਹੁਸ਼ਿਆਰਪੁਰ (ਓ ਪੀ ਰਾਣਾ)

ਭਾਰਤੀ ਸੰਵਿਧਾਨ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ 132ਵਾਂ ਜਨਮ ਦਿਵਸ ਪਿੰਡ ਬਜਵਾੜਾ ਕਲਾਂ